1. ਮਿਲਾਵਟਾਂ ਨੂੰ ਹਟਾਉਣਾ: ਰਿਵਰਸ ਓਸਮੋਸਿਸ ਦਾ ਸਭ ਤੋਂ ਮਹੱਤਵਪੂਰਣ ਫਾਇਦਾ ਇਹ ਹੈ ਕਿ ਇਹ ਬੈਕਟੀਰੀਆ, ਵਾਇਰਸ, ਲੂਣ ਅਤੇ ਭਾਰੀ ਧਾਤਾਂ ਵਰਗੀਆਂ ਮਿਲਾਵਟਾਂ ਨੂੰ ਹਟਾਉਣ ਦੀ ਸਮਰੱਥਾ ਰੱਖਦਾ ਹੈ। ਇਹ ਉਹਨਾਂ ਖੇਤਰਾਂ ਲਈ ਇੱਕ ਪ੍ਰਭਾਵਸ਼ਾਲੀ ਹੱਲ ਬਣਾਉਂਦਾ ਹੈ ਜਿੱਥੇ ਪਾਣੀ ਦੀ ਗੁਣਵੱਤਾ ਖਰਾਬ ਹੈ ਜਾਂ ਲੂਣ ਦਾ ਪੱਧਰ ਉੱਚਾ ਹੁੰਦਾ ਹੈ।

2. ਸੁਧਰੇ ਸਵਾਦ ਅਤੇ ਗੰਧ: ਰਿਵਰਸ ਓਸਮੋਸਿਸ ਸਿਸਟਮ ਪਾਣੀ ਦੇ ਸੁਆਦ ਅਤੇ ਸੁਗੰਧ ਨੂੰ ਕਾਫੀ ਸੁਧਾਰ ਸਕਦੇ ਹਨ ਕਿਉਂਕਿ ਇਹ ਕਲੋਰਾਈਨ ਗੰਦਗੀ ਅਤੇ ਹੋਰ ਗੰਦਗੀ ਨੂੰ ਹਟਾਉਂਦੇ ਹਨ ਜੋ ਸੁਆਦ 'ਤੇ ਪ੍ਰਭਾਵ ਪਾਉਂਦੀ ਹੈ। ਇਹ ਸੁਧਾਰ ਜ਼ਿਆਦਾ ਲੋਕਾਂ ਨੂੰ ਪਾਣੀ ਪੀਣ ਲਈ ਪ੍ਰੇਰਿਤ ਕਰਦਾ ਹੈ ਜਿਸ ਨਾਲ ਚੰਗੀ ਹਾਈਡਰੇਸ਼ਨ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ।

3. ਸਥਿਰਤਾ: ਬਹੁਤ ਸਾਰੇ ਰਿਵਰਸ ਓਸਮੋਸਸ ਫਿਲਟਰ ਉੱਚ ਤਕਨਾਲੋਜੀਆਂ ਦੀ ਵਰਤੋਂ ਕਰਦੇ ਹਨ ਜੋ ਬੱਚਤ ਅਤੇ ਊਰਜਾ ਖਪਤ ਨੂੰ ਘੱਟ ਕਰਦੀਆਂ ਹਨ। ਕੁਝ ਸਿਸਟਮ ਤਾਂ ਪਾਣੀ ਦੇ ਬਚਾਅ ਨੂੰ ਦੁਬਾਰਾ ਵਰਤਣ ਦੀ ਆਗਿਆ ਦਿੰਦੇ ਹਨ, ਜਿਸ ਨਾਲ ਇਹ ਪਰੰਪਰਾਗਤ ਪਾਣੀ ਦੇ ਇਲਾਜ ਦੇ ਤਰੀਕਿਆਂ ਨਾਲੋਂ ਜ਼ਿਆਦਾ ਸਥਿਰ ਵਿਕਲਪ ਬਣ ਜਾਂਦੇ ਹਨ।

4. ਵਿਭਿੰਨਤਾ: ਰਿਵਰਸ ਓਸਮੋਸਿਸ ਨੂੰ ਵੱਖ-ਵੱਖ ਸੰਦਰਭਾਂ ਵਿੱਚ ਲਾਗੂ ਕੀਤਾ ਜਾ ਸਕਦਾ ਹੈ ਘਰੇਲੂ ਪਾਣੀ ਦੀ ਛਾਣ ਵਾਲੇ ਸਿਸਟਮ ਤੋਂ ਲੈ ਕੇ ਵੱਡੇ ਪੱਧਰ ਦੇ ਸ਼ਹਿਰੀ ਫਿਲਟਰ ਤੱਕ। ਇਸਦੀ ਅਨੁਕੂਲਤਾ ਇਸਨੂੰ ਵਿਸ਼ਾਲ ਐਪਲੀਕੇਸ਼ਨਾਂ ਲਈ ਯੋਗ ਬਣਾਉਂਦੀ ਹੈ ਜਿਸ ਵਿੱਚ ਮਿੱਠੇ ਪਾਣੀ ਨੂੰ ਸਾਫ਼ ਕਰਨ ਅਤੇ ਉਦਯੋਗਿਕ ਪ੍ਰਕਿਰਿਆਵਾਂ ਸ਼ਾਮਲ ਹਨ।

5. ਸਿਹਤ ਮਿਆਰਾਂ ਨਾਲ ਅਨੁਕੂਲਤਾ: ਰਿਵਰਸ ਓਸਮੋਸਿਸ ਫਿਲਟਰ ਸ਼ਹਿਰਾਂ ਨੂੰ ਪਾਣੀ ਦੀ ਗੁਣਵੱਤਾ ਦੇ ਸੰਬੰਧ ਵਿੱਚ ਕਠੋਰ ਸਿਹਤ ਨਿਯਮਾਂ ਨੂੰ ਪੂਰਾ ਕਰਨ ਵਿੱਚ ਮਦਦ ਕਰ ਸਕਦੇ ਹਨ। ਸਾਫ਼ ਪਾਣੀ ਦਾ ਇੱਕ ਭਰੋਸੇਯੋਗ ਸਰੋਤ ਪ੍ਰਦਾਨ ਕਰਕੇ ਇਹ ਲੋਕਾਂ ਦੀ ਸਿਹਤ ਅਤੇ ਸੁਰੱਖਿਆ ਵਿੱਚ ਯੋਗਦਾਨ ਦਿੰਦੇ ਹਨ।

**ਰਿਵਰਸ ਓਸਮੋਸਿਸ ਫਿਲਟਰਾਂ ਦੇ ਨੁਕਸਾਨ**

1. ਉੱਚ ਸ਼ੁਰੂਆਤੀ ਲਾਗਤ: ਇੱਕ ਰਿਵਰਸ ਓਸਮੋਸਿਸ ਫਿਲਟਰ ਤਕਨਾਲੋਜੀ ਵਿੱਚ ਮਹੱਤਵਪੂਰਣ ਨਿਵੇਸ਼ ਦੀ ਲੋੜ ਹੋ ਸਕਦੀ ਹੈ। ਇਹ ਸ਼ੁਰੂਆਤੀ ਲਾਗਤ ਕੁਝ ਲੋਕਾਂ ਲਈ ਬਹੁਤ ਜ਼ਿਆਦਾ ਹੋ ਸਕਦੀ ਹੈ ਖਾਸ ਕਰਕੇ ਛੋਟੇ ਜਾਂ ਆਰਥਿਕ ਤੌਰ 'ਤੇ ਪਿੱਛੇ ਰਹਿ ਗਏ ਲੋਕਾਂ ਲਈ।

2. ਊਰਜਾ ਖਪਤ: ਹਾਲਾਂਕਿ ਊਰਜਾ ਦੀ ਕੁਸ਼ਲਤਾ ਵਿੱਚ ਸੁਧਾਰ ਕਰਨ ਲਈ ਤਕਨਾਲੋਜੀਆਂ ਵਿਕਸਤ ਕੀਤੀਆਂ ਗਈਆਂ ਹਨ ਰਿਵਰਸ ਓਸਮੋਸਿਸ ਫਿਲਟਰ ਫਿਰ ਵੀ ਕਾਫੀ ਊਰਜਾ ਖਪਤ ਕਰਦੇ ਹਨ। ਇਹ ਕਾਰਜਕਾਰੀ ਲਾਗਤ ਵਧਾਉਂਦੀ ਹੈ ਅਤੇ ਊਰਜਾ ਸਰੋਤਾਂ ਨਾਲ ਸੰਬੰਧਿਤ ਵਾਤਾਵਰਨ ਸੰਬੰਧੀ ਚਿੰਤਾਵਾਂ ਨੂੰ ਜਨਮ ਦਿੰਦੀ ਹੈ।

3. ਵੈਸਟ ਜਨਰੇਸ਼ਨ: ਰਿਵਰਸ ਓਸਮੋਸਿਸ ਪ੍ਰਕਿਰਿਆ ਉਹਨਾਂ ਸੰਕਟਾਂ ਦਾ ਕੇਂਦਰੀ ਢੰਗ ਬਣਾਉਂਦੀ ਹੈ ਜੋ ਕਿ ਬਚਾਅ ਦੇ ਰੂਪ ਵਿੱਚ ਹੁੰਦੀ ਹੈ। ਇਸ ਬਚਾਅ ਦਾ ਪ੍ਰਬੰਧਨ ਚੁਣੌਤੀ ਭਰਿਆ ਹੋ ਸਕਦਾ ਹੈ ਅਤੇ ਇਸਨੂੰ ਨਿਕਾਸ ਤੋਂ ਪਹਿਲਾਂ ਵਾਧੂ ਇਲਾਜ ਦੀ ਲੋੜ ਹੋ ਸਕਦੀ ਹੈ, ਜਿਸ ਨਾਲ ਕਾਰਜ ਨੂੰ ਜਟਿਲਤਾ ਆਉਂਦੀ ਹੈ।

4. ਖਣਿਜ ਹਟਾਉਣਾ: ਜਦੋਂ ਕਿ ਰਿਵਰਸ ਉਸਮੋਸਿਸ ਪ੍ਰਭਾਵਸ਼ਾਲੀ ਤਰੀਕੇ ਨਾਲ ਖ਼ਤਰਨਾਕ ਪਦਾਰਥਾਂ ਨੂੰ ਹਟਾਉਂਦਾ ਹੈ ਪਰ ਇਹ ਪਾਣੀ ਵਿੱਚੋਂ ਲਾਭਦਾਇਕ ਖਣਿਜ ਜਿਵੇਂ ਕਿ ਕੈਲਸ਼ੀਅਮ ਅਤੇ ਮੈਗਨੀਸ਼ੀਅਮ ਨੂੰ ਵੀ ਹਟਾਉਂਦਾ ਹੈ। ਇਸ ਨਾਲ ਪਾਣੀ ਵਿੱਚ ਖਣਿਜ ਦੀ ਘਾਟ ਬਾਰੇ ਚਿੰਤਾਵਾਂ ਉਤਪੰਨ ਹੋ ਸਕਦੀਆਂ ਹਨ ਜਿਸ ਨਾਲ ਕੁਝ ਉਪਭੋਗਤਾ ਆਪਣੇ ਪਾਣੀ ਨੂੰ ਇਲਾਜ ਤੋਂ ਬਾਅਦ ਦੁਬਾਰਾ ਖਣਿਜਿਤ ਕਰਨ ਦੀ ਕੋਸ਼ਿਸ਼ ਕਰਦੇ ਹਨ।

5. ਲਗਾਤਾਰ ਮੁਰੰਮਤ ਦੀਆਂ ਲੋੜਾਂ: ਰਿਵਰਸ ਓਸਮੋਸਿਸ ਸਿਸਟਮਾਂ ਨੂੰ ਸਭ ਤੋਂ ਵੱਧ ਕਾਰਗਰੀ ਪ੍ਰਦਰਸ਼ਨ ਯਕੀਨੀ ਬਣਾਉਣ ਲਈ ਨਿਯਮਿਤ ਮੁਰੰਮਤ ਦੀ ਲੋੜ ਹੁੰਦੀ ਹੈ। ਫਿਲਟਰ ਅਤੇ ਮੈਮਬਰੇਨ ਨੂੰ ਸਮੇਂ-ਸਮੇਂ 'ਤੇ ਬਦਲਣਾ ਪੈਂਦਾ ਹੈ, ਜਿਸ ਨਾਲ ਵਾਧੂ ਲਾਗਤ ਹੋ ਸਕਦੀ ਹੈ ਅਤੇ ਤਕਨੀਕੀ ਵਿਸ਼ੇਸ਼ਤਾ ਦੀ ਲੋੜ ਹੋ ਸਕਦੀ ਹੈ।

ਰਿਵਰਸ ਓਸਮੋਸਿਸ ਫਿਲਟਰਾਂ ਦੇ ਫਾਇਦੇ ਅਤੇ ਨੁਕਸਾਨਾਂ ਦੇ ਆਧਾਰ ਤੇ ਇਹ ਮਹੱਤਵਪੂਰਣ ਹੈ ਕਿ ਲੋਕ ਸਥਾਨਕ ਪਾਣੀ ਦੀਆਂ ਲੋੜਾਂ, ਬਜਟ ਦੀਆਂ ਸੀਮਾਵਾਂ ਅਤੇ ਵਾਤਾਵਰਨ ਦੇ ਪ੍ਰਭਾਵਾਂ 'ਤੇ ਧਿਆਨ ਦੇਣ। ਰਿਵਰਸ ਉਸਮੋਸਿਸ ਤਕਨਾਲੋਜੀ ਪਾਣੀ ਦੀ ਗੁਣਵੱਤਾ ਵਿੱਚ ਸੁਧਾਰ ਕਰਨ ਲਈ ਇੱਕ ਯੋਗ ਹੱਲ ਪ੍ਰਦਾਨ ਕਰਦੀ ਹੈ ਪਰੰਤੂ ਇਸਦੀ ਚੁਣੌਤੀਆਂ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਸੰਬੋਧਨ ਕਰਨ ਲਈ ਸੁਚੱਜਾ ਯੋਜਨਾ ਅਤੇ ਪ੍ਰਬੰਧਨ ਵੀ ਮਹੱਤਵਪੂਰਣ ਤੇ ਨਿਹਾਇਤ ਜਰੂਰੀ ਹੈ।

ਮੌਜੂਦਾ ਯੁੱਗ ਵਿੱਚ ਪਾਣੀ ਦੇ ਸਾਫ਼ ਕਰਨ 'ਤੇ ਚਰਚਾਵਾਂ ਜਾਰੀ ਰਹਿੰਦੀਆਂ ਹਨ ਹਿੱਸੇਦਾਰਾਂ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਉਹ ਜਾਣਕਾਰੀ ਵਾਲੇ ਸੰਵਾਦ ਵਿੱਚ ਸ਼ਾਮਿਲ ਹੋਣ ਤਾਂ ਜੋ ਸਭ ਲਈ ਸੁਰੱਖਿਅਤ ਅਤੇ ਸਥਿਰ ਪਾਣੀ ਦੀ ਪਹੁੰਚ ਯਕੀਨੀ ਬਣਾਈ ਜਾ ਸਕੇ। ਚਾਹੇ ਰਿਵਰਸ ਓਸਮੋਸਿਸ ਦੁਆਰਾ ਜਾਂ ਵਿਕਲਪੀ ਤਰੀਕਿਆਂ ਦੁਆਰਾ ਉਦੇਸ਼ ਸਾਫ਼, ਸੁਰੱਖਿਅਤ ਪਾਣੀ ਪ੍ਰਦਾਨ ਕਰਨਾ ਹੀ ਰਹਿੰਦਾ ਹੈ ਜੋ ਮੌਜੂਦਾ ਅਤੇ ਭਵਿੱਖ ਦੇ ਪੀੜ੍ਹੀਆਂ ਲਈ ਉਪਯੋਗ ਹੋਵੇ।

**-ਸੁਰਿੰਦਰਪਾਲ ਸਿੰਘ , ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ।**

# ਭਾਈ ਗੁਰਦੀਪ ਸਿੰਘ ਬਠਿੰਡਾ ਵੱਲੋਂ 2 ਜੂਨ ਨੂੰ ਪਿੰਡ ਰੋਡੇ ਪਹੁੰਚਣ ਦੀ ਅਪੀਲ



**ਬਠਿੰਡਾ, 27 ਮਈ (ਆਵਾਜ਼ਿ ਕੌਮ ਬਿਊਰੋ)**-ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਅਤੇ ਸਮੂਹ ਇੰਟਰਨੈਸ਼ਨਲ ਪੰਥਕ ਦਲ ਦਾ ਬਾਬਾ ਜੋਗਿੰਦਰ ਸਿੰਘ ਜੀ ਦਾ ਸਮੁੱਚਾ ਪਰਿਵਾਰ ਅਤੇ ਨਗਰ ਨਿਵਾਸੀ ਪਿੰਡ ਰੋਡੇ ਵੱਲੋ ਵੀਹਵੀ ਸਦੀ ਦੇ ਮਹਾਨ ਜਰਨੈਲ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ ਜਨਮਦਿਨ ਪਿੰਡ ਰੋਡੇ ਦਾਣਾ ਮੰਡੀ ਵਿੱਚ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਹੈ ਯੂਨਾਈਟਿਡ ਅਕਾਲੀ ਦਲ ਦੇ ਪ੍ਰਧਾਨ ਭਾਈ ਗੁਰਦੀਪ ਸਿੰਘ ਬਠਿੰਡਾ ਨੇ ਸਾਰੇ ਪਾਰਟੀ ਵਰਕਰਾਂ ਸਮੇਤ ਸਮੂਹ ਧਰਮਿਕ ਸਖਸ਼ੀਅਤਾਂ,ਪੰਥਕ ਜੱਥੇਬੰਦੀਆ, ਕਿਸਾਨ ਜਥੇਬੰਦੀਆਂ ਅਤੇ ਪੰਜਾਬ ਪ੍ਰਤੀ ਸੁਹਿਰਦ ਸਖ਼ਸ਼ੀਅਤਾਂ ਅਤੇ ਜੱਥੇਬੰਦੀਆ ਨੂੰ 2 ਜੂਨ ਨੂੰ ਸਵੇਰੇ 10 ਵਜੇ ਤੋਂ 3 ਵਜੇ ਤਕ ਪਿੰਡ ਰੋਡੇ ਵਿਖੇ ਪੁੱਜਣ ਦੀ ਬੇਨਤੀ ਕੀਤੀ ਜਾਂਦੀ ਹੈ ਓਹਨਾਂ ਕਿਹਾ ਕਿ ਸੰਤ ਜਰਨੈਲ ਸਿੰਘ ਦੇ ਜਨਮਦਿਨ ਉਪਰ ਬਹੁਤ ਵੱਡਾ ਇਕੱਠ ਕਰਨ ਨਾਲ ਜਾਲਮ ਹਕੂਮਤਾਂ ਲਈ ਇੱਕ ਸੁਨੇਹਾ ਹੈ ਕਿ ਕਿਤੇ ਕੌਮ ਦੇ ਆਗੂਆਂ ਨੂੰ ਸ਼ਹੀਦ ਕਰਨ ਨਾਲ ਕੌਮਾਂ ਵਿੱਚ ਰੋਸ ਵੱਧਦਾ ਹੈ ,ਦਬਾਇਆ ਨਹੀਂ ਜਾ ਸਕਦਾ।

# ਫਲਾਈਓਵਰ ਦੇ ਥੱਲੇ ਬਟਾਲਾ ਡੇਰਾ ਬਾਬਾ ਨਾਨਕ ਸੜਕ ਤੇ 24 ਘੰਟੇ ਕਣਕ ਨਾਲ ਲੱਦੇ ਟਰੱਕਾ ਦੀਆਂ ਲੱਗੀਆਂ ਲਾਈਨਾਂ ਤੋਂ ਦੁਕਾਨਦਾਰ ਅਤੇ ਆਮ ਲੋਕ ਪ੍ਰੇਸ਼ਾਨ

**ਬਟਾਲਾ 27 ਮਈ (ਆਵਾਜ਼ਿ ਕੌਮ ਬਿਊਰੋ)**-ਸ਼ਹਿਰ ਬਟਾਲਾ ਵਿਚ ਸਥਿਤ ਅਲੀਵਾਲ ਚੌਂਕ ਤੋਂ ਡੇਰਾ ਬਾਬਾ ਨਾਨਕ ਰੋਡ ਦੇ ਫਲਾਈ ਓਵਰ ਦੇ ਸੱਜੇ ਪਾਸੇ ਥੱਲੇ ਜਿਥੇ ਮੁਸ਼ਿਕਲ ਨਾਲ ਇੱਕ ਹੀ ਟਰੱਕ ਜਾਂ ਕਾਰ ਨਿਕਲ ਸਕਦੀ ਹੈ ਪਰ ਟਰਾਲਿਆਂ, ਟਰੱਕਾ ਦੀਆਂ ਲੰਬੀਆਂ ਲੰਬੀਆਂ ਲਾਈਨਾਂ ਰਾਤ ਦਿਨ ਲੱਗੀਆਂ ਰਹਿੰਦੀਆਂ ਹਨ ਜਿਸ ਨਾਲ ਲੋਕਾਂ ਨੂੰ ਬਹੁਤ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਤਾ ਕਰਨ ਤੇ ਪਤਾ ਲੱਗਾ ਹੈ ਕਿ ਅਲੀਵਾਲ ਰੋਡ ਤੇ ਸਥਿਤ ਸਰਕਾਰੀ ਗੋਦਾਮ ਹੋਣ ਕਰਕੇ ਟਰੱਕ ਆਪਣਾ ਮਾਲ ਉਤਾਰਨ ਦੀ ਵਾਰੀ ਦੀ ਉਡੀਕ ਕਰਨ ਵਾਸਤੇ ਲਾਇਨ ਵਿੱਚ ਖੜਦੇ ਹਨ। ਸਮਾਜ ਸੇਵਕ ਸੋਭਿਤ ਵਰਮਾ, ਦੁਕਾਨਦਾਰ ਸਵਰਾਜ ਟੀ ਵੀ ਸੈਂਟਰ ਅਤੇ ਵਿੱਕੀ ਮਹਾਜਨ , ਸ਼ਰਮਾ ਸਵੀਟਸ ਸ਼ਾਪ , ਸ਼ਰਮਾ ਕੋਲਡ ਡਰਿੰਕ,ਰੂਬਲ ਫੋਟੋ ਗਰਾਫਰ, ਵਿੱਕੀ ਬਲਹੋਤਰਾ ਨੇ ਦੱਸਿਆ ਹੈ ਕਿ ਲਗਭਗ ਇਕ ਮਹੀਨੇ ਤੋਂ ਟਰੱਕਾ ਦੀਆਂ ਲੰਬੀਆਂ ਲਾਈਨਾਂ ਲੱਗਣ ਕਾਰਨ ਸਾਡੇ ਕੰਮਾ ਦਾ ਬੇੜਾ ਗ.ਰਕ ਹੋ ਗਿਆ ਹੈ ਰਸਤਾ ਨਾਂ ਹੋਣ ਕਰਕੇ ਕਦੇ ਤਾਂ ਦੁਕਾਨ ਤੇ ਬੋਣੀ ਵੀ ਕਰਨੀ ਮੁਸ਼ਕਲ ਹੁੰਦੀ ਹੈ ਇਸ ਕਰਕੇ ਘਰਾਂ ਦਾ ਗੁਜ਼ਾਰਾ ਕਰਨਾ ਵੀ ਮੁਸ਼ਕਲ ਹੋ ਗਿਆ ਹੈ। ਅੱਗੇ ਉਹਨਾਂ ਆਖਿਆ ਕੀ ਟਰੱਕ ਆਪਰੇਟਰਾਂ ਵੱਲੋਂ ਮਨ ਮਰਜ਼ੀ ਨਾਲ ਟਰੱਕ ਖੜੇ ਕਰਕੇ ਰੋਡ ਨੂੰ ਬਲਾਕ ਕੀਤਾ ਜਾਂਦਾ ਹੈ ਤੇ ਇਹ ਆਪਣੀਆਂ ਮਨਮਰਜ਼ੀਆਂ ਕਰਦੇ ਹਨ ਜਿਸ ਕਰਕੇ ਆਵਾਜਾਈ ਵਿੱਚ ਵੀ ਵਿਘਨ ਪੈਂਦਾ ਹੈ ਜਿਸ ਕਰਕੇ ਸਾਡੇ ਕਾਰੋਬਾਰ ਵਿੱਚ ਕਾਫੀ ਅਸਰ ਪੈ ਰਿਹਾ ਹੈ। ਉਹਨਾਂ ਨੇ ਕਿਹਾ ਪਿਛਲੇ ਦਿਨੀਂ ਵੀ ਭਾਰਤ ਅਤੇ ਪਾਕਿਸਤਾਨ ਦੀ ਜੰਗ ਵਿੱਚ ਵੀ ਸਵਾਏ ਕਰਿਆਨੇ ਵਾਲਿਆਂ ਤੋਂ ਦੂਸਰੇ ਦੁਕਾਨਦਾਰਾਂ ਦੇ ਕੰਮ ਦਾ ਬੁਰਾ ਹਾਲ ਰਿਹਾ ਹੈ। ਸੋਭਿਤ ਵਰਮਾ ਅਤੇ ਦੁਕਾਨਦਾਰਾਂ ਨੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੂੰ ਬੇਨਤੀ ਕੀਤੀ ਹੈ ਕਿ ਉਹ ਸਾਡੀ ਇਸ ਸਮਸਿਆ ਦਾ ਹਲ ਕਰਵਾਉਣ। ਕਿਉਂਕਿ ਉਹ ਪਹਿਲਾਂ ਵੀ ਸ਼ਹਿਰ ਨੂੰ ਸੁੰਦਰ ਬਣਾਉਣ ਲਈ , ਸੜਕਾਂ ਨੂੰ ਖੁਲ੍ਹੀ ਕਰਨ ਵਾਸਤੇ ਅਤੇ ਸ਼ਹਿਰ ਵਾਸੀਆਂ ਨੂੰ ਆ ਰਹੀਆਂ ਮੁਸਕਲਾਂ ਨੂੰ ਸੁਣ ਕੇ ਮੌਕੇ ਤੇ ਨਿਪਟਾਰਾ ਕਰ ਰਹੇ ਹਨ।

### 1984 ਦੇ ਸਿੱਖ ਕਤਲੇਆਮ ਦੇ ਪੀੜਤ ਪਰਿਵਾਰਾਂ ਦੇ ਮੈਂਬਰਾਂ ਨੂੰ

# ਦਿੱਲੀ ਦੇ ਮੁੱਖ ਮੰਤਰੀ ਰੇਖਾ ਗੁਪਤਾ ਨੇ ਵੰਡੇ ਨਿਯੁਕਤੀ ਪੱਤਰ



**ਨਵੀਂ ਦਿੱਲੀ, 27 ਮਈ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਦੇ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਦਫਤਰ ਵਿਚ 1984 ਦੇ ਸਿੱਖ ਕਤਲੇਆਮ ਦੇ ਪੀੜਤ ਪਰਿਵਾਰਾਂ ਦੇ ਮੈਂਬਰਾਂ ਨੂੰ ਨੌਕਰੀਆਂ ਦੇ ਨਿਯੁਕਤੀ ਪੱਤਰ ਵੰਡੇ। ਇਸ ਮੌਕੇ ਦਿੱਲੀ ਦੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ, ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ, ਮੀਤ ਪ੍ਰਧਾਨ ਸਰਦਾਰ ਆਤਮਾ ਸਿੰਘ ਲੁਬਾਣਾ ਤੇ ਹੋਰ ਸ਼ਖਸੀਅਤਾਂ ਹਾਜ਼ਰ ਸਨ। ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀਮਤੀ ਰੇਖਾ ਗੁਪਤਾ ਨੇ ਕਿਹਾ ਕਿ ਬਹੁਤ ਹੀ ਮੰਦਭਾਗੀ ਗੱਲ ਹੈ ਕਿ 40 ਸਾਲਾਂ ਦੌਰਾਨ ਕੇਂਦਰ ਤੇ ਦਿੱਲੀ ਵਿਚ ਕਈ ਸਰਕਾਰਾਂ ਆਈਆਂ ਪਰ ਕਿਸੇ ਨੇ ਵੀ 1984 ਦੇ ਸਿੱਖ ਕਤਲੇਆਮ ਦੇ ਪੀੜਤਾਂ ਦੇ ਜ਼ਖ਼ਮਾਂ 'ਤੇ ਮੱਲ੍ਹਮ ਲਾਉਣ ਦਾ ਕੰਮ ਨਹੀਂ ਕੀਤਾ। ਉਹਨਾਂ ਕਿਹਾ ਕਿ 2014 ਵਿਚ ਜਦੋਂ ਸ੍ਰੀ ਨਰਿੰਦਰ ਮੋਦੀ ਪ੍ਰਧਾਨ ਮੰਤਰੀ ਬਣੇ ਤਾਂ ਉਹਨਾਂ ਨੇ ਵਿਸ਼ੇਸ਼ ਜਾਂਚ ਟੀਮ (ਐਸ ਆਈ ਟੀ) ਦਾ ਗਠਨ ਕੀਤਾ ਜਿਸਨੇ ਕਾਂਗਰਸੀ ਆਗੂਆਂ ਦੇ ਕਹਿਣ 'ਤੇ ਬੰਦ ਹੋਏ ਕੇਸਾਂ ਦੀ ਮੁੜ ਪੜਤਾਲ ਕੀਤੀ ਤੇ ਦੋਸ਼ੀਆਂ ਨੂੰ ਜੇਲ੍ਹ ਭੇਜਿਆ। ਉਹਨਾਂ ਦੱਸਿਆ ਕਿ ਅੱਜ 19 ਜੀਆਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ ਹਨ ਤੇ ਬਾਕੀ ਰਹਿੰਦੇ ਪਰਿਵਾਰਾਂ ਨੂੰ ਵੀ ਜਲਦੀ ਹੀ ਨਿਯੁਕਤੀ ਪੱਤਰ ਮਿਲਣਗੇ।

ਇਸ ਮੌਕੇ ਦਿੱਲੀ ਦੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਤਕਰੀਬਨ 600 ਪਰਿਵਾਰਾਂ ਦੀ ਪਛਾਣ ਕੀਤੀ ਗਈ ਹੈ ਜੋ 1984 ਦੇ ਸਿੱਖ ਕਤਲੇਆਮ ਤੋਂ ਪੀੜਤ ਹਨ ਤੇ ਜਿਹਨਾਂ ਦੇ ਪਰਿਵਾਰਕ ਮੈਂਬਰਾਂ ਨੂੰ ਦਿੱਲੀ ਸਰਕਾਰ ਵੱਲੋਂ ਨੌਕਰੀਆਂ ਦਿੱਤੀਆਂ ਜਾਣਗੀਆਂ। ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ 'ਤੇ ਵਰ੍ਹਦਿਆਂ ਸਰਦਾਰ ਸਿਰਸਾ ਨੇ ਕਿਹਾ ਕਿ ਉਹ ਕਾਂਗਰਸੀ ਆਗੂ ਜਗਦੀਸ਼ ਟਾਈਟਲਰ ਤੇ ਹੋਰ ਦੋਸ਼ੀਆਂ ਨਾਲ ਰਲੇ ਹੋਏ ਸਨ ਜਿਸ ਕਾਰਣ ਉਹਨਾਂ ਨੇ ਪੀੜਤ ਪਰਿਵਾਰਾਂ ਦੀ ਮਦਦ ਵਾਸਤੇ ਇਕ ਵੀ ਕਦਮ ਨਹੀਂ ਚੁੱਕਿਆ। ਇਸ ਤੋਂ ਪਹਿਲਾਂ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਅਤੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੂੰ ਜੀ ਆਇਆਂ ਆਖਿਆ। ਉਹਨਾਂ ਦਾ ਦਿੱਲੀ ਗੁਰਦੁਆਰਾ ਕਮੇਟੀ ਦੀ ਟੀਮ ਵੱਲੋਂ ਸਨਮਾਨ ਵੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਪਿੰਡ ਸ਼ੇਖਪੁਰਾ, ਜਗਾ ਰਾਮ ਤੀਰਥ ਦੇ ਸਰਕਾਰੀ ਸਕੂਲਾਂ 'ਚ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

# ਵਿੱਦਿਆਂ ਤੋਂ ਬਿਨ੍ਹਾਂ ਮਨੁੱਖ ਅਧੂਰਾ- ਪ੍ਰੋ. ਬਲਜਿੰਦਰ ਕੌਰ







ਤਲਵੰਡੀ ਸਾਬੋ, 27 ਮਈ (ਗੁਰਜੰਟ ਸਿੰਘ ਨਥੇਹਾ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਸਕੂਲਾਂ ਵਿੱਚ ਆਧੁਨਿਕ ਸਿੱਖਿਆ ਦੇਣ ਤੇ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਹਰ ਸੰਭਵ ਉਪਰਾਲੇ ਕਰ ਰਹੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਵਿਧਾਇਕ ਤਲਵੰਡੀ ਸਾਬੋ ਤੇ ਚੀਫ਼ ਵਿਪ ਪ੍ਰੋ. ਬਲਜਿੰਦਰ ਕੌਰ ਨੇ ਸਿੱਖਿਆ ਕ੍ਰਾਂਤੀ ਸਮਾਗਮ ਦੇ ਮੱਦੇਨਜ਼ਰ ਸੀਨੀਅਰ ਸੈਕੰਡਰੀ ਅਤੇ ਪ੍ਰਾਇਮਰੀ ਸਕੂਲ ਸੇਖਪੁਰਾ, ਸਰਕਾਰੀ ਸੀਨੀਅਰ ਸੈਕੰਡਰੀ ਅਤੇ ਪ੍ਰਾਇਮਰੀ ਸਕੂਲ ਜਗਾ ਰਾਮ ਤੀਰਥ ਵਿਖੇ ਸਕੂਲ ਦੇ ਮੁਕੰਮਲ ਹੋਏ ਵੱਖ-ਵੱਖ ਤਰ੍ਹਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਦਿਆ ਤੋਂ ਬਿਨਾ ਮਨੁੱਖ ਅਧੂਰਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਖਤ ਮਿਹਨਤ ਕਰਨ ਤਾਂ ਜੋ ਆਪੋ-ਆਪਣੇ ਮਿੱਥੇ ਟੀਚਿਆਂ ਨੂੰ ਸਰ ਕਰ ਸਕਣ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰ ਸਕਣ। ਇਸ ਦੌਰਾਨ ਉਨ੍ਹਾਂ ਇਹ ਵੀ ਕਿਹਾ ਕਿ "ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ" ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰਨ ਲਈ ਇਤਿਹਾਸਿਕ ਫੈਸਲੇ ਲੈਂਦਿਆਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ। ਇਸ ਦੌਰਾਨ ਉਨ੍ਹਾਂ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਵਿਸ਼ੇਸ਼ ਉਪਰਾਲੇ ਕਰ ਰਹੀ ਹੈ, ਜਿਸ ਦੇ ਅਧੀਨ ਨੌਜਵਾਨਾਂ ਲਈ ਪਿੰਡਾ/ਸ਼ਹਿਰਾਂ ਅੰਦਰ ਖੇਡ ਗਰਾਉਂਡ ਬਣਾਏ ਜਾ ਰਹੇ ਹਨ ਤਾਂ ਜੋ ਪੰਜਾਬ ਦੀ ਜਵਾਨੀ ਨਸ਼ੇ ਦੀ ਭੈੜੀ ਅਲਾਮਤ ਤੋਂ ਦੂਰ ਰਹਿ ਸਕੇ। ਇਸ ਮੌਕੇ ਸਕੂਲ ਦਾ ਸਮੂਹ ਸਟਾਫ, ਵਿਦਿਆਰਥੀ ਤੇ ਉਨ੍ਹਾਂ ਦੇ ਮਾਪੇ ਅਤੇ ਪਿੰਡ ਦੀ ਪੰਚਾਇਤ ਅਤੇ ਹੋਰ ਪ੍ਰਮੁੱਖ ਸ਼ਖਸ਼ੀਅਤਾਂ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਬੀਬੀ ਕੌਲਾਂ ਜੀ ਕੌਲਸਰ ਸਾਹਿਬ ਵਿਖੇ 40 ਦਿਨਾਂ ਅੰਮ੍ਰਿਤ ਵੇਲਾ ਸਮਾਗਮ ਮਿਤੀ 28 ਮਈ ਤੋਂ 6 ਜੁਲਾਈ ਤੱਕ




**ਚੌਕ ਮਹਿਤਾ, 27 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਰੋਜ਼ਾਨਾ ਸਵੇਰੇ 3.30 ਵਜੇ ਤੋਂ 5.30 ਵਜੇ ਤੱਕ ਭਾਈ ਅਮਨਦੀਪ ਸਿੰਘ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ, ਭਾਈ ਗੁਰਇਕਬਾਲ ਸਿੰਘ ਅਤੇ ਭਾਈ ਅਮਨਦੀਪ ਸਿੰਘ ਵੱਲੋਂ ਵਿਸ਼ੇਸ਼ 40 ਦਿਨਾਂ ਅੰਮ੍ਰਿਤ ਵੇਲਾ ਸਮਾਗਮ ਕੀਤੇ ਜਾ ਰਹੇ ਹਨ।ਜਿਸ ਦੀਆਂ ਤਿਆਰੀਆਂ ਦੇ ਸਬੰਧ 'ਚ ਭਾਈ ਅਮਨਦੀਪ ਸਿੰਘ ਜੀ ਦੀ ਅਗਵਾਈ ਹੇਠ ਮੀਟਿੰਗ ਹੋਈ। ਜਿਸ ਵਿਚ ਭਾਈ ਅਮਨਦੀਪ ਸਿੰਘ ਵੱਲੋਂ ਵੱਖ-ਵੱਖ ਸੇਵਾਦਾਰਾਂ ਦੀਆਂ ਡਿਊਟੀਆਂ ਲਗਾਉਂਦੇ ਹੋਏ ਦੱਸਿਆ 40 ਦਿਨਾ *ਅੰਮ੍ਰਿਤ ਵੇਲਾ* ਸਮਾਗਮ ਮਿਤੀ 28 ਮਈ ਤੋਂ 6 ਜੁਲਾਈ ਤੱਕ ਦਿਨ ਬੁੱਧਵਾਰ ਸਮਾਂ ਸਵੇਰੇ 3.30 ਤੋਂ 5.30 ਵਜੇ 40 ਦਿਨ ਰੋਜ਼ਾਨਾ ਗੁਰਦੁਆਰਾ ਬੀਬੀ ਕੌਲਾਂ ਜੀ ਕੌਲਸਰ ਸਾਹਿਬ,ਸ੍ਰੀ ਅੰਮ੍ਰਿਤਸਰ ਵਿਖੇ ਕਰਵਾਏ ਜਾ ਰਹੇ ਹਨ। ਇਹ ਅਸਥਾਨ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ,ਸ੍ਰੀ ਦਰਬਾਰ ਸਾਹਿਬ ਦੇ ਨਜ਼ਦੀਕ ਹੈ।ਉਨ੍ਹਾਂ ਦੱਸਿਆ ਦੂਰ ਦੁਰਾਡੇ ਤੋਂ ਆਉਣ ਵਾਲੀਆਂ ਸੰਗਤਾਂ ਲਈ ਬੱਸਾਂ ਰੋਜ਼ਾਨਾ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ,ਤਰਨ ਤਾਰਨ ਰੋਡ,ਅੰਮ੍ਰਿਤਸਰ ਅਤੇ ਦਾਤਾ ਬੰਦੀ ਛੋੜ ਪਬਲਿਕ ਸਕੂਲ,ਅੱਡਾ ਬਾਉਲੀ,ਰਾਮ ਤੀਰਥ ਤੋਂ ਸਵੇਰੇ 3 ਵਜੇ ਚੱਲਣਗੀਆਂ। ਉਨ੍ਹਾਂ ਨੇ ਸੰਗਤਾਂ ਨੂੰ ਬੇਨਤੀ ਕੀਤੀ ਪਰਿਵਾਰਾਂ ਸਮੇਤ ਪਹੁੰਚ ਕੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕਰੋ। ਗੁਰੂ ਕੇ ਲੰਗਰ ਅਤੁੱਟ ਵਰਤਣਗੇ। ਇਸ ਮੌਕੇ ਭਾਈ ਅਮਤੇਸ਼ਵਰ ਸਿੰਘ,ਭਾਈ ਰੋਬਿਨ ਸਿੰਘ,ਭਾਈ ਅਵਤਾਰ ਸਿੰਘ, ਭਾਈ ਗੁਰਚਰਨ ਸਿੰਘ,ਭਾਈ ਜਸਵਿੰਦਰ ਸਿੰਘ, ਭਾਈ ਸਿਮਰਨਜੀਤ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## 85 ਹੋਣਹਾਰ ਲੜਕੀਆਂ ਨੂੰ ਕੱਲ ਮਿਲੇਗਾ ਮਾਣ ਧੀਆਂ 'ਤੇ ਐਵਾਰਡ, ਡਾ.ਹਰਨੂਰ ਢਿੱਲੋਂ ਹੋਣਗੇ ਮੁੱਖ ਮਹਿਮਾਨ



**ਚੌਕ ਮਹਿਤਾ, 27 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਟਾਲਵਰਟਸ ਵਰਲਡ ਸਕੂਲ (ਵੇਰਕਾ ਬਾਈਪਾਸ) ਵਿਖੇ ਹੋਈ ਮੀਟਿੰਗ ਦੌਰਾਨ ਪ੍ਰਿੰਸੀਪਲ ਪ੍ਰਿੰਸੀਪਲ ਮਨੀਸ਼ਾ ਧਾਨੁਕਾ, ਹੈੱਡ ਮਿਸਟ੍ਰੈਸ ਵਸੂੰਧਰਾ ਬਾਂਸਲ (ਬ੍ਰਾਂਡ ਅੰਬੈਸਡਰ) ਅਤੇ ਸੰਸਥਾ ਦੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ (ਇੰਡੀਆ ਬੁੱਕ ਰਿਕਾਰਡ ਹੋਲਡਰ) ਨੇ ਸਾਂਝੇ ਤੌਰ ਤੇ ਜਾਣਕਾਰੀ ਦਿੰਦਿਆਂ ਕਿਹਾ ਕਿ ਭਰੂਣ ਹੱਤਿਆ ਖ਼ਿਲਾਫ਼, ਬੇਟੀ ਬਚਾਓ,ਬੇਟੀ ਪੜ੍ਹਾਓ ਮੁਹਿੰਮ ਤਹਿਤ ਹੋਣ ਵਾਲੇ "15ਵੇਂ ਮਾਣ ਧੀਆਂ 'ਤੇ ਐਵਾਰਡ ਸਮਾਰੋਹ" ਵਿੱਚ ਸਟਾਲਵਰਟਸ ਵਰਲਡ ਸਕੂਲ ਦੇ ਹਾਲ ਵਿੱਚ 27 ਦੇ ਕਰੀਬ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੀਆਂ ਆਈਸੀਐਸਈ,ਸੀਬੀਐਸ ਈ ਅਤੇ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਲਈ ਗਈ 10ਵੀਂ ਅਤੇ 12ਵੀਂ ਪ੍ਰੀਖਿਆ ਦੇ ਨਤੀਜੇ ਵਿੱਚੋ ਮੈਰਿਟ ਹੋਲਡਰ ਅਤੇ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਚੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੀਆ ਹੋਣਹਾਰ ਬੇਟੀਆਂ ਨੂੰ "ਮਾਣ ਧੀਆਂ 'ਤੇ ਐਵਾਰਡ" ਨਾਲ ਸਨਮਾਨਿਤ ਕੀਤਾ ਜਾਵੇਗਾ 9 ਅਖੀਰ ਵਿੱਚ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਨੇ ਕਿਹਾ ਕੇ ਇਸ ਸਮਾਰੋਹ ਵਿੱਚ ਮੁੱਖ ਮਹਿਮਾਨ ਡਾਕਟਰ ਹਰਨੂਰ ਕੌਰ ਢਿੱਲੋਂ (ਐਸਡੀਐਮ ਮਜੀਠਾ) ਵਾਧੂ ਚਾਰਜ ਸਹਾਇਕ ਕਮਿਸ਼ਨਰ (ਜਨਰਲ) ਅੰਮ੍ਰਿਤਸਰ ਹੋਣਗੇ 9 ਇਸ ਸਮਾਰੋਹ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਲੈਕਚਰਾਰ ਕੰਵਲਜੀਤ ਕੌਰ ਟੀਨਾ, ਕਰਮਜੀਤ ਕੌਰ ਜੱਸਲ, ਸੀਮਾ ਚੋਪੜਾ, ਗੁਰਮੀਤ ਸਿੰਘ ਸੰਧੂ, ਬਲਜਿੰਦਰ ਸਿੰਘ ਮੱਟੂ, ਦਮਨਪ੍ਰੀਤ ਕੌਰ,ਕੰਵਲਜੀਤ ਸਿੰਘ ਵਾਲੀਆ ਅਤੇ ਅਮਨਦੀਪ ਸਿੰਘ ਦਾ ਵਿਸ਼ੇਸ ਸਹਿਯੋਗ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪੰਜਾਬ ਵਿਚ ਪੋਟਾਸ਼ ਦਾ ਸਰਵੇਖਣ ਜਲਦ ਮੁਕੰਮਲ ਕਰਵਾਉਣ ਲਈ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ

# ਕੇਂਦਰੀ ਕੋਲਾ ਤੇ ਖਣਨ ਮੰਤਰੀ ਜੀ. ਕਿਸ਼ਨ ਰੈਡੀ ਨਾਲ ਅਹਿਮ ਮੀਟਿੰਗ

**ਨਵੀਂ ਦਿੱਲੀ, 27 ਮਈ (ਮਨਪ੍ਰੀਤ ਸਿੰਘ ਖਾਲਸਾ)**-ਪੰਜਾਬ ਦੇ ਖਣਨ ਤੇ ਭੂ-ਵਿਗਿਆਨ ਅਤੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਸੂਬੇ ਅੰਦਰ ਪੋਟਾਸ਼ ਸਬੰਧੀ ਸਰਵੇਖਣ ਦੇ ਕੰਮ ਨੂੰ ਜਲਦ ਮੁਕੰਮਲ ਕੀਤੇ ਜਾਣ ਨੂੰ ਲੈ ਕੇ ਅੱਜ ਕੇਂਦਰੀ ਕੋਲਾ ਤੇ ਖਣਨ ਮੰਤਰੀ ਸ੍ਰੀ ਜੀ. ਕਿਸ਼ਨ ਰੈਡੀ ਨਾਲ ਇਥੋਂ ਦੇ ਸ਼ਾਸਤਰੀ ਭਵਨ ਵਿਖੇ ਅਹਿਮ ਮੁਲਾਕਾਤ ਕੀਤੀ ਗਈ। ਮੀਟਿੰਗ ਦੌਰਾਨ ਸ੍ਰੀ ਗੋਇਲ ਨੇ ਕੇਂਦਰੀ ਮੰਤਰੀ ਨੂੰ ਦੱਸਿਆ ਕਿ ਪੋਟਾਸ਼ ਦੁਰਲਭ ਖਣਿਜ ਹੈ ਜਿਸ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਭਾਰਤ ਨੂੰ ਇਸ ਦਾ ਬਾਹਰੋਂ ਆਯਾਤ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਜ਼ਿਲ੍ਹਾ ਸ੍ਰੀ ਮੁਕਤਸਰ ਸਹਿਬ ਅਤੇ ਫਾਜ਼ਿਲਕਾ ਦੇ ਖੇਤਰਾਂ ਵਿਚੋਂ ਇਸ ਖਣਿਜ ਦੇ ਭੰਡਾਰ ਮਿਲੇ ਹਨ। ਉਨ੍ਹਾਂ ਕੇਂਦਰੀ ਮੰਤਰੀ ਤੋਂ ਮੰਗ ਕੀਤੀ ਕਿ ਸੂਬੇ ਅੰਦਰ ਇਸ ਸਬੰਧੀ ਪੂਰਨ ਸੰਭਾਵਨਾਵਾਂ ਨੂੰ ਉਜਾਗਰ ਕਰਨ ਲਈ ਜੀਓ ਸਰਵੇਖਣ ਜਲਦ ਤੋਂ ਜਲਦ ਮੁਕੰਮਲ ਕੀਤੇ ਜਾਣ ਦੀ ਜ਼ਰੂਰਤ ਹੈ। ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਮੁਲਾਕਾਤ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਸੰਜੀਦਾ ਯਤਨ ਕੀਤੇ ਜਾ ਰਹੇ ਹਨ। ਇਨ੍ਹਾਂ ਯਤਨਾਂ ਦੀ ਕੜੀ ਤਹਿਤ ਹੀ ਪੰਜਾਬ ਸਰਕਾਰ ਪੋਟਾਸ਼ ਸਬੰਧੀ ਸਰਵੇਖਣ ਜਲਦ ਕਰਵਾਉਣ ਲਈ ਕੇਂਦਰ ਸਰਕਾਰ ਨਾਲ ਲਗਾਤਾਰ ਰਾਬਤਾ ਰੱਖ ਰਹੀ ਹੈ ਤਾਂ ਜੋ ਇਸ ਜ਼ਰੀਏ ਮੁਲਕ ਨੂੰ ਪੋਟਾਸ਼ ਪੱਖੋਂ ਆਤਮ-ਨਿਰਭਰ ਬਣਾਉਣ ਸਣੇ ਸੂਬੇ ਦੀ ਆਰਥਿਕਤਾ ਨੂੰ ਹੋਰ ਮਜ਼ਬੂਤੀ ਦਿੱਤੀ ਜਾ ਸਕੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਮੀਟਿੰਗ ਦੌਰਾਨ ਕੇਂਦਰੀ ਮੰਤਰੀ ਸ੍ਰੀ ਰੈਡੀ ਵੱਲੋਂ ਸੂਬੇ ਦੀ ਮੰਗ ਨੂੰ ਲੈ ਕੇ ਭਰਵਾਂ ਤੇ ਉਸਾਰੂ ਹੁੰਗਾਰਾ ਭਰਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਕੇਂਦਰੀ ਮੰਤਰੀ ਨੇ ਆਪਣੇ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਇਸ ਸਬੰਧੀ ਐਕਸ਼ਨ ਪਲਾਨ ਤਿਆਰ ਕਰਨ ਲਈ ਨਿਰਦੇਸ਼ ਦਿੱਤੇ ਹਨ ਤਾਂ ਜੋ ਸ੍ਰੀ ਮੁਕਤਸਰ ਸਹਿਬ ਅਤੇ ਫਾਜ਼ਿਲਕਾ ਜ਼ਿਲ੍ਹਿਆਂ ਵਿਚ ਪੈਂਦੇ ਖੇਤਰਾਂ ਵਿਚ ਸਰਵੇਖਣ ਦੇ ਕੰਮ ਨੂੰ ਜਲਦ ਤੋਂ ਜਲਦ ਮੁਕੰਮਲ ਕੀਤਾ ਜਾ ਸਕੇ। ਸ੍ਰੀ ਗੋਇਲ ਨੇ ਕਿਹਾ ਕਿ ਪੰਜਾਬ ਵਿਚ ਪੋਟਾਸ਼ ਦੇ ਭੰਡਾਰ ਹੋਣ ਸਬੰਧੀ 1985 ਵਿਚ ਹੀ ਪਤਾ ਲੱਗ ਗਿਆ ਸੀ ਪਰ ਉਸ ਉਪਰੰਤ ਬਣੀਆਂ ਸੂਬਾ ਸਰਕਾਰਾਂ ਨੇ ਇਸ ਅਹਿਮ ਪਹਿਲੂ ਸਬੰਧੀ ਅੱਖਾਂ ਮੀਟੀ ਰੱਖੀਆਂ ਜਿਸ ਕਾਰਨ ਇਸ ਸਬੰਧੀ ਲੋੜ ਅਨੁਸਾਰ ਸਰਵੇਖਣ ਅਤੇ ਡਰਿਲਿੰਗ ਦਾ ਕੰਮ ਨਾ ਹੋ ਸਕਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਖਣਿਜ ਦੀ ਖੋਜ ਸਬੰਧੀ ਕੰਮ ਵਿਚ ਤੇਜ਼ੀ ਲਿਆਉਣ ਲਈ ਪੂਰੇ ਸੰਜੀਦਾ ਯਤਨ ਕਰ ਰਹੀ ਹੈ ਜਿਸ ਨਾਲ ਸੂਬੇ ਦੀ ਤਰੱਕੀ ਲਈ ਹੋਰ ਵਸੀਲੇ ਜੁਟਾਏ ਜਾ ਸਕਣਗੇ। ਸ੍ਰੀ ਗੋਇਲ ਨੇ ਦੱਸਿਆ ਕਿ ਪੋਟਾਸ਼ ਨੂੰ ਲੈ ਕੇ ਉਨ੍ਹਾਂ ਵੱਲੋਂ ਪਹਿਲਾਂ ਵੀ ਸ੍ਰੀ ਰੈਡੀ ਨਾਲ ਉੜੀਸਾ ਵਿਖੇ ਮੁਲਾਕਾਤ ਕੀਤੀ ਗਈ ਸੀ। ਸ੍ਰੀ ਗੋਇਲ ਨੇ ਕਿਹਾ ਕਿ ਫਿਲਹਾਲ ਫਾਜ਼ਿਲਕਾ ਅਤੇ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹਿਆਂ ਵਿਚ 10 ਥਾਵਾਂ 'ਤੇ ਹੀ ਡਰਿਲਿੰਗ ਹੋਈ ਹੈ ਅਤੇ ਸਰਵੇਖਣ ਨਾਲ ਹੋਰ ਖੇਤਰਾਂ ਵਿਚ ਵੀ ਇਸ ਖਣਿਜ ਦੇ ਭੰਡਾਰਾਂ ਬਾਰੇ ਪਤਾ ਲਗ ਸਕੇਗਾ। ਉਨ੍ਹਾਂ ਕਿਹਾ ਕਿ ਸੂਬੇ ਅੰਦਰ ਪੋਟਾਸ਼ ਦੇ ਭੰਡਾਰ ਮਿਲਣ ਨਾਲ ਪੰਜਾਬ ਆਪਣੀ ਤਰੱਕੀ ਦੇ ਨਾਲ-ਨਾਲ ਭਾਰਤ ਨੂੰ ਵੀ ਇਸ ਪੱਖੋਂ ਆਤਮ ਨਿਰਭਰ ਬਣਾਉਣ ਵਿਚ ਅਹਿਮ ਯੋਗਦਾਨ ਪਾਵੇਗਾ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਵਿਚ ਯੋਗਦਾਨ ਪਾਉਣ ਅਤੇ ਬਾਅਦ ਵਿਚ ਖ਼ੁਰਾਕ ਪੱਖੋਂ ਪੰਜਾਬ ਨੇ ਮੁਲਕ ਨੂੰ ਆਤਮ-ਨਿਰਭਰ ਬਣਾਇਆ ਅਤੇ ਹੁਣ ਉਮੀਦ ਹੈ ਕਿ ਇਹ ਸੂਬਾ ਖਣਿਜ ਪੱਖੋਂ ਵੀ ਅਹਿਮ ਯੋਗਦਾਨ ਪਾਵੇਗਾ। ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਉਨ੍ਹਾਂ ਨੇ ਕੇਂਦਰੀ ਮੰਤਰੀ ਨੂੰ ਮਾਈਨਿੰਗ ਖੇਤਰ ਨੂੰ ਦਰਪੇਸ਼ ਹੋਰ ਸਮੱਸਿਆਵਾਂ ਬਾਰੇ ਵੀ ਜਾਣੂ ਕਰਵਾਇਆ ਜਿਸ 'ਤੇ ਕੇਂਦਰੀ ਮੰਤਰੀ ਸ੍ਰੀ ਜੀ. ਕਿਸ਼ਨ ਰੈਡੀ ਨੇ ਕਿਹਾ ਕਿ ਪੰਜਾਬ ਵਿੱਚ ਛੇਤੀ ਹੀ ਕੇਂਦਰੀ ਅਤੇ ਸੂਬਾਈ ਅਧਿਕਾਰੀਆਂ ਦੀ ਸਾਂਝੀ ਮੀਟਿੰਗ ਕਰਵਾਈ ਜਾਵੇਗੀ ਅਤੇ ਇਨ੍ਹਾਂ ਮਸਲਿਆਂ ਦੇ ਹੱਲ ਲਈ ਰਣਨੀਤੀ ਉਲੀਕੀ ਜਾਵੇਗੀ। ਸ੍ਰੀ ਗੋਇਲ ਨੇ ਕੇਂਦਰੀ ਮੰਤਰੀ ਵੱਲੋਂ ਪੰਜਾਬ ਵਿੱਚ ਪੋਟਾਸ਼ ਦੇ ਸਰਵੇਖਣ ਬਾਰੇ ਐਕਸ਼ਨ ਪਲਾਨ ਤਿਆਰ ਕਰਨ ਸਣੇ ਖਣਨ ਖੇਤਰ ਸਬੰਧੀ ਮੁੱਦਿਆਂ ਬਾਰੇ ਹਾਂ-ਪੱਖੀ ਹੁੰਗਾਰਾ ਭਰਨ 'ਤੇ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸ੍ਰੀ ਬਰਿੰਦਰ ਕੁਮਾਰ ਗੋਇਲ ਨਾਲ ਖਣਨ ਤੇ ਭੂ-ਵਿਗਿਆਨ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀਮਤੀ ਜਸਪ੍ਰੀਤ ਤਲਵਾੜ ਅਤੇ ਡਾਇਰੈਕਟਰ ਸ੍ਰੀ ਅਭਿਜੀਤ ਕਪਲਿਸ਼ ਵੀ ਮੌਜੂਦ ਸਨ।



ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ

# ਸ਼ਾਇਰ ਸ਼ੈਲੀ ਸੁਲਤਾਨ ਦੀ ਪੁਸਤਕ 'ਵਲਵਲੇ' ਲੋਕ ਅਰਪਿਤ ਸਮਾਗਮ





**ਚੌਕ ਮਹਿਤਾ, 26 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ 40 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਜੁਟੀ ਪੰਜਾਬ ਦੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਨਾਮਵਰ ਸ਼ਾਇਰ ਸ਼ੈਲੀ ਸੁਲਤਾਨ ਦਾ ਕਾਵਿ ਸੰਗ੍ਰਹਿ "ਵਲਵਲੇ" ਦਾ ਲੋਕ ਅਰਪਿਤ ਸਮਾਗਮ ਮੀਟਿੰਗ ਹਾਲ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ । ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਸਭਾ ਦੇ ਮੁੱਖ ਸੰਚਾਲਕ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਸ਼ਾਇਰ ਵਿਸ਼ਾਲ (ਸੰਪਾਦਕ ਮੰਤਵ), ਸ਼ਾਇਰ ਹਰਕੰਵਲਜੀਤ ਸਾਹਿਲ (ਸੰਪਾਦਕ 7ਰੀਵਰ), ਸ਼ਾਇਰ ਜਸਵੰਤ ਹਾਂਸਲ, ਡਾ: ਗਗਨਦੀਪ ਸਿੰਘ ਪ੍ਰਧਾਨ ਮਝੈਲਾਂ ਦੀ ਸੱਥ, ਸ਼ਾਇਰ ਸ਼ੈਲੀ ਸੁਲਤਾਨ, ਅਦਾਕਾਰ ਦੇਵ ਖਹਿਰਾ, ਗਿ: ਗੁਲਜ਼ਾਰ ਸਿੰਘ ਖੈੜਾ (ਪ੍ਰਧਾਨ ਸ਼੍ਰੋਮਣੀ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ), ਹਰਭਜਨ ਸਿੰਘ ਭੱਗਰੱਥ (ਪ੍ਰਧਾਨ ਸਾਹਿਤਕ ਸਿਤਾਰੇ ਮੰਚ ਤਰਨ ਤਾਰਨ), ਸ਼ਾਇਰ ਬਖਤੌਰ ਧਾਲੀਵਾਲ (ਮੰਤਵ), ਸੁਖਦੇਵ ਸਿੰਘ ਭੁੱਲਰ ਸੀ: ਮੈਨੇਜਰ ਪੰਜਾਬ ਸਕੂਲ ਸਿੱਖਿਆ ਬੋਰਡ, ਮਾ: ਮਨਜੀਤ ਸਿੰਘ ਵੱਸੀ ਕਾਰਜਕਾਰੀ ਕੇਂਦਰੀ ਪੰਜਾਬੀ ਲੇਖਕ ਸਭਾ, ਸਰਪੰਚ ਗੁਰਪ੍ਰਤਾਪ ਸਿੰਘ ਭਿੱਲਾ, ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ ਆਦਿ ਸ਼ੁਸ਼ੋਭਿਤ ਹੋਏ । ਇਸ ਮੌਕੇ ਸ਼ਾਇਰ ਸ਼ੈਲੀ ਸੁਲਤਾਨ ਦਾ ਕਾਵਿ ਸੰਗ੍ਰਹਿ "ਵਲਵਲੇ" ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤਾ ਗਿਆ । ਮੰਚ ਸੰਚਾਲਨ ਦੇ ਫਰਜ਼ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਬਾਖ਼ੂਬੀ ਨਿਭਾਏ । ਇਸ ਮੌਕੇ ਗਾਇਕ ਮੱਖਣ ਭੈਣੀਵਾਲਾ, ਲਖਵਿੰਦਰ ਕੋਟੀਆ, ਅਕਾਸ਼ਦੀਪ ਸਿੰਘ, ਕਾਲਾ ਰਿਆਲੀ, ਮਨਦੀਪ ਸਿੰਘ ਬੋਪਾਰਾਏ, ਅਜੀਤ ਸਿੰਘ ਸਠਿਆਲਵੀ, ਅਵਤਾਰ ਸਿੰਘ ਗੋਇੰਦਵਾਲੀਆ, ਕੁਲਦੀਪ ਸਿੰਘ ਦਰਾਜਕੇ, ਕਾਲੇ ਸਾਹ ਟਾਂਗਰਾ, ਲਾਲੀ ਕਰਤਾਰਪੁਰੀ, ਜਸਮੇਲ ਸਿੰਘ ਜੋਧੇ ਨੇ ਗਾਇਕੀ ਦੇ ਜੌਹਰ ਦਿਖਾਏ । ਉਪਰੰਤ ਹੋਏ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ (ਮਹਿਲਾ ਵਿੰਗ) ਦੇ ਪ੍ਰਧਾਨ ਸੁਖਵੰਤ ਕੌਰ ਵੱਸੀ, ਸੁਰਿੰਦਰ ਖਿਲਚੀਆਂ, ਮੁਖਤਾਰ ਸਿੰਘ ਗਿੱਲ, ਰਮੇਸ਼ ਜਾਨੂੰ, ਜਗਨ ਨਾਥ ਨਿਮਾਣਾ ਉਦੋਕੇ, ਨਵਦੀਪ ਸਿੰਘ ਬਦੇਸ਼ਾ, ਸੁਖਦੇਵ ਸਿੰਘ ਗੰਡਵਾਂ, ਸਰਬਜੀਤ ਸਿੰਘ ਪੱਡਾ, ਡਾ: ਕੁਲਵੰਤ ਸਿੰਘ ਬਾਠ, ਮਾ: ਬਲਬੀਰ ਸਿੰਘ ਬੀਰ ਬੋਲੇਵਾਲੀਆ, ਬਲਵਿੰਦਰ ਸਿੰਘ ਅਠੌਲਾ, ਕੰਵਲਜੀਤ ਸਿੰਘ ਢਿੱਲੋਂ, ਕੁਨਾਲ ਨਾਹਰ ਕਰਤਾਰਪੁਰੀ, ਅਮਰਜੀਤ ਸਿੰਘ ਰਤਨਗੜ੍ਹ, ਮਲਕੀਤ ਸਿੰਘ ਆਸਟਰੇਲੀਆ, ਸੁਖਪ੍ਰੀਤ ਸਿੰਘ, ਕੈਪਟਨ ਸਿੰਘ, ਗੁਰਸ਼ਾਨਦੀਪ ਸਿੰਘ, ਮਲੂਕ ਸਿੰਘ ਧਿਆਨਪੁਰ ਆਦਿ ਹਾਜ਼ਰੀਨ ਕਵੀਆਂ ਵੱਲੋਂ "ਮਾਂ ਬੋਲੀ ਨੂੰ ਸਮਰਪਿਤ ਕਵਿਤਾ ਪਾਠ ਕੀਤਾ ਗਿਆ।

# ਅੱਗ ਲੱਗਣ ਨਾਲ ਮਾਰੇ ਗਏ ਕਿਸਾਨ ਦੇ ਪਸ਼ੂ ਮਾਲਕ ਨੂੰ ਸਰਕਾਰ ਦੇਵੇ ਮੁਆਵਜ਼ਾ : ਸੱਚਰ



**ਚੌਕ ਮਹਿਤਾ, 27 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਬੀਤੇ ਦਿਨੀ ਚੱਲੀ ਤੇਜ਼ ਹਨੇਰੀ ਕਾਰਨ ਜਿੱਥੇ ਬਹੁਤ ਸਾਰੇ ਲੋਕਾਂ ਦਾ ਭਾਰੀ ਜਾਨੀ ਤੇ ਮਾਲੀ ਨੁਕਸਾਨ ਹੋਇਆ ਓਥੇ ਹਲਕਾ ਮਜੀਠਾ ਦੇ ਪਿੰਡ ਬੱਲੋਵਾਲੀ ਵਿੱਚ ਗਰੀਬ ਕਿਸਾਨ ਜਗੀਰ ਸਿੰਘ ਦੇ ਘਰ ਲੱਗੀ ਅੱਗ ਨੇ ਸਾਰਾ ਕੁਝ ਤਹਿਸ ਨਹਿਸ ਕਰ ਦਿੱਤਾ ਜਿਸ ਵਿੱਚ ਦੁੱਧ ਦੇਣ ਵਾਲੇ ਦੋ ਡੰਗਰਾਂ ਦੀ ਮੌਤ ਹੋ ਗਈ ਤੇ ਬਾਕੀ ਪੰਜ ਛੇ ਡੰਗਰ ਭਾਰੀ ਅੱਗ ਦੀ ਲਪੇਟ ਵਿੱਚ ਆਉਣ ਕਾਰਨ ਬੁਰੀ ਤਰਾਂ ਝੁਲ਼ਸ ਗਏ ਤੇ ਇੱਕ ਕੱਟੀ ਅੱਖਾਂ ਤੋ ਅੰਨੀ ਹੋ ਗਈ ਸੀ ਅੱਜ ਹਲਕਾ ਮਜੀਠਾ ਦੇ ਕਾਂਗਰਸ ਦੇ ਹਲਕਾ ਇੰਚਾਰਜ ਸ੍ਰ ਭਗਵੰਤ ਪਾਲ ਸਿੰਘ ਸੱਚਰ ਨੇ ਸਾਥੀਆਂ ਸਮੇਤ ਪੀੜਤ ਪਰਿਵਾਰ ਦੇ ਘਰ ਜਾਕੇ ਜਾਣਕਾਰੀ ਹਾਸਿਲ ਕਰਨ ਉਪਰੰਤ ਕੁਝ ਮਾਲੀ ਮਦਦ ਕਰਦਿਆਂ ਕਿਹਾ ਕਿ ਸਰਕਾਰ ਨੂੰ ਵੀ ਇਸ ਪੀੜਤ ਪਰਿਵਾਰ ਦੀ ਮਦਦ ਕਰਦਿਆਂ ਫੰਡ ਮੁਹੱਈਆ ਕਰਵਾਇਆ ਜਾਵੇ ਤਾਂ ਜੋ ਆਪਣੇ ਪਰਿਵਾਰ ਦਾ ਪਾਲਣ ਪੋਸ਼ਣ ਕਰ ਸਕੇ। ਇਸ ਮੌਕੇ ਸਾਬਕਾ ਚੇਅਰਮੈਨ ਜਗਦੇਵ ਸਿੰਘ ਬੱਗਾ , ਬਲਾਕ ਕਾਂਗਰਸ ਮਜੀਠਾ ਦੇ ਪ੍ਰਧਾਨ ਸਤਨਾਮ ਸਿੰਘ ਕਾਜੀਕੋਟ , ਸਰਪੰਚ ਸ਼ਮਸ਼ੇਰ ਸਿੰਘ ਬਾਬੋਵਾਲ , ਸਾਬਕਾ ਸਰਪੰਚ ਗੁਰਿੰਦਰ ਸਿੰਘ ਫੱਤੂਭੀਲਾ, ਵਿਨੋਦ ਕੁਮਾਰ ਰੂਪੋਵਾਲੀ ਬ੍ਰਹਮਣਾਂ, ਹਰਮਨ ਸਿੰਘ ਟਾਹਲੀ ਸਾਹਿਲ , ਨੰਬਰਦਾਰ ਗੁਰਪ੍ਰੀਤ ਸਿੰਘ ਰਾਮਦਿਵਾਲੀ , ਅਸ਼ੋਕ ਕੁਮਾਰ ਮੱਤੇਵਾਲ ਵੀ ਨਾਲ ਸਨ।

# ਛੋਟੇ ਸਾਹਿਬਜ਼ਾਦਿਆਂ ਨੂੰ ਸਮਰਪਿਤ 41ਵਾਂ ਗੁਰੂ ਕਾ ਲੰਗਰ ਲਗਾਇਆ ਗਿਆ




**ਚੌਕ ਮਹਿਤਾ, 27 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਦੀ ਯਾਦ ਨੂੰ ਸਮਰਪਿਤ ਪਿੰਡ ਭੋਏਂ ਦੀ ਸਮੂਹ ਸਾਧ ਸੰਗਤ ਵੱਲੋਂ ਲੰਗਰ ਲਗਾਇਆ ਗਿਆ। ਜਿਸ ਵਿੱਚ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਗੁਰੂ ਕਾ ਲੰਗਰ ਅਤੁਟ ਵਰਤਾਇਆ ਗਿਆ ਇਸ ਮੌਕੇ ਜਥੇਦਾਰ ਨਿੰਦਰ ਸਿੰਘ ਭੋਏ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਐਤਕੀ ਵੀ ਪਿੰਡ ਭੋਏ ਦੀ ਸਮੂਹ ਸਾਧ ਸੰਗਤ ਵੱਲੋਂ 41ਵਾਂ ਗੁਰੂ ਕਾ ਲੰਗਰ ਲਾ ਕੇ ਭਾਰੀ ਉਤਸ਼ਾਹ ਨਾਲ ਇਹ ਦਿਹਾੜਾ ਮਨਾਇਆ ਗਿਆ ਹੈ। ਜਿਸ ਵਿੱਚ ਭਾਰੀ ਤਦਾਦ ਵਿੱਚ ਸੰਗਤਾਂ ਨੇ ਗੁਰੂ ਕਾ ਲੰਗਰ ਛਕਿਆ ਤੇ ਸੇਵਾਦਾਰਾਂ ਨੇ ਲੰਗਰਾਂ ਵਿੱਚ ਵੱਧ ਚੜ੍ਹ ਕੇ ਸੇਵਾ ਕਰਕੇ ਮਾਣ ਮਹਿਸੂਸ ਕੀਤਾ। ਇਸ ਮੌਕੇ ਸੂਬੇਦਾਰ ਜਗੀਰ ਸਿੰਘ ਪ੍ਰਧਾਨ, ਸਤਿੰਦਰ ਸਿੰਘ ਜਨਰਲ ਸਕੱਤਰ, ਖਜਾਨਚੀ ਨਿੰਦਰ ਸਿੰਘ ਭੋਏ ,ਬਲਬੀਰ ਸਿੰਘ ਮੈਂਬਰ, ਸਤਨਾਮ ਸਿੰਘ ਮੈਂਬਰ, ਮੁਖਤਾਰ ਸਿੰਘ ਮੈਂਬਰ, ਗੁਰਦਿਆਲ ਸਿੰਘ ਮੈਂਬਰ ,ਬਲਜੀਤ ਸਿੰਘ ਕੈਸ਼ੀਅਰ, ਕੁਲਵੰਤ ਸਿੰਘ ਸਾਬਕਾ ਸਰਪੰਚ ,ਸੇਵਾ ਸਿੰਘ ,ਡੁੰਮਣ ਸਿੰਘ ,ਮਹਿੰਗਾ ਸਿੰਘ ,ਜੱਗੂ ਜੋਧਵੀਰ ਸਿੰਘ ,ਪਰਮਜੀਤ ਸਿੰਘ ਸੇਵਾਦਾਰ ,ਨਿਸ਼ਾਨ ਸਿੰਘ , ਬਘੇਲ ਸਿੰਘ ਤੇ ਸਮੂਹ ਸਾਧ ਸੰਗਤ ਪਿੰਡ ਭੋਏ ਹਾਜਰ ਸਨ।

# ਭਾਜਪਾ ਆਗੂ ਹਰਦੀਪ ਗਿੱਲ ਵੱਲੋਂ ਥਾਣਾ ਜੰਡਿਆਲਾ ਦੇ ਐਸ. ਐਚ. ਓ. ਦੀ ਕੇਂਦਰੀ ਗ੍ਰਹਿ ਮੰਤਰੀ ਨੂੰ ਸ਼ਿਕਾਇਤ, ਕੇਂਦਰੀ ਗ੍ਰਹਿ ਮੰਤਰਾਲੇ ਨੇ ਡੀਜੀਪੀ ਪੰਜਾਬ ਕੋਲੋਂ ਮੰਗੀ ਰਿਪੋਰਟ



**ਜੰਡਿਆਲਾ ਗੁਰੂ, 27 ਮਈ ( ਕੁਲਵੰਤ ਸਿੰਘ ਵਿਰਦੀ, ਕੁਲਦੀਪ ਸਿੰਘ ਡਡਵਾਲ )**-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਅਨੁਸੂਚਿਤ ਜਾਤੀ ਮੋਰਚਾ ਦੇ ਸੂਬਾ ਜਨਰਲ ਸਕੱਤਰ ਅਤੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਇੰਚਾਰਜ ਹਰਦੀਪ ਸਿੰਘ ਗਿੱਲ ਨੇ ਥਾਣਾ ਜੰਡਿਆਲਾ ਦੇ ਐਸ. ਐਚ. ਓ ਹਰਚੰਦ ਸਿੰਘ ਦੇ ਖਿਲਾਫ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਸ਼ਿਕਾਇਤ ਕੀਤੀ ਹੈ ਜਿਸ ਦੀ ਜਿਸ ਦੀ ਰਿਪੋਰਟ ਕੇਂਦਰੀ ਗ੍ਰਹਿ ਮੰਤਰਾਲੇ ਨੇ ਡੀਜੀਪੀ ਪੰਜਾਬ ਤੋਂ ਮੰਗੀ ਹੈ। ਦਿੱਤੀ ਸ਼ਿਕਾਇਤ ਵਿੱਚ ਹਰਦੀਪ ਸਿੰਘ ਗਿੱਲ ਨੇ ਦੱਸਿਆ ਕਿ ਥਾਣਾ ਮੁਖੀ ਹਰਚੰਦ ਸਿੰਘ ਆਪਣੇ ਪਦ ਅਤੇ ਅਧਿਕਾਰਾਂ ਦੀ ਦੁਰਵਰਤੋਂ ਕਰ ਰਿਹਾ ਹੈ। ਹਰਦੀਪ ਗਿੱਲ ਨੇ ਦੋਸ਼ ਲਾਉਂਦਿਆਂ ਕਿਹਾ ਕਿ ਸੱਤਾਧਾਰੀ ਆਮ ਆਦਮੀ ਪਾਰਟੀ ਦਾ ਹੱਥਠੋਕਾ ਬਣ ਕੇ ਥਾਣਾ ਮੁਖੀ ਭਾਜਪਾ ਵਰਕਰਾਂ ਨੂੰ ਡਰਾ ਧਮਕਾ ਕੇ ਉਨਾਂ ਦਾ ਮਨੋਬਲ ਡੇਗਣ ਲਈ ਪੂਰੀ ਵਾਹ ਲਗਾ ਰਿਹਾ ਹੈ। ਗਿੱਲ ਨੇ ਕਿਹਾ ਕਿ ਪਿੰਡ ਮੇਹਰਬਾਨਪੁਰਾ ਵਿਖੇ ਬੀਤੇ ਦਿਨੀਂ ਪਿੰਡ ਦੇ ਇੱਕ ਮਾਮੂਲੀ ਝਗੜੇ ਵਿੱਚ ਥਾਣਾ ਮੁਖੀ ਦੀਆਂ ਹਿਦਾਇਤਾਂ 'ਤੇ ਏਐਸਆਈ ਬਲਵਿੰਦਰ ਨੇ ਤੜਕੇ ਸਵੇਰੇ 5 ਵਜੇ ਭਾਜਪਾ ਦੇ ਵਰਕਰ ਬਲਦੇਵ ਸਿੰਘ ਨੂੰ ਘਰੋਂ ਚੁੱਕ ਕੇ ਨਜਾਇਜ਼ ਹਰਾਸਤ ਵਿੱਚ ਰੱਖਿਆ। ਹਰਦੀਪ ਗਿੱਲ ਨੇ ਕਿਹਾ ਕਿ ਇੱਕ ਪਾਸੇ ਜੰਡਿਆਲਾ ਗੁਰੂ ਕਸਬਾ ਗੁੰਡਾਗਰਦੀ ਅਤੇ ਨਸ਼ਿਆਂ ਦੀ ਮੰਡੀ ਬਣਿਆ ਪਿਆ ਹੈ । ਥਾਣਾ ਮੁਖੀ ਇਸ ਨੂੰ ਛੱਡ ਕੇ ਆਪਣੀ ਸਿਆਸੀ ਆਕਾਵਾਂ ਦੀ ਖੁਸ਼ਾਮਦ ਕਰਨ ਉਨਾਂ ਦੇ ਸਿਆਸੀ ਵਿਰੋਧੀਆਂ ਨੂੰ ਡਰਾਉਣ ਧਮਕਾਉਣ ਲਈ ਪੂਰਾ ਜੋ.ਰ ਲਗਾ ਰਿਹਾ ਹੈ। ਦੇਸ਼ ਦੇ ਗ੍ਰਹਿ ਮੰਤਰੀ ਨੂੰ ਭੇਜੀ ਲਿਖਤੀ ਸ਼ਿਕਾਇਤ ਵਿੱਚ ਹਰਦੀਪ ਗਿੱਲ ਨੇ ਸੰਬੰਧਿਤ ਥਾਣਾ ਮੁਖੀ ਦੇ ਖਿਲਾਫ ਕਾਰਵਾਈ ਕਰਨ ਅਤੇ ਭਾਜਪਾ ਦੇ ਵਰਕਰ ਨੂੰ ਇਨਸਾਫ ਦਵਾਉਣ ਦੀ ਮੰਗ ਕੀਤੀ ਹੈ। ਕੇਂਦਰੀ ਗ੍ਰਹਿ ਮੰਤਰਾਲੇ ਨੇ ਸ਼ਿਕਾਇਤ 'ਤੇ ਤੁਰੰਤ ਕਾਰਵਾਈ ਕਰਦਿਆਂ ਡੀਜੀਪੀ ਪੰਜਾਬ ਕੋਲੋਂ ਇਸ ਸਬੰਧ ਵਿੱਚ ਰਿਪੋਰਟ ਦੇਣ ਲਈ ਆਖਿਆ ਹੈ।

### ਭਾਈ ਸਾਹਿਬ ਭਾਈ ਰਣਧੀਰ ਸਿੰਘ ਅਤੇ ਸੰਗੀ ਸਾਥੀਆਂ ਦੀ ਯਾਦ ਵਿਚ

# ਅਖੰਡ ਕੀਰਤਨ ਸਮਾਗਮ ਸਜਾਏ ਗਏ



**ਨਵੀਂ ਦਿੱਲੀ, 27 ਮਈ (ਮਨਪ੍ਰੀਤ ਸਿੰਘ ਖਾਲਸਾ):-** ਅਖੰਡ ਕੀਰਤਨੀ ਜੱਥੇ ਦੇ ਬਾਨੀ ਅਤੇ ਪੰਥ ਦੀ ਸੋਨ ਚਿੜੀ ਭਾਈ ਸਾਹਿਬ ਭਾਈ ਰਣਧੀਰ ਸਿੰਘ ਜੀ ਅਤੇ ਉਨ੍ਹਾਂ ਦੇ ਸੰਗੀ ਸਾਥੀਆਂ ਦੀ ਯਾਦ ਵਿਚ ਦਿੱਲੀ ਵਿਖੇ ਹਰ ਸਾਲ ਯਾਦਗਾਰੀ ਅਖੰਡ ਕੀਰਤਨ ਸਮਾਗਮ ਕਰਵਾਏ ਜਾਂਦੇ ਹਨ ਜੋ ਕਿ ਇਸ ਵਾਰ ਵੀਂ ਚੜ੍ਹਦੀਕਲਾ ਨਾਲ ਸੰਪੂਰਨ ਹੋਏ । ਸਮਾਗਮ ਦੀ ਸ਼ੁਰੂਆਤ ਗੁਰੂ ਨਾਨਕ ਪਬਲਿਕ ਸਕੂਲ ਰਾਜੌਰੀ ਗਾਰਡਨ ਵਿਖ਼ੇ ਅਖੰਡ ਪਾਠ ਸਾਹਿਬ ਦੀ ਸ਼ੁਰੂਆਤ ਨਾਲ ਹੋਈ ਉਪਰੰਤ ਗੁਰੂਦੁਆਰਾ ਸਿੰਘ ਸਭਾ ਰਾਜੌਰੀ ਗਾਰਡਨ ਵਿਖ਼ੇ ਸਵੇਰ ਸ਼ਾਮ ਦੇ ਦੀਵਾਨ ਸਜਾਏ ਗਏ ਸਨ ਤੇ ਬੀਤੇ ਸ਼ਨੀਵਾਰ ਨੂੰ ਕੀਰਤਨ ਰੈਣ ਸਬਾਈ ਹੋਏ ਸਨ । ਸਮਾਗਮ ਵਿਚ ਦੇਸ਼ ਵਿਦੇਸ਼ ਤੋਂ ਸੰਗਤਾਂ ਨੇ ਹਾਜ਼ਿਰੀ ਭਰ ਕੇ ਗੁਰਬਾਣੀ ਨਾਲ ਜੁੜ ਕੇ ਲਾਹਾ ਪ੍ਰਾਪਤ ਕੀਤਾ ਜਿਸ ਵਿਚ ਆਸਟ੍ਰੇਲਿਆ ਤੋਂ ਭਾਈ ਮਨਜੀਤ ਸਿੰਘ ਦਿਆਲਪੁਰ, ਭਾਈ ਭਰਪੂਰ ਸਿੰਘ, ਭਾਈ ਗੁਰਮੀਤ ਸਿੰਘ ਧਾਲੀਵਾਲ, ਭਾਈ ਕੁਲਵੰਤ ਸਿੰਘ ਕਾਕੀਪਿੰਡ ਸਮੇਤ ਵਡੀ ਗਿਣਤੀ ਅੰਦਰ ਕੀਰਤਨੀਏ ਸਿੰਘ ਸਿੰਘਣੀਆਂ ਨੇ ਹਾਜ਼ਿਰੀ ਭਰੀ ਸੀ । ਸੰਗਤਾਂ ਦੀ ਰਿਹਾਇਸ਼ ਅਤੇ ਲੰਗਰ ਦਾ ਇੰਤਜਾਮ ਗੁਰੂ ਨਾਨਕ ਪਬਲਿਕ ਸਕੂਲ ਵਿਖ਼ੇ ਕੀਤਾ ਗਿਆ ਸੀ । ਇਸ ਮੌਕੇ ਦਿੱਲੀ ਅਖੰਡ ਕੀਰਤਨੀ ਜੱਥੇ ਦੇ ਮੁੱਖ ਸੇਵਾਦਾਰ ਭਾਈ ਅਰਵਿੰਦਰ ਸਿੰਘ ਰਾਜਾ ਨੇ ਦਸਿਆ ਕਿ ਗ਼ਦਰ ਲਹਿਰ (1913) ਨੇ ਅਨੇਕਾਂ ਦੇਸ਼ ਭਗਤ ਪੈਦਾ ਕੀਤੇ, ਜਿਨ੍ਹਾਂ ਨੇ ਸਾਰੀ ਜ਼ਿੰਦਗੀ ਆਪਣੇ ਉਲੀਕੇ ਨਿਸ਼ਾਨਿਆਂ ’ਤੇ ਚੱਲਦਿਆਂ ਤਸੀਹੇ ਝੱਲੇ ਅਤੇ ਭਾਰਤ ਦੇ ਆਜ਼ਾਦੀ ਸੰਘਰਸ਼ ਵਿਚ ਆਪਣੀ ਅਹਿਮ ਭੂਮਿਕਾ ਅਦਾ ਕੀਤੀ। ਉਨ੍ਹਾਂ ਯੋਧਿਆਂ ’ਚੋਂ ਭਾਈ ਰਣਧੀਰ ਸਿੰਘ ਜੀ ਨਾਰੰਗਵਾਲ ਅਜਿਹੀ ਸ਼ਖਸੀਅਤ ਹਨ, ਜਿਨ੍ਹਾਂ ਨੇ ਗ਼ਦਰ ਲਹਿਰ ਦੀ ਜਾਗ ਭਾਰਤੀ ਲੋਕਾਂ ਵਿਚ ਲਾਈ ਤੇ ਅੰਗਰੇਜ਼ ਹਕੂਮਤ ਵਿਰੁੱਧ ਕ੍ਰਾਂਤੀਕਾਰੀ ਗਤੀਵਿਧੀਆਂ ਵਿਚ ਸਰਗਰਮ ਹਿੱਸਾ ਲੈਣ ਕਰਕੇ ਉਨ੍ਹਾਂ ਨੂੰ ਜੇਲ੍ਹਾਂ ਵਿਚ ਕੈਦ ਕੱਟਣੀ ਪਈ।1914 ਵਿਚ ਜਦੋਂ ਗੁਰਦੁਆਰਾ ਰਕਾਬਗੰਜ ਦਿੱਲੀ ਦੀ ਦੀਵਾਰ ਢਾਹੁਣ ਦੀ ਘਟਨਾ ਵਾਪਰੀ।ਉਦੋਂ ਭਾਈ ਰਣਧੀਰ ਸਿੰਘ ਜੀ ਪਹਿਲੇ ਸਤਿਆਗ੍ਰਹੀ ਦੇ ਤੌਰ ’ਤੇ ਜਥਾ ਲੈ ਕੇ 3 ਮਈ, 1914 ਈ: ਵਿਚ ਲਾਹੌਰ ਪਹੁੰਚੇ। 21 ਫਰਵਰੀ, 1915 ਨੂੰ ਗ਼ਦਰ ਦੀ ਤਾਰੀਖ਼ ਨਿਸ਼ਚਿਤ ਕੀਤੀ ਗਈ ਪਰ ਕਿਸੇ ਗੱਦਾਰ ਨੇ ਸਾਰਾ ਭੇਦ ਪਹਿਲਾਂ ਹੀ ਬ੍ਰਿਟਿਸ਼ ਸਰਕਾਰ ਕੋਲ ਪਹੁੰਚਾ ਦਿੱਤਾ। ਮਗਰੋਂ ਅੰਗਰੇਜ਼ੀ ਸਰਕਾਰ ਨੇ ਐਸਾ ਦਮਨ ਚੱਕਰ ਚਲਾਇਆ ਕਿ ਗ਼ਦਰ ਲਹਿਰ ਦੇ ਸਰਗਰਮ ਆਗੂਆਂ ਸਮੇਤ ਭਾਈ ਰਣਧੀਰ ਸਿੰਘ ਜੀ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ। ਉਹ ਗ਼ਦਰੀ ਆਗੂਆਂ ਦੀ ਹਰ ਮੀਟਿੰਗ ਵਿਚ ਹਿੱਸਾ ਲੈਣ ਨੂੰ ਤਤਪਰ ਸਨ ਪਰ ਕਿਸੇ ਅਮੀਰ ਦੇ ਘਰ ਡਕੈਤੀ ਕਰਕੇ ਰੁਪਿਆ ਇੱਕਠਾ ਕਰਨਾ ਪਾਪ ਸਮਝਦੇ ਸਨ। ਦੂਜੇ ਲਾਹੌਰ ਸਾਜਿਸ਼ ਕੇਸ ਵਿਚ ਜਿਨ੍ਹਾਂ 48 ਆਜ਼ਾਦੀ ਦੇ ਪ੍ਰਵਾਨਿਆਂ ਨੂੰ ਉਮਰ ਕੈਦ ਹੋਈ, ਭਾਈ ਸਾਹਿਬ ਉਨ੍ਹਾਂ ਵਿੱਚੋਂ ਇਕ ਸਨ। ਮਗਰੋਂ ਭਾਈ ਸਾਹਿਬ ਨੂੰ 30 ਮਾਰਚ, 1916 ’ਚ ਲਾਹੌਰ ਦੀ ਕੇਂਦਰੀ ਜੇਲ੍ਹ ਵਿਚ ਕੈਦ ਕੀਤਾ ਗਿਆ।ਇਥੇ ਉਹ ਕਰਤਾਰ ਸਿੰਘ ਸਰਾਭਾ ਤੇ ਹੋਰ ਗ਼ਦਰੀ ਸਾਥੀਆਂ ਨਾਲ ਇੱਕਠੇ ਹੋ ਗਏ।ਭਾਈ ਸਾਹਿਬ ਦੁਆਰਾ 13 ਮਈ ਤਕ ਕਰੀਬ 40 ਦਿਨ ਭੁੱਖ-ਹੜਤਾਲ ਕੀਤੀ ਗਈ।ਵੱਖ ਵੱਖ ਜੇਲ੍ਹਾਂ ਅੰਦਰ ਸਮਾਂ ਬਤੀਤ ਕਰਦਿਆਂ ਉਨ੍ਹਾਂ ਨੇ “ਗੁਰਮਤਿ ਬਿਬੇਕ ਅਤੇ ਮਹਾਂਕਾਵਿ ‘ਜੋਤਿ ਵਿਗਾਸ’ ਲਿਖਿਆ। ਭਾਈ ਸਾਹਿਬ ਦੀ ਬਦੌਲਤ ਹੀ ਸਿੰਘਾਂ ਨੂੰ ਜੇਲ੍ਹਾਂ ਵਿਚ ਦਸਤਾਰੇ ਸਜਾਣ ਦੀ ਆਗਿਆ ਮਿਲੀ ਅਤੇ ਕੜੇ, ਕਛਹਿਰੇ ਵੀ ਮਿਲੇ।ਆਖ਼ਰ 16 ਵਰ੍ਹੇ ਕੈਦ ਕੱਟਣ ਮਗਰੋਂ 1932 ਈ: ਵਿਚ ਰਿਹਾਈ ਹੋਈ। ਸੰਨ 1932 ਤੋਂ 1961 ਤੱਕ ਦਾ ਸਮਾਂ ਭਾਈ ਸਾਹਿਬ ਨੇ ਅਖੰਡ-ਪਾਠਾਂ, ਅਖੰਡ ਕੀਰਤਨ ਸਮਾਗਮਾਂ ਵਿਚ ਹਿੱਸਾ ਲੈਂਦਿਆਂ ਬਤੀਤ ਕੀਤਾ। ਭਾਈ ਸਾਹਿਬ ਦਾ ਜੀਵਨ ਬਹੁ-ਪੱਖੀ ਅਤੇ ਸਰਬ-ਪੱਖੀ ਸੰਪੂਰਨ ਸੀ।ਉਹ ਅਤੁੱਟ ਨਾਮ-ਅਭਿਆਸੀ, ਕੀਰਤਨ-ਰਸੀਅੜੇ, ਅਣਥੱਕ ਕੀਰਤਨੀਏ, ਕਥਨੀ ਤੇ ਕਰਨੀ ਦੇ ਸੂਰੇ, ਰਹਿਤ ਰਹਿਣੀ ਵਿਚ ਪੂਰੇ, ਸਿੱਖੀ ਸਿਦਕ ਵਿਚ ਦ੍ਰਿੜ, ਬੀਰ-ਰਸ ਭਰਭੂਰ, ਸੱਚੇ ਗੁਰਮਤਿ ਖੋਜੀ ਅਤੇ ਗੁਰਮਤਿ ਸਿਧਾਂਤਾਂ ਦੇ ਨਿਧੜਕ ਵਿਆਖਿਆਕਾਰ ਸਨ। ਪੰਜਾਬੀ ਸਾਹਿਤ ਨੂੰ ਉਨ੍ਹਾਂ ਦਾ ਸਭ ਤੋਂ ਵੱਡਾ ਯੋਗਦਾਨ ਗੁਰਮਤਿ ਸਾਹਿਤ ਸਿਰਜਣਾ ਹੈ। ਭਾਈ ਸਾਹਿਬ ਨੇ 40 ਦੇ ਕਰੀਬ ਰਚਨਾਵਾਂ ਲਿਖ ਕੇ ਸਿੱਖ ਸਾਹਿਤ ਦੇ ਭੰਡਾਰ ਨੂੰ ਹੀ ਨਹੀਂ ਭਰਿਆ ਸਗੋਂ ਇਨ੍ਹਾਂ ਲਿਖਤਾਂ ਦੁਆਰਾ ਗੁਰਮਤਿ ਅਤੇ ਸਿੱਖ ਸਿਧਾਂਤਾਂ ਦੀ ਵਿਆਖਿਆ ਕਰਦੇ ਹੋਏ ਸਿੱਖ ਧਰਮ ਦੇ ਪ੍ਰਚਾਰ ਦੀ ਨਿਸ਼ਕਾਮ ਸੇਵਾ ਕੀਤੀ ਹੈ। ਭਾਈ ਸਾਹਿਬ ਜੀ ਦੀ ਕੀਤੀ ਕੁਰਬਾਨੀ ਗੁਰਮਤਿ ਦੇ ਜਗਿਆਸੂਆਂ ਲਈ ਹਮੇਸ਼ਾ ਪ੍ਰੇਰਣਾ ਦਾ ਕੇਂਦਰ ਬਣੀ ਰਹੇਗੀ।

### ਯੂਰਪ ਦੇ ਸਿੱਖ ਆਗੂਆ ਨੇ ਪਾਕਿਸਤਾਨ ਗੁਰਦੁਆਰਾ ਕਮੇਟੀ ਪ੍ਰਧਾਨ ਸ੍ਰ: ਰਮੇਸ ਸਿੰਘ ਅਰੋੜਾ ਨੂੰ ਦਿੱਤਾ ਪੰਜ ਮਤਿਆਂ ਦਾ ਮੰਗ ਪੱਤਰ

# ਸੰਗਤਾਂ ਨੇ ਪੰਜ ਮਤਿਆਂ ਨੂੰ ਜੈਕਾਰਿਆਂ ਦੀ ਗੂੰਜ ’ਚ ਦਿੱਤੀ ਪ੍ਰਵਾਨਗੀ



ਨਵੀਂ ਦਿੱਲੀ 27 ਮਈ (ਮਨਪ੍ਰੀਤ ਸਿੰਘ ਖਾਲਸਾ):- ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰ: ਰਮੇਸ ਸਿੰਘ ਅਰੋੜਾ ਜਿਹੜੇ ਕਿ ਪੋਪ ਲਿਓ (16) ਦੀ ਦਸਤਾਰਬੰਦੀ ਧਾਰਮਿਕ ਸਮਾਗਮ ਚ ਸਮੂਲੀਅਤ ਕਰਨ ਪਹੁੱਚੇ ਸਨ। ਇਸ ਮੌਕੇ ਇਟਲੀ ਦੇ ਗੁਰਦੁਆਰਾ ਸਿੰਘ ਸਭਾ ਕੁਰਤੋਨੌਵਾ ਵਿਖੇ ਬੀਤੇ ਐਤਵਾਰ ਦੇ ਹਫਤਵਾਰੀ ਸਮਾਗਮ ਚ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆ ਉਨ੍ਹਾਂ ਆਖਿਆ ਕਿ ਪਾਕਿਸਤਾਨ ਗੁਰ ਸਹਿਬਾਨਾ ਦੀ ਚਰਨ ਛੋਹ ਪ੍ਰਾਪਤ ਧਰਤੀ ਸਿੱਖਾਂ ਲਈ ਇੱਕ ਪਵਿੱਤਰ ਅਸਥਾਨ ਹੈ। ਭਾਰਤ ਪਾਕਿ ਦੀ ਵੰਡ ਤੋ ਬਾਅਦ ਹਰ ਗੁਰਸਿੱਖ ਵਿੱਛੜੇ ਗੁਰਧਾਮਾ ਦੀ ਦੋ ਵਕਤ ਖੁੱਲੇ ਦਰਸ਼ਨ ਦਿਦਾਰੇ ਅਤੇ ਸੇਵਾ ਸੰਭਾਲ ਦੀ ਅਰਦਾਸ ਕਰਦਾ ਸੀ ਉਹ ਹੁਣ ਕਬੂਲ਼ ਹੋ ਚੁੱਕੀ ਹੈ। ਸਿੱਖਾਂ ਦੇ ਗੁਰਦੁਆਰਿਆ ਦਾ ਪ੍ਰਬੰਧ ਪਾਕਿਸਤਾਨ ਦੇ ਸਿੱਖਾਂ ਦੇ ਹੱਥ ਵਿੱਚ ਹੈ ਅਤੇ ਹਰ ਸਿੱਖ ਨੂੰ ਉਹਨਾਂ ਗੁਰਧਾਮਾਂ ਦੇ ਖੁੱਲੇ ਦਰਸ਼ਨ ਦੀਦਾਰੇ ਕਰਨ ਦੀ ਖੂੱਲ ਹੈ।ਉਹਨਾਂ ਵਿਦੇਸ਼ੀ ਸਿੱਖ ਸੰਗਤਾਂ ਨੂੰ ਵੱਧ ਤੋਂ ਵੱਧ ਗਿਣਤੀ ਚ ਪਾਕਿਸਤਾਨ ਗੁਰਧਾਮਾਂ ਦੇ ਦਰਸ਼ਨਾਂ ਲਈ ਆਉਣ ਦੀ ਬੇਨਤੀ ਕਰਦਿਆ ਸਿੱਖ ਯਾਤਰੀਆਂ ਦੀ ਹਰ ਤਰਾਂ ਦੀਆਂ ਸਹੂਲਿਅਤਾ ਨੂੰ ਯਕੀਨਨ ਬਣਾਉਣ ਦਾ ਭਰੋਸਾ ਦਿੰਦਿਆ ਭਾਰਤ ਵੱਲੋਂ ਕੀਤੇ ਜਾ ਰਹੇ ਗੁਮਰਾਹਕੂੰਨ ਪ੍ਰਚਾਰ ਜੰਗ ਦੌਰਾਨ ਪਾਕਿਸਤਾਨ ਵੱਲੋਂ ਦਰਬਾਰ ਸਾਹਿਬ ਤੇ ਡਰੋਨ ਨਾਲ ਕੀਤੇ ਹਮਲੇ ਨੂੰ ਮੁੱਢੋਂ ਨਕਾਰਦਿਆਂ ਕਿਹਾ ਕਿ ਪਾਕਿ ਫੌਜ ਇਸ ਤਰਾਂ ਦਾ ਅਪਣੇ ਸੁਪਨੇ ਵਿੱਚ ਵੀ ਨਹੀ ਸੋਚ ਸਕਦੀ। ਜਿਸ ਦੇਸ਼ ਦੀ ਹਕੂਮਤ ਨੇ 41 ਸਾਲ ਪਹਿਲਾਂ ਉਸੇ ਹੀ ਸਿੱਖਾਂ ਦੇ ਧਾਰਮਿਕ ਅਸਥਾਨ ਦਰਬਾਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਸਮੇਤ ਹੋਰ 37 ਗੁਰਧਾਮਾਂ ਤੇ ਹਮਲਾ ਕੀਤਾ ਹੋਵੇ, ਨਵੰਬਰ 84 ਚ ਸਿੱਖਾਂ ਨੂੰ ਉਚੇਚਾ ਨਿਸ਼ਾਨਾ ਬਣਾ ਉਹਨਾ ਦੀ ਨਸਲਕੁਸੀ ਕੀਤੀ ਗਈ ਹੋਵੇ ਅਤੇ ਸਿੱਖਾਂ ਦੀਆਂ ਜਾਇਦਾਦਾਂ ਨੂੰ ਅੱਗਾ ਲਗਾ ਕੇ ਤਬਾਹ ਕੀਤਾ ਹੋਵੇ, ਦੋਸ਼ੀਆਂ ਨੂੰ ਦਹਾਕਿਆਂ ਵੱਧੀ ਕਨੂੰਨੀ ਸਜ਼ਾਵਾਂ ਦੀ ਇੰਤਜ਼ਾਰ ਤੋਂ ਬਾਅਦ ਵੀ ਕੋਈ ਇਨਸਾਫ਼ ਨਾ ਦਿੱਤਾ ਹੋਵੇ ਉਸ ਹੁਕਮਰਾਨ ਵੱਲੋ ਇਹ ਕਹਿਣਾ ਬਿਲਕੁੱਲ ਵੀ ਵਾਜਿਬ ਨਹੀ। ਸਿੱਖ ਲੀਡਰਾਂ ਵੱਲੋਂ ਇਸ ਜੰਗ ਦੌਰਾਨ ਅਮਨ ਦਾ ਪੈਗਾਮ ਦੇਣਾ ਗੁਰੂ ਸਹਿਬਾਨਾ ਵਲੋਂ ਦਿੱਤੇ ਗਏ ਸਰਬੱਤ ਦੇ ਭਲੇ ਦੇ ਸਿਧਾਂਤ ਦੀ ਪਹਿਰੇਦਾਰੀ ਕਰਦਾ ਹੈ।ਪਾਕਿਸਤਾਨ ਗੁਰਦੁਆਰਾ ਕਮੇਟੀ ਜਲਦੀ ਹੀ ਸਿੱਖ ਸੰਗਤਾਂ ਲਈ ਪਾਕਿ ਗੁਰਦੁਆਰਾ ਸਹਿਬਾਨਾ ਦਾ ਆਮਦਨ, ਖ਼ਰਚਾ, ਕਾਰ ਸੇਵਾ, ਅਖੰਡ ਪਾਠ ਅਤੇ ਹੋਰ ਸਾਰੀਆਂ ਸਹੂਲਤਾਂ ਲਈ ਔਨਲਾਈਨ ਕਰਨ ਜਾ ਰਹੀ ਹੈ, ਤਾਂ ਜੋ ਸੰਗਤਾਂ ਕੋਲ ਹਰ ਕਾਰਜ ਦੀ ਸਹੀ ਜਾਣਕਾਰੀ ਮਿਲ ਸਕੇ ਅਤੇ ਅਪਣੇ ਦਸਵੰਧ ਨੂੰ ਸਹੀ ਹੱਥ ਤੱਕ ਪਹੁੰਚਣਾ ਸਕੇ। ਇਸ ਸਮਾਗਮ ਦੌਰਾਨ ਭਾਈ ਰਣਜੀਤ ਸਿੰਘ ਨੇ ਯੂਰਪ ਦੇ ਸਿੱਖਾਂ ਵੱਲੋਂ ਪੰਜ ਮਤੇ ਸਟੇਜ ਤੋਂ ਪੜ ਕੇ ਸੁਣਾਏ ਗਏ ਜਿਸ ਦੀ ਪ੍ਰਵਾਨਗੀ ਸਮੂੱਹ ਸੰਗਤਾਂ ਨੇ ਜੈਕਾਰਿਆਂ ਦੀ ਗੂੰਜ ਚ ਦਿੱਤੀ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੱਚੇ ਸਿੱਖ ਫੈਡਰੇਸ਼ਨ ਯੂਕੇ ਪ੍ਰਧਾਨ ਭਾਈ ਅਮਰੀਕ ਸਿੰਘ ਗਿੱਲ, ਭਾਈ ਦਵਿੰਦਰ ਜੀਤ ਸਿੰਘ, ਭਾਈ ਗੁਰਜੀਤ ਸਿੰਘ ਸਮਰਾ, ਸਿੱਖ ਫੈਡਰੇਸ਼ਨ ਸਵਿੱਸ ਤੋਂ ਭਾਈ ਰਣਜੀਤ ਸਿੰਘ ਮਸੂਤਾ, ਸਿੱਖ ਫੈਡਰੇਸ਼ਨ ਬੈਲਜੀਅਮ ਤੋਂ ਭਾਈ ਪ੍ਰਿਥੀਪਾਲ ਸਿੰਘ ਪਟਵਾਰੀ, ਸਿੱਖ ਫੈਡਰੇਸ਼ਨ ਜਰਮਨੀ ਭਾਈ ਗੁਰਮੀਤ ਸਿੰਘ ਖਨਿਆਣ, ਗੁਰਦੁਆਰਾ ਸਿੰਘ ਸਭਾ ਕੁਰਤਨੌਵਾ ਪ੍ਰਬੰਧ ਕਮੇਟੀ ਨੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਅਤੇ ਘੱਟ ਗਿਣਤੀ ਮਨਿਸਟਰ ਸ੍ਰ: ਰਮੇਸ ਸਿੰਘ ਅਰੋੜਾ ਨੂੰ ਪੰਜ ਮਤਿਆਂ ਦਾ ਮੰਗ ਪੱਤਰ ਦਿੱਤਾ ਜਿਨ੍ਹਾਂ ਵਿਚ ਪਹਿਲੇ ਮੱਤੇ ਰਾਹੀਂ ਪਾਕਿ ਇਤਿਹਾਸਿਕ ਗੁਰੂ ਘਰਾਂ ਨਾਲ ਸਬੰਧਿਤ ਸਾਰੀ ਜਾਇਦਾਦ ਪ੍ਰਬੰਧਕ ਕਮੇਟੀ ਦੇ ਹੱਥਾਂ ਚ ਦਿੱਤੀ ਜਾਵੇ। ਦੂਜੇ ਮੱਤੇ ਰਾਹੀਂ ਨਨਕਾਣਾ ਸਾਹਿਬ ਨੂੰ ਪਵਿੱਤਰ ਸਹਿਰ ਦਾ ਦਰਜਾ ਦਿੱਤਾ ਜਾਵੇ। ਤੀਜੇ ਮੱਤੇ ਰਾਹੀਂ ਗੁਰੂ ਨਾਨਕ ਪਾਤਿਸ਼ਾਹ ਜੀ ਦੀਆਂ ਮਨੁੱਖਤਾ ਲਈ ਦਿੱਤੀਆਂ ਸਿੱਖਿਆਵਾਂ ਨੂੰ ਘੱਟੋ-ਘੱਟ ਅੱਠਵੀ ਕਲਾਸ ਤੱਕ ਦੇ ਸਲੇਵਸ ਵਿੱਚ ਦਰਜ (ਪੜ੍ਹਾਇਆ) ਕੀਤਾ ਜਾਵੇ। ਚੋਥੇ ਮੱਤੇ ਰਾਹੀਂ ਜੰਗ ਦੌਰਾਨ ਸਿੱਖ ਸਰਧਾਲੂਆ ਦੇ ਪਾਕਿਸਤਾਨ ਗੁਰਧਾਮਾਂ ਦੇ ਦਰਸ਼ਨਾਂ ਦੀ ਮੁੜ ਬਹਾਲ ਕਰਨਾ ਅਤੇ ਸੁਰੱਖਿਆ ਯਕੀਨੀ ਬਣਾਈ ਜਾਵੇ। ਪੰਜਵੇ ਮੱਤੇ ਰਾਹੀਂ ਭਾਰਤ ਪਾਕਿ ਦੀ ਆਪਸੀ ਜੰਗ ਦੇ ਸਦੀਵੀ ਹੱਲ ਲਈ ਦੋਨਾਂ ਦੇਸ਼ਾਂ ਦੌਰਾਨ ਚੰਗੇ ਗੁਆਂਢੀ ਦੇਸ਼ ਦਾ ਫਰਜ਼ ਨਿਭਾਦਿਆਂ ਖਾਲਸਿਤਾਨ ਬਣਾਉਣ ਲਈ ਖੁੱਲ ਕੇ ਪਾਕਿਸਤਾਨ ਵਲੋਂ ਮਦਦ ਕੀਤੇ ਜਾਵੇ।ਮਤਿਆਂ ਦੀ ਪ੍ਰਵਾਨਗੀ ਸਮੂੱਹ ਸੰਗਤਾਂ ਨੇ ਜੈਕਾਰਿਆਂ ਦੀ ਗੂੰਜ ਚ ਦਿੱਤੀ।

# ਟਕਸਾਲੀ ਅਕਾਲੀ ਆਗੂ ਜਥੇਦਾਰ ਤਰਲੋਚਨ ਸਿੰਘ ਮੱਤੇਵਾਲ ਦਾ ਦੇਹਾਂਤ, ਵੱਖ ਵੱਖ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ



**ਚੌਕ ਮਹਿਤਾ, 27 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਅਕਾਲੀ ਦਲ ਅੰਮ੍ਰਿਤਸਰ ਦਿਹਾਤੀ ਤੋਂ ਸਾਬਕਾ ਜਨਰਲ ਸਕੱਤਰ ਹਲਕਾ ਮਜੀਠਾ ਤੋਂ ਟਕਸਾਲੀ ਆਗੂ ਅਤੇ ਉਘੇ ਕਾਰੋਬਾਰੀ ਜਥੇਦਾਰ ਤਰਲੋਚਨ ਸਿੰਘ ਮੱਤੇਵਾਲ ਜੋ ਪਿਛਲੇ ਦਿਨਾਂ ਤੋਂ ਬਿਮਾਰ ਚਲ ਰਹੇ ਸਨ ਅਤੇ ਅੱਜ ਉਹ ਅਕਾਲ ਚਲਾਣਾ ਕਰ ਗਏ੍ ਜਥੇਦਾਰ ਤਰਲੋਚਨ ਸਿੰਘ ਮੱਤੇਵਾਲ 91 ਵਰ੍ਹੇ ਦੇ ਸਨ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਵਿਚ ਅਹਿਮ ਅਸਥਾਨ ਰੱਖਦੇ ਸਨ ਬਿਕਰਮ ਸਿੰਘ ਮਜੀਠੀਆ ਦੂ ਬਹੁਤ ਨਜ਼ਦੀਕੀ ਸਨ੍ ਅੱਜ ਉਨ੍ਹਾਂ ਦੇ ਅਕਾਲ ਚਲਾਣੇ ਪਿੱਛੋਂ ਸੇਕੜੇ ਸਿਜਲ ਅੱਖਾਂ ਦੀ ਹਾਜ਼ਰੀ ਵਿਚ ਉਨ੍ਹਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ, ਜਿਸ ਦੌਰਾਨ ਸੀਨੀਅਰ ਅਕਾਲੀ ਆਗੂਆਂ ਤੇ ਇਲਕੇ ਦੇ ਮੋਹਤਬਰਾਂ ਵੱਲੋ ਵਿੱਛੜੀ ਰੂਹ ਨੂੰ ਸਰਧਾਂਜਲੀ ਦਿੱਤੀ੍ ਅੰਤਿਮ ਸੰਸਕਾਰ ਦੌਰਾਨ ਉਨ੍ਹਾਂ ਦੇ ਪੁੱਤਰ ਸਤਿੰਦਰਪਾਲ ਸਿੰਘ ਮੱਤੇਵਾਲ, ਮਨਿੰਦਰ ਸਿੰਘ ਮੱਤੇਵਾਲ ਤੇ ਜਗਜੀਤ ਸਿੰਘ ਵੱਲੋ ਚਿਤਾ ਨੂੰ ਅਗਨੀ ਦਿਖਾਈ੍ ਇਸੇ ਤਰ੍ਹਾਂ ਜਥੇਦਾਰ ਤਰਲੋਚਨ ਸਿੰਘ ਮੱਤੇਵਾਲ ਦੇ ਅਚਨਚੇਤ ਹੋਏ ਦੇਹਾਂਤ ਤੇ ਵੱਖ ਵੱਖ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ ਗਿਆ ਕੀਤਾ ਗਿਆ ਜਿਨਾਂ ਵਿੱਚ ਸੀਨੀਅਰ ਆਪ ਆਗੂ ਤਲਬੀਰ ਸਿੰਘ ਗਿੱਲ, ਸੰਤ ਬਾਬਾ ਸੱਜਣ ਸਿੰਘ ਮੁੱਖ ਸੇਵਾਦਾਰ ਗੁਰੂਦੁਆਰਾ ਗੁਰੂ ਕੀ ਬੇਰ ਸਾਹਿਬ, ਸੁਖਵਿੰਦਰ ਸਿੰਘ ਗੋਲਡੀ ਸਿਆਸੀ ਸਲਾਹਕਾਰ ਬਿਕਰਮ ਸਿੰਘ ਮਜੀਠੀਆ, ਗੁਰਪ੍ਰੀਤ ਸਿੰਘ ਮੱਤੇਵਾਲ ਭਤੀਜਾ, ਪਰਮਬੀਰ ਸਿੰਘ ਮੱਤੇਵਾਲ, ਪ੍ਰਿੰਸੀਪਲ ਮਾਈ ਭਾਗੋ ਕਾਲਜ, ਡਾ. ਕੁਲਦੀਪ ਸਿੰਘ ਮੱਤੇਵਾਲ, ਪ੍ਰੋਫ਼ ਸਤਬੀਰ ਸਿੰਘ ਮੱਤੇਵਾਲ, ਕੋਸਲਰ ਨਵਪ੍ਰੀਤ ਸਿੰਘ ਅੰਮ੍ਰਿਤਸਰ, ਸੁਖਦੇਵ ਸਿੰਘ ਮੱਤੇਵਾਲ, ਸਵਿੰਦਰ ਸਿੰਘ ਸਾਬਕਾ ਸਰਪੰਚ ਚੋਗਾਵਾਂ, ਹਰਜਿੰਦਰ ਸਿੰਘ ਜੋੜੀਆਂ, ਸੋਹਣ ਸਿੰਘ, ਅਮਰੀਕ ਸਿੰਘ, ਪੰਚ ਮੰਗਤਾ ਸਿੰਘ, ਦਲਜੀਤ ਸਿੰਘ ਮੱਤੇਵਾਲ, ਸੁਲੱਖਣ ਸਿੰਘ, ਗੁਰਨਾਮ ਸਿੰਘ ਰਾਜੂ, ਸਰਪੰਚ ਪ੍ਰੇਮ ਸਿੰਘ ਤਰਫਾਨ, ਸਰਕਲ ਪ੍ਰਧਾਨ ਰਣਧੀਰ ਸਿੰਘ ਧੀਰਾ ਭੋਏ, ਐਡਵੋਕੇਟ ਬਿਕਰਮਜੀਤ ਸਿੰਘ ਭੋਏ, ਸਮੇਤ ਵੱਡੀ ਗਿਣਤੀ ਵਿਚ ਮੋਹਤਬਰ ਆਗੂ ਮੌਜੂਦ ਸਨ੍

# ਤਾਲਮੇਲ ਕਮੇਟੀ ਪੈਰਾ ਮੈਡੀਕਲ ਵੱਲੋਂ ਐਸਐਮਓ ਤਲਵੰਡੀ ਸਾਬੋ ਨਾਲ ਕੀਤੀ ਮਹੀਨਾਵਾਰ ਮੀਟਿੰਗ

## ਐਸਐਮਓ ਡਾ. ਰਵੀ ਕਾਂਤ ਗੁਪਤਾ ਵੱਲੋਂ ਮੁਲਾਜ਼ਮ ਮੰਗਾਂ ਮਸਲਿਆਂ ਨੂੰ ਜਲਦੀ ਹੱਲ ਕਰਨ ਦਾ ਭਰੋਸਾ



**ਤਲਵੰਡੀ ਸਾਬੋ, 27 ਮਈ (ਗੁਰਜੰਟ ਸਿੰਘ ਨਥੇਹਾ)**-ਸਿਹਤ ਵਿਭਾਗ ਦੀ ਸਿਰਮੌਰ ਜਥੇਬੰਦੀ ਤਾਲਮੇਲ ਕਮੇਟੀ ਪੈਰਾ ਮੈਡੀਕਲ ਵੱਲੋਂ ਬਲਾਕ ਤਲਵੰਡੀ ਸਾਬੋ ਦੇ ਮੁਲਾਜ਼ਮ ਮੰਗਾਂ ਮਸਲਿਆਂ ਸਬੰਧੀ ਇੱਕ ਅਹਿਮ ਮੀਟਿੰਗ ਬਲਾਕ ਪ੍ਰਧਾਨ ਰਾਜੇਸ਼ ਕੁਮਾਰ ਮੌੜ ਅਤੇ ਜਰਨਲ ਸਕੱਤਰ ਭੁਪਿੰਦਰਪਾਲ ਕੌਰ ਦੀ ਅਗਵਾਈ ਹੇਠ ਐਸ.ਐਮ.ਓ ਡਾਕਟਰ ਰਵੀਕਾਂਤ ਗੁਪਤਾ ਨਾਲ ਕੀਤੀ ਗਈ। ਇਸ ਮੀਟਿੰਗ ਦੌਰਾਨ ਉਹਨਾਂ ਵੱਲੋਂ ਮੁਲਾਜ਼ਮ ਸਾਥੀਆਂ ਦੇ ਮੰਗਾਂ ਮਸਲਿਆਂ ਅਤੇ ਆਮ ਲੋਕਾਂ ਨੂੰ ਹਸਪਤਾਲ ਵਿਚ ਆ ਰਹੀਆਂ ਸਮੱਸਿਆਵਾਂ ਸੰਬੰਧੀ ਐਸਐਮਓ ਸਾਹਿਬ ਨੂੰ ਜਾਣੂ ਕਰਵਾਇਆ ਗਿਆ। ਇਸ ਮੌਕੇ ਆਗੂਆਂ ਨੇ ਦੱਸਿਆ ਕਿ ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਜਿਵੇਂ ਕਿ ਐਨ.ਆਰ.ਐਚ.ਐਮ ਮੁਲਾਜ਼ਮਾਂ ਦੀਆਂ ਤਨਖਾਹਾਂ ਸਮੇਂ ਸਿਰ ਜਾਰੀ ਨਾ ਹੋਣਾ, ਹਸਪਤਾਲ ਵਿਚ ਸੀਵਰੇਜ ਓਵਰ ਫਲੋ ਦੀ ਸਮੱਸਿਆਂ, ਗਰਭਵਤੀ ਔਰਤਾਂ ਦਾ ਚੈਕ ਅੱਪ ਪਹਿਲ ਦੇ ਆਧਾਰ ’ਤੇ ਕਰਨ, ਮੁਲਾਜ਼ਮਾਂ ਦਾ ਰੁਕਿਆ ਏਰੀਅਰ ਜਲਦ ਜਾਰੀ ਕਰਨਾ, ਸੀਐਚਓਜ ਦਾ ਰੁਕਿਆ ਇਨਸੈਂਟਿਵ ਜਾਰੀ ਕਰਨ, ਹਸਪਤਾਲ ਵਿਚ ਟੂਵੈਕਟਮੀ ਵਸੈਕਟਮੀ ਕੇਸ ਸ਼ੁਰੂ ਕਰਨ,ਅਤੇ ਪੈਂਡਿੰਗ ਪਏ ਮੁਲਾਜ਼ਮਾਂ ਦੇ ਦਫ਼ਤਰੀ ਕੰਮਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ, ਰਾਤ ਸਮੇਂ ਮਰੀਜ਼ ਦੇ ਨਾਲ ਆਈਆਂ ਆਸ਼ਾ ਵਰਕਰਾਂ ਦੇ ਰਹਿਣ ਦਾ ਪ੍ਰਬੰਧ ਕਰਨ, ਰੂਰਲ ਏਰੀਏ ਵਿੱਚ ਨਵੀਆਂ ਆਸ਼ਾ ਵਰਕਰਾਂ ਦੀ ਭਰਤੀ ਕਰਨ ਅਤੇ ਹੋਰ ਮੰਗਾਂ ਨੂੰ ਲੈ ਕੇ 23 ਸੂਤਰੀ ਮੰਗ ਪੱਤਰ ਉਪਰ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਨਾਲ ਹੀ ਪਿਛਲੇ ਸਮੇਂ ਕੀਤੀ ਗਈ ਮੀਟਿੰਗ ਦੀਆਂ ਮੰਗਾਂ ਦੀ ਸਮੀਖਿਆ ਕੀਤੀ ਗਈ ਜਿਸ ਵਿੱਚੋ ਐਸ.ਐਮ.ਓ ਸਾਹਿਬ ਵੱਲੋਂ ਬਹੁਤ ਗਿਣਤੀ ਮੰਗਾਂ ਮੰਨੀਆਂ ਗਈਆਂ ਅਤੇ ਰਹਿੰਦੀਆਂ ਮੰਗਾਂ ਨੂੰ ਵੀ ਜਥੇਬੰਦੀ ਵੱਲੋਂ ਜਲਦ ਹੱਲ ਕਰਨ ਲਈ ਕਿਹਾ ਗਿਆ। ਡਾਕਟਰ ਰਵੀਕਾਂਤ ਗੁਪਤਾ ਵੱਲੋਂ ਜਥੇਬੰਦੀ ਦੀਆਂ ਮੰਗਾਂ ਨੂੰ ਬੜੇ ਹੀ ਧਿਆਨ ਪੂਰਵਕ ਸੁਣਿਆ ਗਿਆ ਅਤੇ ਮੰਗਾਂ ਨੂੰ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਸੀ.ਐਚ.ਓ ਯੂਨੀਅਨ ਦੇ ਬਲਾਕ ਪ੍ਰਧਾਨ ਰਮਨਵੀਰ ਕੌਰ, ਦਰਜਾ ਚਾਰ ਯੂਨੀਅਨ ਦੇ ਪ੍ਰਧਾਨ ਵੀਰ ਭਾਨ, ਆਊਟਸੋਰਸ ਯੂਨੀਅਨ ਦੇ ਪ੍ਰਧਾਨ ਰਾਧੇ ਸ਼ਾਮ, ਤਾਲਮੇਲ ਕਮੇਟੀ ਪੈਰਾ ਮੈਡੀਕਲ ਦੇ ਵਿੱਤ ਸਕੱਤਰ ਅਮਨਦੀਪ ਸਿੰਘ ਗਿਆਨਾ, ਕੁਲਦੀਪ ਸਿੰਘ ਸੰਗਤ, ਗੁਰਪ੍ਰੀਤ ਕੌਰ ਜਗਾ ਰਾਮ ਤੀਰਥ, ਪ੍ਰਿਤਪਾਲ ਕੌਰ ਮਾਨਸਾ ਕਲਾਂ, ਪਰਮਜੀਤ ਕੌਰ ਮਾਨਸਾ ਕਲਾਂ, ਗੁਰਸੇਵਕ ਸਿੰਘ ਕਲੇਰ, ਹਰਪ੍ਰੀਤ ਸਿੰਘ, ਨਿਰਮਲ ਸਿੰਘ ਫਾਰਮਾਸਿਸਟ, ਪਾਲ ਸਿੰਘ ਆਦਿ ਸਾਥੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਰਕਾਰੀ ਸੈਕੰਡਰੀ ਸਕੂਲ ਜੌੜਕੀਆਂ ਵਿਖੇ ਕਰਵਾਇਆ ਸਨਮਾਨ ਸਮਾਰੋਹ

# ਬੋਰਡ ਪ੍ਰੀਖਿਆਵਾਂ ਵਿੱਚੋਂ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਕੀਤਾ ਸਨਮਾਨਿਤ







**ਤਲਵੰਡੀ ਸਾਬੋ, 27 ਮਈ (ਗੁਰਜੰਟ ਸਿੰਘ ਨਥੇਹਾ)**- ਅੱਜ ਸਰਕਾਰੀ ਸੈਕੰਡਰੀ ਸਕੂਲ ਜੌੜਕੀਆਂ ਵਿਖੇ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਸਮਾਰੋਹ ਵਿੱਚ ਅੱਠਵੀਂ, ਦਸਵੀਂ ਅਤੇ ਬਾਰਵੀਂ ਦੇ ਵਿਦਿਆਰਥੀਆਂ ਜਿਹਨਾਂ ਨੇ ਜਮਾਤ ਵਿੱਚੋਂ ਕ੍ਰਮਵਾਰ ਪਹਿਲੀ, ਦੂਸਰੀ ਅਤੇ ਤੀਸਰੀ ਪੁਜੀਸ਼ਨ ਹਾਸਿਲ ਕੀਤੀ ਨੂੰ ਸਨਮਾਨਿਤ ਕੀਤਾ ਗਿਆ। ਅੱਠਵੀਂ ਜਮਾਤ ਵਿੱਚੋਂ ਗੁਰਪ੍ਰੀਤ ਕੌਰ ਨੇ 561/600 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਅਮਰਿੰਦਰ ਸਿੰਘ ਨੇ 554/600 ਨੇ ਦੂਸਰਾ ਅਤੇ ਜਸਨੂਰ ਕੌਰ ਨੇ 527/600 ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਦਸਵੀਂ ਜਮਾਤ ਵਿੱਚੋਂ ਕ੍ਰਮਵਾਰ ਮਨਪ੍ਰੀਤ ਕੌਰ 580/650, ਨਮਨਦੀਪ ਕੌਰ 547/650 ਅਤੇ ਮਨਪ੍ਰੀਤ ਕੌਰ ਨੇ 503/650 ਨੇ ਕ੍ਰਮਵਾਰ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕੀਤਾ। ਬਾਰ੍ਹਵੀਂ ਜਮਾਤ ਵਿੱਚੋਂ ਕ੍ਰਮਵਾਰ ਕਰਮਜੀਤ ਕੌਰ 469/500, ਨਵਦੀਪ ਕੌਰ 462/500 ਅਤੇ ਰਾਜਵਿੰਦਰ ਕੌਰ ਨੇ 458/500 ਅੰਕ ਹਾਸਿਲ ਕਰਕੇ ਕ੍ਰਮਵਾਰ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਨਵਵਿੰਦਰ ਕੌਰ, ਨੀਸ਼ਾ, ਹਰਦੀਪ ਸਿੰਘ ਅਤੇ ਮਨਪ੍ਰੀਤ ਕੌਰ ਨੂੰ ਵੀ ਸਨਮਾਨਿਤ ਕੀਤਾ ਗਿਆ ਜਿਨ੍ਹਾਂ ਨੇ ਬਾਰ੍ਹਵੀਂ ਜਮਾਤ ਵਿੱਚੋਂ 85% ਤੋਂ ਉੱਪਰ ਅੰਕ ਪ੍ਰਾਪਤ ਕੀਤੇ ਹਨ। ਇਸ ਮੌਕੇ ਐੱਸ.ਐੱਮ.ਸੀ ਕਮੇਟੀ ਦੇ ਚੇਅਰਮੈਨ ਜਸਵੀਰ ਸਿੰਘ, ਪਿੰਡ ਦੇ ਮੌਜੂਦਾ ਸਰਪੰਚ ਸ. ਜਗਸੀਰ ਸਿੰਘ, ਨਛੱਤਰ ਸਿੰਘ ਮੌੜ, ਹਰਚੇਤ ਸਿੰਘ ਅਤੇ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਸਨ। ਇਸ ਮੌਕੇ ਸਕੂਲ ਮੁਖੀ ਡਾ. ਗੁਰਦਾਨ ਸਿੰਘ ਨੇ ਆਏ ਹੋਏ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ ਅਤੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਵੀ ਚੰਗੇ ਅੰਕ ਹਾਸਿਲ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮਾਸਟਰ ਹਰਜਿੰਦਰ ਸਿੰਘ ਨਥੇਹਾ ਨੇ ਜੀ ਆਇਆਂ ਨੂੰ ਕਿਹਾ ਅਤੇ ਮੈਡਮ ਪਰਮਜੀਤ ਕੌਰ ਨੇ ਅੰਤ ਵਿੱਚ ਸਾਰਿਆਂ ਦਾ ਧੰਨਵਾਦ ਕੀਤਾ। ਸਮੁੱਚੇ ਪ੍ਰੋਗਰਾਮ ਵਿੱਚ ਜਗਤਾਰ ਸਿੰਘ ਪੰਜਾਬੀ ਮਾਸਟਰ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ। ਇਸ ਮੌਕੇ ਅਧਿਆਪਕ ਅਮਨਦੀਪ ਸਿੰਘ, ਸੁਖਵਿੰਦਰ ਸਿੰਘ, ਵਿਵੇਕ ਸਿੰਗਲਾ, ਕੈਂਪਸ ਮੈਨੇਜਰ ਕ੍ਰਿਸ਼ਨ ਸਿੰਘ ਅਤੇ ਰਜਨੀਸ਼ ਸਿੰਗਲਾ ਨੇ ਉਚੇਚੇ ਤੌਰ ਤੇ ਸਾਰੇ ਪ੍ਰੋਗਰਾਮ ਦਾ ਪ੍ਰਬੰਧ ਕੀਤਾ। ਮੈਡਮ ਪਰਮਜੀਤ ਕੌਰ, ਸੁਮੀਤਪਾਲ ਕੌਰ, ਪ੍ਰਿਆ ਸਿੰਗਲਾ, ਜਸਵਿੰਦਰ ਕੌਰ, ਬਲਜੀਤ ਕੌਰ, ਗੁਰਵਿੰਦਰ ਕੌਰ, ਪ੍ਰਮਿੰਦਰ ਕੌਰ, ਮਨਪ੍ਰੀਤ ਕੌਰ ਨੇ ਇਸ ਸਮੇਂ ਅਨੁਸ਼ਾਸਨ ਬਣਾਉਣ ਵਿੱਚ ਵਿਸ਼ੇਸ਼ ਯੋਗਦਾਨ ਪਾਇਆ।

ਆਵਾਜ਼ਿ ਕੌਮ AWAZE QAUM International Newspaper & WEB TV

### ਅਕਾਲੀ ਦਲ (ਵਾਰਿਸ ਪੰਜਾਬ ਦੇ) ਵੱਲੋਂ

# ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਦਿੱਤੇ ਗਏ ਮੰਗ ਪੱਤਰ






### ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਤੇ ਨਜਾਇਜ਼ ਤੌਰ ਲੱਗੇ ਐਨ. ਐਸ. ਏ. ਵਿੱਚ ਤੀਸਰੀ ਵਾਰ ਵਾਧੇ ਦਾ ਵੱਡੇ ਤੌਰ 'ਤੇ ਵਿਰੋਧ

**ਫਿਰੋਜ਼ਪੁਰ 27 ਮਈ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ( ਵਾਰਿਸ ਪੰਜਾਬ ਦੇ ) ਅਧੀਨ ਆਉਂਦੀਆਂ ਸਾਰੀਆਂ ਜ਼ਿਲਾ ਇਕਾਈਆਂ ਵੱਲੋਂ ਅੱਜ ਪੰਜਾਬ ਦੇ ਹਰ ਜ਼ਿਲੇ 'ਚ ਇੱਕਜੁਟ ਹੋ ਕੇ ਡਿਪਟੀ ਕਮਿਸ਼ਨਰ ਦਫਤਰਾਂ ਵੱਲ ਰੋਸ ਮਾਰਚ ਕੀਤੇ ਗਏ। ਇਹ ਮਾਰਚ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਉੱਤੇ ਤੀਜੀ ਵਾਰ ਨਜਾਇਜ਼ ਢੰਗ ਨਾਲ ਵਧਾਏ ਗਏ NSA, ਬੰਦੀ ਸਿੰਘਾਂ ਦੀ ਰਿਹਾਈ ਅਤੇ ਪੰਜਾਬੀਆਂ ਦੀ ਆਵਾਜ਼ ਨੂੰ ਦਬਾਉਣ ਦੇ ਵਿਰੋਧ 'ਚ ਕੀਤੇ ਗਏ। ਹਰ ਜ਼ਿਲੇ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਆਗੂ, ਵਰਕਰ ਅਤੇ ਸਿੱਖ ਨੌਜਵਾਨ ਸ਼ਾਂਤੀਪੂਰਨ ਢੰਗ ਨਾਲ ਰੋਸ ਵਿਅਕਤ ਕਰਦੇ ਹੋਏ ਕੇਸਰੀ ਨਿਸ਼ਾਨ ਸਾਹਿਬ, ਭਾਈ ਅੰਮ੍ਰਿਤਪਾਲ ਸਿੰਘ ਦੀਆਂ ਤਸਵੀਰਾਂ ਤੇ ਹੱਕਾਂ ਦੇ ਸਲੋਗਨ ਲੈ ਕੇ ਨਿਕਲੇ। ਅਕਾਲੀ ਦਲ ( ਵਾਰਿਸ ਪੰਜਾਬ ਦੇ ) ਵੱਲੋਂ "NSA ਰੱਦ ਕਰੋ", "ਸਿੱਖ ਨੌਜਵਾਨ ਰਿਹਾਅ ਕਰੋ", "ਸਜ਼ਾ ਪੂਰੀ ਕਰ ਚੁੱਕੇ ਬੰਦੀ ਸਿੰਘ ਰਿਹਾਅ ਕਰੋ", "ਸਿੱਖ ਕੌਮ ਦੀ ਆਵਾਜ਼ ਨੂੰ ਨਾਂ ਦਬਾਓ" ਵਰਗੇ ਨਾਅਰਿਆਂ ਦੀ ਗੂੰਜ ਨਾਲ ਪੰਜਾਬ ਦੇ ਹਰੇਕ ਸ਼ਹਿਰ ਵਿੱਚ ਲੋਕਤੰਤਰਿਕ ਰੂਪ ਵਿੱਚ ਆਪਣੀਂ ਆਵਾਜ਼ ਬੁਲੰਦ ਕੀਤੀ ਗਈ। ਪਾਰਟੀ ਆਗੂਆਂ ਨੇ ਦੱਸਿਆ ਕਿ ਭਾਈ ਅੰਮ੍ਰਿਤਪਾਲ ਸਿੰਘ, ਜੋ ਕਿ ਲੋਕਤੰਤਰੀ ਢੰਗ ਨਾਲ ਚੋਣ ਜਿੱਤ ਕੇ ਸੰਸਦ 'ਚ ਪਹੁੰਚੇ ਹਨ, ਉਨ੍ਹਾਂ ਉੱਤੇ ਲਗਾਤਾਰ NSA ਦਾ ਵਾਧਾ ਕਰਨਾ ਸਿਰਫ਼ ਅਤੇ ਸਿਰਫ਼ ਪੰਜਾਬ ਦੀ ਆਵਾਜ਼ ਨੂੰ ਦਬਾਉਣ ਦੇ ਨਾਲ-ਨਾਲ ਲੋਕਤੰਤਰ ਦੀ ਵੀ ਹੱਤਿਆ ਹੈ । ਇਸੇ ਤਰ੍ਹਾਂ ਸਜ਼ਾ ਪੂਰੀ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਤੇ ਲਾਕੇ ਰੱਖੀ ਗਈ ਰੋਕ ਅਤੇ ਭਾਈ ਅੰਮ੍ਰਿਤਪਾਲ ਸਿੰਘ ਦੇ ਨਾਲ ਗ੍ਰਿਫਤਾਰ ਹੋਏ ਸਿੱਖ ਨੌਜਵਾਨਾਂ ਦੀ ਲੰਮੀ ਕੈਦ ਸਮੁੱਚੀ ਸਿੱਖ ਕੌਮ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਉਣ ਵਾਲੀ ਅਤੇ ਮਨੁੱਖੀ ਅਧਿਕਾਰਾਂ ਘਾਣ ਕਰਨ ਵਾਲੀ ਹੈ। ਉਹਨਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਜੇਲ੍ਹ 'ਚ ਜਾਣ ਤੋਂ ਪਹਿਲਾਂ ਚਲਾਈ ਨਸ਼ਾ ਵਿਰੋਧੀ ਲਹਿਰ ਨੇ ਪੰਜਾਬ ਦੇ ਨੌਜਵਾਨਾਂ ਵਿਚ ਚੇਤਨਾ ਜਗਾਈ ਅਤੇ ਉਹਨਾਂ ਨੇ ਗੁਰਮਤਿ ਅਧਾਰਿਤ ਜੀਵਨ, ਸਿੱਖ ਸਿਧਾਂਤਾਂ ਦੀ ਰੱਖਿਆ ਅਤੇ ਮਨੁੱਖੀ ਅਧਿਕਾਰਾਂ ਦੀ ਬਹਾਲੀ ਲਈ ਲੋਕਾਂ ਨੂੰ ਉਤਸ਼ਾਹਿਤ ਕੀਤਾ। ਇਸਦੇ ਉਲਟ, ਪੰਜਾਬ ਦੇ ਮੁੱਖ ਮੰਤਰੀ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਨੂੰ ਹਾਲਾਤ ਵਿਗਾੜਨ ਵਾਲਾ ਕਦਮ ਦੱਸਣਾ ਨਾ ਸਿਰਫ਼ ਹਕੀਕਤ ਤੋਂ ਪਰੇ ਹੈ, ਸਗੋਂ ਇਹ ਸਿੱਖ ਹੱਕਾਂ ਦੀ ਆਵਾਜ਼ ਨੂੰ ਦਬਾਉਣ ਦੀ ਯੋਜਨਾ ਦਾ ਹਿੱਸਾ ਵੀ ਲੱਗਦਾ ਹੈ। ਇਸ ਦੌਰਾਨ, ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਹਿਰਾਸਤ ਵਿੱਚ ਹੋਣ ਦੇ ਬਾਵਜੂਦ, ਪੰਜਾਬ ਦੇ ਹਰ ਹਿੱਸੇ ਤੋਂ ਨਸ਼ਿਆਂ ਦੀ ਵੱਧ ਰਹੀ ਭਿਆਨਕ ਸਥਿਤੀ, ਲਾਅ ਐਂਡ ਆਰਡਰ ਦਾ ਡਿੱਗਦਾ ਪੱਧਰ, ਨੌਜਵਾਨਾਂ ਵਿੱਚ ਵੱਧਦੀ ਨਿਰਾਸ਼ਾ, ਅਤੇ ਆਰਥਿਕ ਬੇਹਾਲੀ ਦੀਆਂ ਖ਼ਬਰਾਂ ਆ ਰਹੀਆਂ ਹਨ। ਇਹ ਸਾਰੇ ਹਾਲਾਤ ਸਿੱਧ ਕਰਦੇ ਹਨ ਕਿ ਅਸਲ ਖ਼ਤਰਾ ਭਾਈ ਅੰਮ੍ਰਿਤਪਾਲ ਸਿੰਘ ਨਹੀਂ, ਸਗੋਂ ਉਹ ਸੂਬਾਈ ਨੀਤੀਆਂ ਹਨ ਜੋ ਨਾਂ ਤਾਂ ਨਸ਼ਿਆਂ ਨੂੰ ਰੋਕ ਸਕੀਆਂ ਅਤੇ ਨਾਂ ਹੀ ਲੋਕਾਂ ਨੂੰ ਇਨਸਾਫ਼ ਦੇ ਸਕੀਆਂ। ਅਖ਼ੀਰ ਵਿੱਚ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਸਮੂਹ ਆਗੂਆਂ ਤੇ ਵਰਕਰਾਂ ਪਾਰਟੀ ਦੇ ਮੁੱਖ ਸੇਵਾਦਾਰ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਤੋਂ ਤੁਰੰਤ NSA ਹਟਾ ਕੇ ਰਿਹਾਅ ਕਰਨ ਦੀ ਗੱਲ ਕਰਦਿਆਂ "ਸਿੱਖ ਕੌਮ ਦੀ ਆਵਾਜ਼ ਜ਼ੁਲਮ ਦੇ ਖਿਲਾਫ਼" ਦਾ ਨਾਅਰਾ ਬੁਲੰਦ ਕੀਤਾ। ਇਸ ਮੌਕੇ ਜਿਲਾ ਫਿਰੋਜ਼ਪੁਰ ਤੋਂ ਭਾਈ ਕਰਨਵੀਰ ਸਿੰਘ, ਭਾਈ ਹਰਜਿੰਦਰ ਸਿੰਘ, ਭਾਈ ਪ੍ਰਗਟ ਸਿੰਘ, ਭਾਈ ਗੁਰਮੀਤ ਸਿੰਘ ਮਾਹਲਾ ਅਤੇ ਅੰਮ੍ਰਿਤਸਰ ਜ਼ਿਲ੍ਹਾ ਕਮੇਟੀ ਤੋਂ ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸਵਰਨ ਸਿੰਘ ਗੋਲਡਨ, ਭਾਈ ਮਹਿੰਦਰਪਾਲ ਸਿੰਘ ਤੁੰਗ ਅਤੇ ਪਹੁੰਚੇ ਹੋਰ ਆਗੂ ਸਾਹਿਬਾਨਾਂ ਵਿੱਚ ਭਾਈ ਲਖਵਿੰਦਰ ਸਿੰਘ ਅਰਾਈਆਂ ਵਾਲਾ, ਭਾਈ ਬਲਵਿੰਦਰ ਸਿੰਘ, ਭਾਈ ਕਾਬਲ ਸਿੰਘ, ਭਾਈ ਅਮਰਜੀਤ ਸਿੰਘ ਮਠਾੜੂ, ਸ੍ਰ ਦਾਰਾ ਸਿੰਘ, ਸ੍ਰ ਮਹਿਲ ਸਿੰਘ, ਭਾਈ ਰਘਬੀਰ ਸਿੰਘ ਸਨੇਰ, ਭਾਈ ਰਣਜੀਤ ਸਿੰਘ ਬੰਬ, ਭਾਈ ਅਮਰੀਕ ਸਿੰਘ, ਭਾਈ ਹਰਦੀਪ ਸਿੰਘ ਹਰਦਾਸਾ, ਭਾਈ ਮਹਾਵੀਰ ਸਿੰਘ, ਭਾਈ ਦਿਲਬਾਗ ਸਿੰਘ, ਬਾਬਾ ਸੁਖਵਿੰਦਰ ਸਿੰਘ, ਭਾਈ ਦਵਿੰਦਰ ਸਿੰਘ ਦਮਦਮੀ ਟਕਸਾਲ, ਭਾਈ ਗੁਰਭੇਜ ਸਿੰਘ ਲੋਪੋ, ਭਾਈ ਕੁਲਦੀਪ ਸਿੰਘ ਬਾਠ, ਭਾਈ ਗੁਰਮੁਖ ਸਿੰਘ ਮਿਸਰੀ ਵਾਲਾ, ਸੁਖਦੇਵ ਸਿੰਘ ਵਣਜੋਕੇ ਅਤੇ ਲੱਗਭੱਗ ਢਾਈ ਤਿੰਨ ਦੇ ਕਰੀਬ ਸਰਗਰਮ ਵਰਕਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅੰਮ੍ਰਿਤਸਰ ਬੰਬ ਧਮਾਕਾ: ਬ੍ਰਹਮਪੁਰਾ ਵੱਲੋਂ 'ਆਪ' ਸਰਕਾਰ ਦੀ ਸਖ਼ਤ ਨਿਖੇਧੀ, ਮੁਕੰਮਲ ਨਾਕਾਮੀ ਕਰਾਰ

- ਪੰਜਾਬ 'ਚ ਮੁੜ ਸਿਰ ਚੁੱਕ ਰਹੀਆਂ ਕਾਲੇ ਦੌਰ ਦੀਆਂ ਤਾਕਤਾਂ, ਸਰਕਾਰ ਕੁੰਭਕਰਨੀ ਨੀਂਦ 'ਚ - ਬ੍ਰਹਮਪੁਰਾ
- ਸਰਹੱਦ ਪਾਰੋਂ ਤਸਕਰੀ ਵੱਡਾ ਕੌਮੀ ਖਤਰਾ, ਐਨ.ਆਈ.ਏ. ਜਾਂਚ ਹੋਵੇ: ਬ੍ਰਹਮਪੁਰਾ ਦੀ ਕੇਂਦਰ ਨੂੰ ਅਪੀਲ
- ਮੁੱਖ ਮੰਤਰੀ ਨੂੰ ਨੈਤਿਕਤਾ ਦੇ ਆਧਾਰ 'ਤੇ ਇੱਕ ਮਿੰਟ ਵੀ ਕੁਰਸੀ 'ਤੇ ਰਹਿਣ ਦਾ ਹੱਕ ਨਹੀਂ, ਬ੍ਰਹਮਪੁਰਾ ਨੇ ਕਿਹਾ ਮਾਨ ਤੁਰੰਤ ਅਸਤੀਫ਼ਾ ਦੇਣ



**ਤਰਨ ਤਾਰਨ, 27 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਅਤੇ ਹਲਕਾ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ, ਰਵਿੰਦਰ ਸਿੰਘ ਬ੍ਰਹਮਪੁਰਾ ਨੇ ਅੱਜ ਅੰਮ੍ਰਿਤਸਰ ਦੇ ਮਜੀਠਾ ਰੋਡ ਬਾਈਪਾਸ 'ਤੇ ਹੋਏ ਬੰਬ ਧਮਾਕੇ ਦੀ ਘਟਨਾ 'ਤੇ ਡੂੰਘਾ ਦੁੱਖ ਅਤੇ ਰੋਸ ਪ੍ਰਗਟ ਕਰਦੇ ਹੋਏ ਇਸ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਦੀ ਮੁਕੰਮਲ ਨਾਕਾਮੀ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਘਟਨਾ ਸਾਬਤ ਕਰਦੀ ਹੈ ਕਿ ਪੰਜਾਬ ਵਿੱਚ ਮੁੜ ਕਾਲੇ ਦੌਰ ਦੀਆਂ ਤਾਕਤਾਂ ਸਿਰ ਚੁੱਕ ਰਹੀਆਂ ਹਨ ਅਤੇ ਸਰਕਾਰ ਕੁੰਭਕਰਨੀ ਨੀਂਦ ਸੁੱਤੀ ਪਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇੱਥੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ, ਸ੍ਰ. ਬ੍ਰਹਮਪੁਰਾ ਨੇ ਕਿਹਾ, "ਅੱਜ ਅੰਮ੍ਰਿਤਸਰ ਵਿੱਚ ਦਿਨ-ਦਿਹਾੜੇ ਹੋਇਆ ਬੰਬ ਧਮਾਕਾ ਕੋਈ ਮਾਮੂਲੀ ਘਟਨਾ ਨਹੀਂ, ਸਗੋਂ 'ਆਪ' ਸਰਕਾਰ ਦੇ ਉਨ੍ਹਾਂ ਸਾਰੇ ਝੂਠੇ ਦਾਅਵਿਆਂ ਦਾ ਜਨਾਜ਼ਾ ਹੈ ਜੋ ਉਹ ਕਰੋੜਾਂ ਰੁਪਏ ਦੇ ਇਸ਼ਿਤਹਾਰਾਂ ਰਾਹੀਂ ਕਰ ਰਹੀ ਹੈ। ਜਦੋਂ ਸੂਬੇ ਦੇ ਗ੍ਰਹਿ ਮੰਤਰੀ ਖੁਦ ਮੁੱਖ ਮੰਤਰੀ ਹੋਣ, ਤਾਂ ਅਜਿਹੀ ਘਟਨਾ ਲਈ ਸਿੱਧੀ ਜ਼ਿੰਮੇਵਾਰੀ ਉਨ੍ਹਾਂ ਦੀ ਬਣਦੀ ਹੈ। ਭਗਵੰਤ ਮਾਨ ਨੂੰ ਨੈਤਿਕਤਾ ਦੇ ਆਧਾਰ 'ਤੇ ਇੱਕ ਮਿੰਟ ਵੀ ਆਪਣੀ ਕੁਰਸੀ 'ਤੇ ਰਹਿਣ ਦਾ ਹੱਕ ਨਹੀਂ ਹੈ।

ਉਨ੍ਹਾਂ ਨੇ 'ਆਪ' ਸਰਕਾਰ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ, "ਮੈਂ ਕੁਝ ਦਿਨ ਪਹਿਲਾਂ ਹੀ ਸਰਕਾਰ ਨੂੰ ਚੇਤਾਵਨੀ ਦਿੱਤੀ ਸੀ ਕਿ ਸਰਹੱਦ ਪਾਰੋਂ ਹਥਿਆਰਾਂ ਅਤੇ ਨਸ਼ਿਆਂ ਦੀ ਤਸਕਰੀ ਇੱਕ ਵੱਡਾ ਰਾਸ਼ਟਰੀ ਖ਼ਤਰਾ ਹੈ ਅਤੇ ਇਸ ਦੀ ਜਾਂਚ ਐਨ.ਆਈ.ਏ. ਨੂੰ ਸੌਂਪੀ ਜਾਵੇ। ਪਰ ਸਰਕਾਰ ਨੇ ਮੇਰੀ ਗੱਲ ਨੂੰ ਅਣਸੁਣਿਆ ਕਰ ਦਿੱਤਾ, ਜਿਸਦਾ ਨਤੀਜਾ ਅੱਜ ਸਭ ਦੇ ਸਾਹਮਣੇ ਹੈ। ਪੁਲਿਸ ਦਾ ਇਹ ਕਹਿਣਾ ਕਿ ਧਮਾਕਾਖੇਜ਼ ਸਮੱਗਰੀ ਪਾਕਿਸਤਾਨ ਤੋਂ ਆਈ ਅਤੇ ਇਸ ਪਿੱਛੇ ਬੱਬਰ ਖਾਲਸਾ ਦਾ ਹੱਥ ਹੋ ਸਕਦਾ ਹੈ, ਇਹ ਸੂਬੇ ਦੇ ਖੁਫ਼ੀਆ ਤੰਤਰ ਦੇ ਪੂਰੀ ਤਰ੍ਹਾਂ ਫੇਲ੍ਹ ਹੋਣ ਦਾ ਪ੍ਰਤੱਖ ਸਬੂਤ ਹੈ।

ਲੋਕ ਸਭਾ ਹਲਕ ਖਡੂਰ ਸਾਹਿਬ ਅਤੇ ਸਰਹੱਦੀ ਖ਼ੇਤਰ ਦੀ ਬਦਤਰ ਹਾਲਤ ਦਾ ਜ਼ਿਕਰ ਕਰਦਿਆਂ ਸ੍ਰ. ਬ੍ਰਹਮਪੁਰਾ ਨੇ ਕਿਹਾ, "ਇਹ ਸਿਰਫ਼ ਅੰਮ੍ਰਿਤਸਰ ਦੀ ਗੱਲ ਨਹੀਂ। ਤਰਨ ਤਾਰਨ ਵਿੱਚ ਥਾਣੇ 'ਤੇ ਆਰ.ਪੀ.ਜੀ ਹਮਲਾ, ਸਾਡੇ ਖੇਤਾਂ ਵਿੱਚ ਲਗਾਤਾਰ ਡਰੋਨਾਂ ਦਾ ਆਉਣਾ ਅਤੇ ਹਥਿਆਰ ਸੁੱਟਣਾ ਹੁਣ ਰੋਜ਼ ਦੀ ਗੱਲ ਹੋ ਗਈ ਹੈ। ਸਰਹੱਦੀ ਇਲਾਕੇ ਦੇ ਲੋਕ ਡਰ ਅਤੇ ਸਹਿਮ ਦੇ ਮਾਹੌਲ ਵਿੱਚ ਜੀਅ ਰਹੇ ਹਨ, ਪਰ 'ਆਪ' ਸਰਕਾਰ ਦੇ ਮੰਤਰੀ ਆਪਣੀਆਂ ਨਾਕਾਮੀਆਂ ਛੁਪਾਉਣ ਲਈ ਵਿਰੋਧੀ ਧਿਰ 'ਤੇ ਸਿਆਸਤ ਕਰਨ ਦੇ ਝੂਠੇ ਦੋਸ਼ ਲਗਾ ਰਹੇ ਹਨ। ਸ੍ਰ. ਬ੍ਰਹਮਪੁਰਾ ਨੇ ਕੇਂਦਰ ਸਰਕਾਰ ਨੂੰ ਤੁਰੰਤ ਦਖਲ ਦੇਣ ਦੀ ਮੰਗ ਕਰਦਿਆਂ ਕਿਹਾ ਕਿ ਇਸ ਪੂਰੇ ਮਾਮਲੇ ਅਤੇ ਸਰਹੱਦ ਪਾਰੋਂ ਹੋ ਰਹੀ ਤਸਕਰੀ ਦੇ ਪੂਰੇ ਨੈੱਟਵਰਕ ਦੀ ਜਾਂਚ ਤੁਰੰਤ ਰਾਸ਼ਟਰੀ ਜਾਂਚ ਏਜੰਸੀ (ਐਨ.ਆਈ.ਏ) ਨੂੰ ਸੌਂਪੀ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਉਹ ਜਲਦ ਹੀ ਇੱਕ ਵਫ਼ਦ ਨਾਲ ਮਾਣਯੋਗ ਰਾਜਪਾਲ ਨੂੰ ਮਿਲ ਕੇ ਉਨ੍ਹਾਂ ਨੂੰ ਪੰਜਾਬ ਦੀ ਅਸਲ ਸਥਿਤੀ ਤੋਂ ਜਾਣੂ ਕਰਵਾਉਣਗੇ ਅਤੇ ਜੇਕਰ ਸਰਕਾਰ ਨੇ ਕੋਈ ਠੋਸ ਕਦਮ ਨਾ ਚੁੱਕੇ ਤਾਂ ਪੰਜਾਬ ਦੇ ਲੋਕਾਂ ਨੂੰ ਨਾਲ ਲੈ ਕੇ ਸੜਕਾਂ 'ਤੇ ਸੰਘਰਸ਼ ਕੀਤਾ ਜਾਵੇਗਾ।

# ਸ੍ਰੀ ਭਗਵਤ ਅਤੇ ਆਰ.ਐਸ.ਐਸ. ਦਾ ਗੈਰ-ਹਿੰਦੂਆਂ ਅਤੇ ਘੱਟ ਗਿਣਤੀਆਂ ਨੂੰ ਖਤਮ ਕਰਨ ਵੱਲ ਵੱਧਣਾ ਗੈਰ-ਇਨਸਾਨੀਅਤ ਅਤੇ ਮਨੁੱਖਤਾ ਲਈ ਵੱਡਾ ਖਤਰਾਂ : ਮਾਨ




**ਫ਼ਤਹਿਗੜ੍ਹ ਸਾਹਿਬ ( ਰਣਜੀਤ ਸਿੰਘ ਪੇਧਨੀ)-)** "ਜਦੋਂ ਇੰਡੀਆਂ ਦੀ ਪਾਰਲੀਮੈਂਟ ਵਿਚ ਸੁਪਰੀਮ ਕੋਰਟ, ਹਾਈਕੋਰਟਾਂ, ਤਿੰਨੇ ਨੇਵੀ, ਆਰਮੀ, ਏਅਰਫੋਰਸ ਫ਼ੌਜਾਂ, ਸਿਵਲ, ਕਾਰਜਕਾਰਨੀ ਅਤੇ ਨਿਆਪਾਲਿਕਾਂ ਦੇ ਨਾਲ-ਨਾਲ ਮੁਲਕ ਦੀਆਂ ਸਭ ਯੂਨੀਵਰਸਿਟੀਆਂ, ਸੈਂਟਰ ਦੀ ਕੈਬਨਿਟ, ਸੂਬਿਆਂ ਦੇ ਗਵਰਨਰ, ਸੂਬਿਆਂ ਦੇ ਮੁੱਖ ਜੱਜ, ਚੋਣ ਕਮਿਸਨ ਅਤੇ ਹੋਰ ਸੈਂਟਰਲ ਕਮਿਸਨਾਂ ਉਤੇ ਹਿੰਦੂ ਬਹੁਗਿਣਤੀ ਦਾ ਪੂਰਨ ਰੂਪ ਵਿਚ ਕਬਜਾ ਹੈ ਅਤੇ ਇਨ੍ਹਾਂ ਅਹਿਮ ਸੰਸਥਾਵਾਂ ਦੇ ਮੁੱਖ ਅਹੁਦਿਆ ਉਤੇ ਹਿੰਦੂ ਬਿਰਾਜਮਾਨ ਹਨ, ਫਿਰ ਜਮਹੂਰੀਅਤ ਦਾ ਚੌਥਾ ਥੰਮ੍ਹ ਮੰਨਿਆ ਜਾਂਦਾ ਪ੍ਰੈਸ ਤੇ ਮੀਡੀਏ ਉਤੇ ਵੀ ਇਨ੍ਹਾਂ ਦਾ ਹੀ ਬੋਲਬਾਲਾ ਹੈ, ਫਿਰ ਸ੍ਰੀ ਮੋਹਨ ਭਗਵਤ ਕਿਸ ਲਹਿਜੇ ਵਿਚ ਕਹਿ ਰਹੇ ਹਨ ਕਿ ਹਿੰਦੂਆਂ ਨੂੰ ਏਕਤਾ ਕਰਨੀ ਪਵੇਗੀ ?" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਆਰ.ਐਸ.ਐਸ ਮੁੱਖੀ ਸ੍ਰੀ ਮੋਹਨ ਭਗਵਤ ਵੱਲੋ ਹਿੰਦੂਆਂ ਵਿਚ ਏਕਤਾ ਦੀ ਨਿਰਆਧਾਰ ਦੁਹਾਈ ਦੇਣ ਦੀ ਕੀਤੀ ਜਾ ਰਹੀ ਬਿਆਨਬਾਜੀ ਨੂੰ ਗੈਰ ਹਿੰਦੂਆਂ ਲਈ ਅਤੇ ਘੱਟ ਗਿਣਤੀਆਂ ਲਈ ਵੱਡਾ ਖਤਰਾ ਕਰਾਰ ਦਿੰਦੇ ਹੋਏ ਅਤੇ ਸਮੁੱਚੀਆਂ ਘੱਟ ਗਿਣਤੀ ਕੌਮਾਂ ਅਤੇ ਗੈਰ ਹਿੰਦੂ ਵਰਗਾਂ ਨੂੰ ਬਿਨ੍ਹਾਂ ਕਿਸੇ ਦੇਰੀ ਦੇ ਆਪਣੇ ਹੱਕ ਹਕੂਕਾਂ ਤੇ ਵਿਧਾਨਿਕ ਹੱਕਾਂ ਦੀ ਰਾਖੀ ਲਈ ਇਕ ਪਲੇਟਫਾਰਮ ਤੇ ਇਕੱਤਰ ਹੋ ਜਾਣ ਦੀ ਸੰਜੀਦਾ ਅਪੀਲ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਸ੍ਰੀ ਭਗਵਤ ਵੱਲੋ ਹਿੰਦੂਆਂ ਦੀ ਏਕਤਾ ਸੰਬੰਧੀ ਕੀਤੀ ਬਿਆਨਬਾਜੀ ਤੋ ਇੰਝ ਜਾਪਦਾ ਹੈ ਕਿ ਸ੍ਰੀ ਭਗਵਤ ਅਤੇ ਆਰ.ਐਸ.ਐਸ ਦੇ ਕੱਟੜਵਾਦੀ ਸੰਗਠਨ ਇੰਡੀਆਂ ਵਿਚ ਵੱਸਣ ਵਾਲੀਆ ਘੱਟ ਗਿਣਤੀ ਕੌਮਾਂ ਤੇ ਗੈਰ ਹਿੰਦੂਆਂ ਲਈ ਉਸੇ ਤਰ੍ਹਾਂ ਦਾ ਜ਼ਬਰ ਜੁਲਮ ਕਰਨ ਦੀਆਂ ਵਿਊਤਾ ਬਣਾ ਰਹੇ ਹਨ ਜਿਵੇ ਨਾਜੀਆ ਨੇ ਨਿਊਰਮਬਰਗ ਲਾਅ 1935 ਰਾਹੀ ਉਸ ਸਮੇ 60 ਲੱਖ ਯਹੂਦੀਆਂ ਨੂੰ ਗੈਸ ਚੈਬਰਾਂ ਵਿਚ ਪਾ ਕੇ ਜ਼ਬਰੀ ਸਾੜਕੇ ਅਣਮਨੁੱਖੀ ਤੇ ਗੈਰ ਇਨਸਾਨੀਅਤ ਅਮਲ ਕੀਤੇ ਸਨ । ਉਸੇ ਤਰ੍ਹਾਂ ਘੱਟ ਗਿਣਤੀਆਂ, ਸਡਿਊਲਡ ਕਾਸਟ, ਆਦਿਵਾਸੀਆ ਉਤੇ ਜ਼ਬਰ ਢਾਹੁਣ ਦੀ ਸੋਚ ਉਤੇ ਅਮਲ ਕਰਨ ਜਾ ਰਹੇ ਹਨ । ਸਾਡੀ ਪਾਰਟੀ ਇਹ ਮਹਿਸੂਸ ਕਰਦੀ ਹੈ ਕਿ ਅਜੋਕੇ ਸਮੇ ਸੰਸਾਰ ਦੀਆਂ ਘੱਟ ਗਿਣਤੀ ਕੌਮਾਂ ਉਸ ਦਿਸ਼ਾਂ ਵੱਲ ਵੱਧ ਰਹੀਆ ਹਨ ਕਿ ਜਿਵੇ ਯਹੂਦੀਆ ਉਤੇ ਜ਼ਬਰ ਢਾਹਿਆ ਗਿਆ ਸੀ ਉਸ ਨੂੰ ਘੱਟ ਗਿਣਤੀ ਕੌਮਾਂ ਬਿਲਕੁਲ ਬਰਦਾਸਤ ਨਹੀ ਕਰਨਗੀਆ ਅਤੇ ਨਾ ਹੀ ਯਹੂਦੀਆ, ਜਿਪਸੀਆ ਦੀ ਤਰ੍ਹਾਂ ਖੁੱਲ੍ਹੇਆਮ ਜ਼ਬਰ ਕਰਨ ਦੀ ਇਜਾਜਤ ਦਿੱਤੀ ਜਾਵੇਗੀ । ਇਸ ਲਈ ਕੱਟੜਵਾਦੀ ਆਰ.ਐਸ.ਐਸ ਸੰਗਠਨ ਤੇ ਉਸਦੇ ਮੁੱਖੀ ਨੂੰ ਆਪਣੀਆ ਮੰਦਭਾਵਨਾ ਭਰੀਆ ਨੀਤੀਆ ਤੇ ਅਮਲਾਂ ਤੋ ਤੋਬਾ ਕਰਕੇ ਸੰਸਾਰਿਕ ਜਮਹੂਰੀਅਤ ਅਤੇ ਅਮਨਮਈ ਨੀਤੀਆ ਉਤੇ ਪਹਿਰਾ ਦੇਣਾ ਪਵੇਗਾ । ਅਜਿਹਾ ਅਮਲ ਹੀ ਇਨ੍ਹਾਂ ਕੱਟੜਵਾਦੀਆ ਲਈ ਅਤੇ ਇੰਡੀਆ ਦੇ ਅਮਨ ਚੈਨ ਲਈ ਸਹਾਈ ਹੋ ਸਕੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

ਅਕਾਲੀ ਦਲ ( ਵਾਰਿਸ ਪੰਜਾਬ ਦੇ ) ਵੱਲੋਂ

# ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਦਿੱਤੇ ਗਏ ਮੰਗ ਪੱਤਰ


ਅਕਾਲੀ ਦਲ 'ਵਾਰਿਸ ਪੰਜਾਬ ਦੇ'
ਹੈਡ ਆਫਿਸ : ਸ੍ਰੀ ਅੰਮ੍ਰਿਤਸਰ ਸਾਹਿਬ / M: 98780-55112, 62836-63132
Ref. No.__________ Date__________


ਅਕਾਲੀ ਦਲ 'ਵਾਰਿਸ ਪੰਜਾਬ ਦੇ'
ਹੈਡ ਆਫਿਸ : ਸ੍ਰੀ ਅੰਮ੍ਰਿਤਸਰ ਸਾਹਿਬ / M: 98780-55112, 62836-63132
ਧੰਨਵਾਦ ਸਹਿਤ
ਅਕਾਲੀ ਦਲ ਵਾਰਿਸ ਪੰਜਾਬ ਦੇ

**ਅੰਮ੍ਰਿਤਸਰ, 27 ਮਈ (ਆਵਾਜ਼ਿ ਕੌਮ ਬਿਊਰੋ)**- ਅਕਾਲੀ ਦਲ ( ਵਾਰਿਸ ਪੰਜਾਬ ਦੇ ) ਅਧੀਨ ਆਉਂਦੀਆਂ ਸਾਰੀਆਂ ਜ਼ਿਲਾ ਇਕਾਈਆਂ ਵੱਲੋਂ ਅੱਜ ਪੰਜਾਬ ਦੇ ਹਰ ਜ਼ਿਲੇ 'ਚ ਇੱਕਜੁਟ ਹੋ ਕੇ ਡਿਪਟੀ ਕਮਿਸ਼ਨਰ ਦਫਤਰਾਂ ਵੱਲ ਰੋਸ ਮਾਰਚ ਕੀਤੇ ਗਏ। ਇਹ ਮਾਰਚ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਉੱਤੇ ਤੀਜੀ ਵਾਰ ਨਜਾਇਜ਼ ਢੰਗ ਨਾਲ ਵਧਾਏ ਗਏ ਐਨ.ਐਸ.ਏ., ਬੰਦੀ ਸਿੰਘਾਂ ਦੀ ਰਿਹਾਈ ਅਤੇ ਪੰਜਾਬੀਆਂ ਦੀ ਆਵਾਜ਼ ਨੂੰ ਦਬਾਉਣ ਦੇ ਵਿਰੋਧ 'ਚ ਕੀਤੇ ਗਏ। ਹਰ ਜ਼ਿਲੇ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਆਗੂ, ਵਰਕਰ ਅਤੇ ਸਿੱਖ ਨੌਜਵਾਨ ਸ਼ਾਂਤੀਪੂਰਨ ਢੰਗ ਨਾਲ ਰੋਸ ਵਿਅਕਤ ਕਰਦੇ ਹੋਏ ਕੇਸਰੀ ਨਿਸ਼ਾਨ ਸਾਹਿਬ, ਭਾਈ ਅੰਮ੍ਰਿਤਪਾਲ ਸਿੰਘ ਦੀਆਂ ਤਸਵੀਰਾਂ ਤੇ ਹੱਕਾਂ ਦੇ ਸਲੋਗਨ ਲੈ ਕੇ ਨਿਕਲੇ। ਅਕਾਲੀ ਦਲ ( ਵਾਰਿਸ ਪੰਜਾਬ ਦੇ ) ਵੱਲੋਂ "ਐਨ.ਐਸ.ਏ. ਰੱਦ ਕਰੋ÷, "ਸਿੱਖ ਨੌਜਵਾਨ ਰਿਹਾਅ ਕਰੋ, "ਸਜ਼ਾ ਪੂਰੀ ਕਰ ਚੁੱਕੇ ਬੰਦੀ ਸਿੰਘ ਰਿਹਾਅ ਕਰੋ, "ਸਿੱਖ ਕੌਮ ਦੀ ਆਵਾਜ਼ ਨੂੰ ਨਾਂ ਦਬਾਓ" ਵਰਗੇ ਨਾਅਰਿਆਂ ਦੀ ਗੂੰਜ ਨਾਲ ਪੰਜਾਬ ਦੇ ਹਰੇਕ ਸ਼ਹਿਰ ਵਿੱਚ ਲੋਕਤੰਤਰਿਕ ਰੂਪ ਵਿੱਚ ਆਪਣੀ ਆਵਾਜ਼ ਬੁਲੰਦ ਕੀਤੀ ਗਈ। ਪਾਰਟੀ ਆਗੂਆਂ ਨੇ ਦੱਸਿਆ ਕਿ ਭਾਈ ਅੰਮ੍ਰਿਤਪਾਲ ਸਿੰਘ, ਜੋ ਕਿ ਲੋਕਤੰਤਰੀ ਢੰਗ ਨਾਲ ਚੋਣ ਜਿੱਤ ਕੇ ਸੰਸਦ 'ਚ ਪਹੁੰਚੇ ਹਨ, ਉਨ੍ਹਾਂ ਉੱਤੇ ਲਗਾਤਾਰ ਐਨ. ਐਸ. ਏ. ਦਾ ਵਾਧਾ ਕਰਨਾ ਸਿਰਫ਼ ਅਤੇ ਸਿਰਫ਼ ਪੰਜਾਬ ਦੀ ਆਵਾਜ਼ ਨੂੰ ਦਬਾਉਣ ਦੇ ਨਾਲ-ਨਾਲ ਲੋਕਤੰਤਰ ਦੀ ਵੀ ਹੱਤਿਆ ਹੈ । ਇਸੇ ਤਰ੍ਹਾਂ ਸਜ਼ਾ ਪੂਰੀ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਤੇ ਲਾਕੇ ਰੱਖੀ ਗਈ ਰੋਕ ਅਤੇ ਭਾਈ ਅੰਮ੍ਰਿਤਪਾਲ ਸਿੰਘ ਦੇ ਨਾਲ ਗ੍ਰਿਫਤਾਰ ਹੋਏ ਸਿੱਖ ਨੌਜਵਾਨਾਂ ਦੀ ਲੰਮੀ ਕੈਦ ਸਮੁੱਚੀ ਸਿੱਖ ਕੌਮ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਉਣ ਵਾਲੀ ਅਤੇ ਮਨੁੱਖੀ ਅਧਿਕਾਰਾਂ ਘਾਣ ਕਰਨ ਵਾਲੀ ਹੈ। ਉਹਨਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਜੇਲ੍ਹ 'ਚ ਜਾਣ ਤੋਂ ਪਹਿਲਾਂ ਚਲਾਈ ਨਸ਼ਾ ਵਿਰੋਧੀ ਲਹਿਰ ਨੇ ਪੰਜਾਬ ਦੇ ਨੌਜਵਾਨਾਂ ਵਿਚ ਚੇਤਨਾ ਜਗਾਈ ਅਤੇ ਉਹਨਾਂ ਨੇ ਗੁਰਮਤਿ ਅਧਾਰਿਤ ਜੀਵਨ, ਸਿੱਖ ਸਿਧਾਂਤਾਂ ਦੀ ਰੱਖਿਆ ਅਤੇ ਮਨੁੱਖੀ ਅਧਿਕਾਰਾਂ ਦੀ ਬਹਾਲੀ ਲਈ ਲੋਕਾਂ ਨੂੰ ਉਤਸ਼ਾਹਿਤ ਕੀਤਾ। ਇਸਦੇ ਉਲਟ, ਪੰਜਾਬ ਦੇ ਮੁੱਖ ਮੰਤਰੀ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਨੂੰ ਹਾਲਾਤ ਵਿਗਾੜਨ ਵਾਲਾ ਕਦਮ ਦੱਸਣਾ ਨਾ ਸਿਰਫ਼ ਹਕੀਕਤ ਤੋਂ ਪਰੇ ਹੈ, ਸਗੋਂ ਇਹ ਸਿੱਖ ਹੱਕਾਂ ਦੀ ਆਵਾਜ਼ ਨੂੰ ਦਬਾਉਣ ਦੀ ਯੋਜਨਾ ਦਾ ਹਿੱਸਾ ਵੀ ਲੱਗਦਾ ਹੈ। ਇਸ ਦੌਰਾਨ, ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਹਿਰਾਸਤ ਵਿੱਚ ਹੋਣ ਦੇ ਬਾਵਜੂਦ, ਪੰਜਾਬ ਦੇ ਹਰ ਹਿੱਸੇ ਤੋਂ ਨਸ਼ਿਆਂ ਦੀ ਵੱਧ ਰਹੀ ਭਿਆਨਕ ਸਥਿਤੀ, ਲਾਅ ਐਂਡ ਆਰਡਰ ਦਾ ਡਿੱਗਦਾ ਪੱਧਰ, ਨੌਜਵਾਨਾਂ ਵਿੱਚ ਵੱਧਦੀ ਨਿਰਾਸ਼ਾ, ਅਤੇ ਆਰਥਿਕ ਬੇਹਾਲੀ ਦੀਆਂ ਖ਼ਬਰਾਂ ਆ ਰਹੀਆਂ ਹਨ। ਇਹ ਸਾਰੇ ਹਾਲਾਤ ਸਿੱਧ ਕਰਦੇ ਹਨ ਕਿ ਅਸਲ ਖ਼ਤਰਾ ਭਾਈ ਅੰਮ੍ਰਿਤਪਾਲ ਸਿੰਘ ਨਹੀਂ, ਸਗੋਂ ਉਹ ਸੂਬਾਈ ਨੀਤੀਆਂ ਹਨ ਜੋ ਨਾਂ ਤਾਂ ਨਸ਼ਿਆਂ ਨੂੰ ਰੋਕ ਸਕੀਆਂ ਅਤੇ ਨਾਂ ਹੀ ਲੋਕਾਂ ਨੂੰ ਇਨਸਾਫ਼ ਦੇ ਸਕੀਆਂ। ਅਖ਼ੀਰ ਵਿੱਚ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਸਮੂਹ ਆਗੂਆਂ ਤੇ ਵਰਕਰਾਂ ਪਾਰਟੀ ਦੇ ਮੁੱਖ ਸੇਵਾਦਾਰ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਤੋਂ ਤੁਰੰਤ ਐਨ. ਐਸ. ਏ. ਹਟਾ ਕੇ ਰਿਹਾਅ ਕਰਨ ਦੀ ਗੱਲ ਕਰਦਿਆਂ "ਸਿੱਖ ਕੌਮ ਦੀ ਆਵਾਜ਼ ਜ਼ੁਲਮ ਦੇ ਖਿਲਾਫ਼" ਦਾ ਨਾਅਰਾ ਬੁਲੰਦ ਕੀਤਾ। ਇਸ ਮੌਕੇ ਜਿਲਾ ............ ਤੋਂ ਮੁੱਖ ਤੌਰ ਤੇ ..ਸਾਰੇ ਨਾਮ.... ਹਾਜਰ ਸਨ।

**ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਤੇ ਨਜਾਇਜ਼ ਤੌਰ ਲੱਗੇ ਐਨ. ਐਸ. ਏ. ਵਿੱਚ ਤੀਸਰੀ ਵਾਰ ਵਾਧੇ ਦਾ ਵੱਡੇ ਤੌਰ ਤੇ ਵਿਰੋਧ**

ਕੌਂਸਲਰ ਨੂੰ ਸ਼ਰ੍ਹੇਆਮ ਗੋਲੀਆਂ ਮਾਰੀਆਂ ਜਾ ਸਕਦੀਆਂ ਹਨ ਤਾਂ ਆਮ ਵਿਅਕਤੀ ਦਾ ਕੀ ਬਣੇਗਾ ?

# ਮ੍ਰਿਤਕ ਕੌਂਸਲਰ ਸ਼ਹਿਰ ਦਾ ਹਰਮਨ ਪਿਆਰਾ ਆਗੂ ਸੀ ਸੁਖਵਿੰਦਰ ਸਿੰਘ ਡੈਨੀ



**ਜੰਡਿਆਲਾ ਗੁਰੂ 27 ਮਈ ( ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨੀਂ ਅੰਮ੍ਰਿਤਸਰ ਛੇਹਰਟਾ ਸਾਹਿਬ ਸ਼ਰੇਆਮ ਬਜ਼ਾਰ ਵਿਚ ਗੋਲੀਆਂ ਮਾਰਕੇ ਕਤਲ ਕੀਤੇ ਗਏ ਜੰਡਿਆਲਾ ਗੁਰੂ ਤੋਂ ਅਕਾਲੀ ਕੌਂਸਲਰ ਹਰਜਿੰਦਰ ਸਿੰਘ ਬਾਹਮਣ ਦੇ ਪਰਿਵਾਰ ਨਾਲ ਓਹਨਾਂ ਦੇ ਘਰ ਮਿਲਕੇ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਸਾਬਕਾ ਵਿਧਾਇਕ ਵਲੋ ਦੁੱਖ ਸਾਂਝਾ ਕੀਤਾ ਗਿਆ । ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਓਹਨਾਂ ਕਿਹਾ ਕਿ ਸ਼ਹਿਰ ਵਿਚ ਆਏ ਦਿਨ ਗੋਲੀ ਕਾਂਡ ਚਿੰਤਾ ਦਾ ਵਿਸ਼ਾ ਹੈ ਅਤੇ ਹਰਜਿੰਦਰ ਸਿੰਘ ਸ਼ਹਿਰ ਦਾ ਚੁਣਿਆ ਹੋਇਆ ਇਕ ਨੁਮਾਇੰਦਾ ਸੀ ਅਗਰ ਇਸ ਤਰ੍ਹਾਂ ਸ਼ਹਿਰ ਦੇ ਕੌਂਸਲਰ ਨੂੰ ਸ਼ਰ੍ਹੇਆਮ ਗੋਲੀਆਂ ਮਾਰੀਆਂ ਜਾ ਸਕਦੀਆਂ ਹਨ ਤਾਂ ਆਮ ਵਿਅਕਤੀ ਦਾ ਕੀ ਬਣੇਗਾ ? ਓਹਨਾਂ ਕਿਹਾ ਕਿ ਮਿਰਤਕ ਕੌਂਸਲਰ ਸ਼ਹਿਰ ਦਾ ਹਰਮਨ ਪਿਆਰਾ ਆਗੂ ਸੀ । ਓਹਨਾਂ ਕਿਹਾ ਕਿ ਪੰਜਾਬ ਦੇ ਹਾਲਾਤ ਬਦ ਤੋਂ ਬਦਤਰ ਹੁੰਦੇ ਜਾ ਰਹੇ ਹਨ । ਓਹਨਾਂ ਕਿਹਾ ਕਿ ਸ਼ਹਿਰ ਵਿਚ ਕਾਨੂੰਨ ਵਿਵਸਥਾ ਦਾ ਬੂਰਾ ਹਾਲ ਹੋ ਚੁੱਕਿਆ ਹੈ । ਓਹਨਾਂ ਦਸਿਆ ਕਿ ਪਹਿਲਾਂ ਵੀ ਮਿਰਤਕ ਦੇ ਪਰਿਵਾਰ ਨੂੰ ਧਮਕੀਆਂ ਆ ਰਹੀਆਂ ਸਨ ਪਰ ਪੁਲਿਸ ਪ੍ਰਸ਼ਾਸ਼ਨ ਵਲੋਂ ਕੋਈ ਕਾਰਵਾਈ ਨਾ ਹੋਣ ਕਰਕੇ ਅੱਜ ਇਕ ਮਾਂ ਨੂੰ ਅਪਣਾ ਜਵਾਨ ਪੁੱਤਰ ਖੋਹਣਾ ਪੈ ਗਿਆ ਹੈ । ਇਸ ਮੌਕੇ ਓਹਨਾਂ ਨਾਲ ਜਤਿੰਦਰ ਸਿੰਘ ਨਾਟੀ, ਭੁਪਿੰਦਰ ਸਿੰਘ ਹੈਪੀ ਸ਼ਹਿਰੀ ਪ੍ਰਧਾਨ , ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ, ਮਨਜੀਤ ਸਿੰਘ ਪਪੀ, ਐਡਵੋਕੇਟ ਅਮਿਤ ਅਰੋੜਾ , ਕਮਲ, ਇੰਦਰਜੀਤ ਸਿੰਘ, ਨਿਰਮਲ ਸਿੰਘ, ਬਲਵਿੰਦਰ ਸਿੰਘ, ਸੁਰਿੰਦਰ ਸੇਠ, ਅਰਵਿੰਦਰ ਸਿੰਘ ਮਲਹੋਤਰਾ, ਅਵਤਾਰ ਸਿੰਘ ਟੱਕਰ, ਚਰਨਜੀਤ ਸਿੰਘ ਟੀਟੋ, ਜਸਬੀਰ ਸਿਧਾਣਾ ਆਦਿ ਹਾਜਰ ਸਨ।

# ਗੁਰਦੁਆਰਾ ਪਾਤਸ਼ਾਹੀ ਦਸਵੀਂ ਛਾਉਣੀ ਨਿਹੰਗ ਸਿੰਘਾਂ ਪਿੰਡ ਫੇਮੀਵਾਲਾ ਮਖੂ ਵਿਖੇ ਧਾਰਮਿਕ ਦੀਵਾਨ ਸਜਾਏ : ਜਥੇਦਾਰ ਬਾਬਾ ਗੁਰਦੀਪ ਸਿੰਘ



**ਜੰਡਿਆਲਾ ਗੁਰੂ 27 ਮਈ ( ਕੁਲਵੰਤ ਸਿੰਘ ਵਿਰਦੀ )**-ਹਰ ਮਹੀਨੇ ਗੁਰਦੁਆਰਾ ਪਾਤਸ਼ਾਹੀ ਦਸਵੀਂ ਦਲਪੰਥ ਭਾਈ ਰੂਪ ਚੰਦ ਛਾਉਣੀ ਨਿਹੰਗ ਸਿੰਘਾਂ ਪਿੰਡ ਫੇਮੀਵਾਲਾ ਮਖੂ ਕਪੂਰਥਲਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਭੋਗ ਪਾਉਣ ਤੋਂ ਉਪਰੰਤ ਧਾਰਮਿਕ ਦੀਵਾਨ ਰਾਹੀਂ ਸੰਗਤਾਂ ਨੂੰ ਗੁਰਬਾਣੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਨਾਲ ਸਿੱਖੀ ਦੇ ਸੁਨਹਿਰੀ ਵਿਰਸੇ ਇਤਿਹਾਸ ਨਾਲ ਜੋੜਨ ਲਈ ਮੁੱਖ ਪ੍ਰਬੰਧਕ ਜਥੇਦਾਰ ਬਾਬਾ ਗੁਰਦੀਪ ਸਿੰਘ ਭਾਈ ਕੇ ਵੱਲੋਂ ਇਕ ਧਾਰਮਿਕ ਲਹਿਰ ਚਲਾਈ ਹੋਈ ਹੈ ਅਤੇ ਇਸੇ ਲਹਿਰ ਦੀ ਕੜੀ ਤਹਿਤ ਇਸ ਮਹਿਨੇ ਦੇ ਸਮਾਗਮ ਸਬੰਧੀ ਪਰਸੋ ਦੇ ਰੋਜ਼ ਤੋਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਕਾਲੀ ਬਾਣੀ ਦੇ ਅਖੰਡ ਪਾਠ ਅਰੰਭ ਕਰਵਾਏ ਗਏ ਸਨ ਜਿਨ੍ਹਾਂ ਦੇ ਅੱਜ ਸੰਪੂਰਨ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਨਾਮੇ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਪੰਥ ਦੇ ਨਾਮਵਰ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਨੇ ਹਾਜ਼ਰੀ ਲਵਾਈ ਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ, ਮੁੱਖ ਪ੍ਰਬੰਧਕ ਜਥੇਦਾਰ ਬਾਬਾ ਗੁਰਦੀਪ ਸਿੰਘ ਵੱਲੋਂ ਸਮੂਹ ਧਾਰਮਿਕ ਬੁਲਾਰਿਆਂ ਦਾ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਦੇਗਾਂ ਸਰਦਾਈਆ ਅਟੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਮਾਗਮ ਦੀਆਂ ਹਾਜ਼ਰੀਆਂ ਭਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਭਾਈ ਖਾਲਸਾ ਨੇ ਦੱਸਿਆ ਭੋਗ ਉਪਰੰਤ ਧਾਰਮਿਕ ਦੀਵਾਨ ਦੀ ਅਰੰਭਤਾ ਬੀਬੀ ਗੁਰਸ਼ਰਨ ਕੌਰ ਖਾਲਸਾ ਦੇ ਜਥੇ ਵੱਲੋਂ ਕੀਤੀ ਗਈ ਤੇ ਆਈ ਸੰਗਤ ਨੂੰ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੀ ਸ਼ਹੀਦੀ ਸਬੰਧੀ ਮੁਕੰਬਲ ਜਾਣਕਾਰੀ ਦੇ ਨਾਲ ਨਾਲ ਗੁਰਬਾਣੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੋਂ ਇਲਾਵਾ ਸਿੱਖੀ ਦੇ ਸੁਨਹਿਰੀ ਵਿਰਸੇ ਇਤਿਹਾਸ ਨਾਲ ਜੋੜਿਆ ਗਿਆ, ਭਾਈ ਬਲਵਿੰਦਰ ਸਿੰਘ ਚੌਹਲਾ ਸਾਹਿਬ ਦੇ ਕਵੀਸ਼ਰੀ ਜਥੇ ਵੱਲੋਂ ਕਵੀਸਰੀ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ,ਇਸ ਮੌਕੇ ਤੇ ਦਲ ਪੰਥ ਭਾਈ ਰੂਪ ਚੰਦ ਦੇ ਮੁਖੀ ਜਥੇਦਾਰ ਬਾਬਾ ਗੁਰਦੀਪ ਸਿੰਘ ਭਾਈ ਕੇ ਨੇ ਆਈਆਂ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ 21 ਹਾੜ ਨੂੰ ਸਲਾਨਾ ਬਰਸੀ ਵੱਡੀ ਪੱਧਰ ਤੇ ਮਨਾਈ ਜਾ ਰਹੀ ਹੈ ਅਤੇ ਇਸ ਸਬੰਧੀ 19 ਹਾੜ ਨੂੰ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਅਰੰਭ ਕਰ ਦਿੱਤੇ ਜਾਣਗੇ, ਉਹਨਾਂ ਕਿਹਾ ਬਰਸੀ ਸਮਾਗਮ ਮੌਕੇ ਕਈ ਨਿਹੰਗ ਸਿੰਘ ਜਥੇਬੰਦੀਆਂ ਦੇ ਜਥੇਦਾਰ ਆਪਣੇ ਘੋੜਿਆ ਤੇ ਜੰਗੀ ਰਾਜ ਸਾਜ ਸਮੇਂਤ ਪਹੁੰਚ ਰਹੇ ਹਨ, ਇਸ ਕਰਕੇ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਬੇਨਤੀ ਹੈ ਕਿ ਇਸ ਬਰਸੀ ਵਿਚ ਆਪ ਨੇ ਆਪਣੇ ਪ੍ਰਵਾਰਾਂ ਸਮੇਤ ਸ਼ਾਮਲ ਹੋਣ ਦੀ ਕਿਰਪਾਲਤਾ ਕਰਨੀ, ਇਸ ਮੌਕੇ ਸੰਗਤਾਂ ਲਈ ਗੁਰੂ ਕੇ ਲੰਗਰ ਦੇਗਾਂ ਸਰਦਾਈਆ ਅਤੁੱਟ ਵਰਤਾਏ ਜਾਣਗੇ, ਭਾਈ ਖਾਲਸਾ ਨੇ ਦੱਸਿਆ ਅੱਜ ਦੇ ਧਾਰਮਿਕ ਦੀਵਾਨ ਵਿੱਚ ਅੱਧੀ ਦਰਜਨ ਦੇ ਲਗਭਗ ਧਾਰਮਿਕ ਬੁਲਾਰਿਆਂ ਨੇ ਹਾਜ਼ਰੀ ਲਵਾਈ ਅਤੇ ਸਮੂਹ ਧਾਰਮਿਕ ਬੁਲਾਰਿਆਂ ਦਾ ਮੁੱਖ ਪ੍ਰਬੰਧਕ ਜਥੇਦਾਰ ਬਾਬਾ ਗੁਰਦੀਪ ਸਿੰਘ ਭਾਈ ਕੇ ਵੱਲੋਂ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਸ ਸਬੰਧੀ ਤੇ ਜਥੇਦਾਰ ਬਾਬਾ ਗੁਰਦੀਪ ਸਿੰਘ ਭਾਈ ਕੇ, ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ, ਭਾਈ ਹੈਪੀ ਸਿੰਘ ਪੀ ਏ, ਭਾਈ ਜਗੀਰ ਸਿੰਘ ਨੰਬਰਦਾਰ, ਗਿਆਨੀ ਬਲਕਾਰ ਸਿੰਘ, ਸ੍ਰ ਜੋਗਿੰਦਰ ਸਿੰਘ, ਭਾਈ ਸੁਖਦੇਵ ਸਿੰਘ ਤੋਂ ਇਲਾਵਾ ਸੈਂਕੜੇ ਸੰਗਤਾਂ ਨੇ ਹਾਜ਼ਰੀ ਲਵਾਈ ।

# ਸਤਲਾਣੀ ਸਾਹਿਬ ਵਿਖੇ ਚੱਲ ਰਹੇ 10 ਰੋਜਾ ਟ੍ਰੇਨਿੰਗ ਕੈਂਪ ਦਾ ਗਰੁੱਪ ਕਮਾਂਡਰ ਬਰਗੇਡੀਅਰ ਕੇ.ਐਸ ਬਾਵਾ ਵੱਲੋਂ ਅਚਨਚੇਤ ਦੌਰਾ



**ਜੰਡਿਆਲਾ ਗੁਰੂ 27 ਮਈ ( ਕੁਲਵੰਤ ਸਿੰਘ ਵਿਰਦੀ )**-ਬਾਬਾ ਕੁੰਮਾ ਸਿੰਘ ਇੰਜੀਨੀਅਰਿੰਗ ਕਾਲਜ਼ ਸਤਲਾਣੀ ਸਾਹਿਬ ਵਿਖੇ ਚੱਲ ਰਹੇ 10 ਰੋਜ਼ਾ ਟ੍ਰੇਨਿੰਗ ਕੈਂਪ ਦੇ ਦੌਰਾਨ ਅੱਜ ਬਰਗੇਡੀਅਰ ਕੇਐਸ ਬਾਵਾ ਗਰੁੱਪ ਕਮਾਂਡਰ ਗਰੁੱਪ ਅੰਮ੍ਰਿਤਸਰ ਵੱਲੋਂ ਕੈਂਪ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਉਹਨਾਂ ਦਾ ਕੈਂਪ ਵਿਖੇ ਪਹੁੰਚਣ ਤੇ ਸਵਾਗਤ ਕੈਂਪ ਕਮਾਂਡੈਂਟ ਕਰਨਲ ਪੀ.ਡੀ.ਐਸ ਬੱਲ ਅਤੇ ਕਾਲਜ ਦੇ ਪ੍ਰਿੰਸੀਪਲ ਡਾਕਟਰ ਸ਼ਵੇਬ ਅਹਿਮਦ ਖਾਂ ਦੁਆਰਾ ਕੀਤਾ ਗਿਆ। ਸਭ ਤੋਂ ਪਹਿਲਾਂ ਕੈਪ ਕਮਾਂਡੈਂਟ ਦੁਆਰਾ ਕੈਂਪ ਵਿੱਚ ਚੱਲ ਰਹੀਆਂ ਗਤੀਵਿਧੀਆਂ ਬਾਰੇ ਗਰੁੱਪ ਕਮਾਂਡਰ ਨੂੰ ਜਾਣੂ ਕਰਵਾਇਆ ਗਿਆ। ਉਹਨਾਂ ਨੇ ਕੈਂਪ ਵਿੱਚ ਚੱਲ ਰਹੀਆਂ ਵੱਖ-ਵੱਖ ਗਤੀਵਿਧੀਆਂ ਤੇ ਸੰਤੁਸ਼ਟੀ ਪ੍ਰਗਟ ਕੀਤੀ। ਇਸ ਉਪਰੰਤ ਬਰਗੇਡੀਅਰ ਕੇਐਸ ਬਾਵਾ ਦੁਆਰਾ ਕੈਂਪ ਵਿੱਚ ਮੌਜੂਦ ਐਨਸੀਸੀ ਕੈਡਿਟਾ ਨੂੰ ਸੰਬੋਧਨ ਕਰਦਿਆਂ ਹੋਇਆ ਕਿਹਾ ਕਿ ਆਉਣ ਵਾਲਾ ਸਮਾਂ ਸਕਿਲ ਦਾ ਸਮਾਂ ਹੈ। ਇਸ ਲਈ ਤੁਸੀਂ ਕਾਲਜ ਵਿੱਚ ਜਾਂ ਸਕੂਲ ਵਿੱਚ ਜੋ ਵੀ ਪੜ੍ਹਾਈ ਕਰ ਰਹੇ ਹੋ ਉਸ ਨੂੰ ਸਕਿਲ ਨਾਲ ਜੋੜਕੇ ਆਪਣੇ ਵਿਸ਼ੇ ਜਾ ਆਪਣੇ ਕੋਰਸ ਵਿੱਚ ਮਹਾਰਤ ਹਾਸਲ ਕੀਤੀ ਜਾ ਸਕਦੀ ਹੈ। ਇਨਸਾਨ ਦਾ ਗਿਆਨ ਕਦੀ ਵੀ ਚੋਰੀ ਨਹੀਂ ਹੋ ਸਕਦਾ। ਹਰ ਸਮੇਂ ਸਾਨੂੰ ਆਪਣੇ ਗਿਆਨ ਵਿੱਚ ਇਜਾਫਾ ਕਰਨਾ ਚਾਹੀਦਾ ਹੈ। ਐਨਸੀਸੀ ਦੀ ਟ੍ਰੇਨਿੰਗ ਕਰਕੇ ਇੱਕ ਕੈਡਟ ਅਨੁਸ਼ਾਸਨ ਵਿੱਚ ਰਹਿਣਾ ਸਿੱਖਦਾ ਹੈ ਅਤੇ ਇਸ ਨਾਲ ਮਿਹਨਤ ਕਰਨ ਦਾ ਜਜਬਾ ਪੈਦਾ ਹੁੰਦਾ ਹੈ। ਇਸ ਉਪਰੰਤ ਗਰੁੱਪ ਕਮਾਂਡਰ ਥਲ ਸੈਨਿਕ ਕੈਂਪ ਲਈ ਜਾਣ ਵਾਲੇ ਕੈਡਟਸ ਨੂੰ ਮਿਲੇ ਅਤੇ ਉਹਨਾਂ ਨੇ ਪੂਰੀ ਮਿਹਨਤ ਨਾਲ ਕੰਮ ਕਰਨ ਲਈ ਕੈਡਟਾਂ ਨੂੰ ਪ੍ਰੇਰਨਾ ਦਿੱਤੀ। ਇਸ ਮੌਕੇ ਤੇ ਸੂਬੇਦਾਰ ਮੇਜਰ ਲਾਭ ਸਿੰਘ, ਲੈਫਟੀਨੈਂਟ ਜਸਪਾਲ ਸਿੰਘ, ਕੈਪਟਨ ਪ੍ਰਦੀਪ ਕੁਮਾਰ, ਲੈਫਟੀਨੈਂਟ ਸਤਿੰਦਰ ਸਿੰਘ ਲਫਟੀਨੈਂਟ ਸੁਖਪਾਲ ਸਿੰਘ, ਲੈਫਟੀਨੈਂਟ ਮਨਪ੍ਰੀਤ ਸਿੰਘ, ਸੂਬੇਦਾਰ ਬਲਜਿੰਦਰ ਸਿੰਘ, ਸੂਬੇਦਾਰ ਗੁਰਦੇਵ ਸਿੰਘ, ਹਵਾਲਦਾਰ ਸੋਹਣ ਸਿੰਘ, ਹਵਾਲਦਾਰ ਮਲਕੀਤ ਸਿੰਘ, ਹਵਾਲਦਾਰ ਗੁਰਦੀਪ ਸਿੰਘ ਆਦਿ ਐਨਸੀਸੀ ਸਟਾਫ ਅਤੇ ਐਨਸੀਸੀ ਕੈਡਟ ਹਾਜ਼ਰ ਸਨ।

ਅਕਾਲੀ ਦਲ (ਵਾਰਿਸ ਪੰਜਾਬ ਦੇ) ਵੱਲੋਂ

# ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਦਿੱਤੇ ਗਏ ਮੰਗ ਪੱਤਰ






## ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਤੇ ਨਜਾਇਜ਼ ਤੌਰ ਲੱਗੇ ਐਨ.ਐਸ.ਏ ਵਿੱਚ ਤੀਸਰੀ ਵਾਰ ਵਾਧੇ ਦਾ ਵੱਡੇ ਤੌਰ ਤੇ ਵਿਰੋਧ

ਫ਼ਿਰੋਜ਼ਪੁਰ, 27 ਮਈ (ਮਨੋਹਰ ਲਾਲ):—ਅਕਾਲੀ ਦਲ (ਵਾਰਿਸ ਪੰਜਾਬ ਦੇ) ਅਧੀਨ ਆਉਂਦੀਆਂ ਸਾਰੀਆਂ ਜ਼ਿਲਾ ਇਕਾਈਆਂ ਵੱਲੋਂ ਅੱਜ ਪੰਜਾਬ ਦੇ ਹਰ ਜ਼ਿਲੇ ਚ ਇੱਕਜੁਟ ਹੋ ਕੇ ਡਿਪਟੀ ਕਮਿਸ਼ਨਰ ਦਫਤਰਾਂ ਵੱਲ ਰੋਸ ਮਾਰਚ ਕੀਤੇ ਗਏ। ਇਹ ਮਾਰਚ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਉੱਤੇ ਤੀਜੀ ਵਾਰ ਨਜਾਇਜ਼ ਢੰਗ ਨਾਲ ਵਧਾਏ ਗਏ ਐਨ.ਐਸ.ਏ, ਬੰਦੀ ਸਿੰਘਾਂ ਦੀ ਰਿਹਾਈ ਅਤੇ ਪੰਜਾਬੀਆਂ ਦੀ ਆਵਾਜ਼ ਨੂੰ ਦਬਾਉਣ ਦੇ ਵਿਰੋਧ ਚ ਕੀਤੇ ਗਏ। ਹਰ ਜ਼ਿਲੇ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਅਕਾਲੀ ਦਲ (ਵਾਰਿਸ ਪੰਜਾਬ ਦੇ) ਆਗੂ, ਵਰਕਰ ਅਤੇ ਸਿੱਖ ਨੌਜਵਾਨ ਸ਼ਾਂਤੀਪੂਰਨ ਢੰਗ ਨਾਲ ਰੋਸ ਵਿਅਕਤ ਕਰਦੇ ਹੋਏ ਕੇਸਰੀ ਨਿਸ਼ਾਨ ਸਾਹਿਬ, ਭਾਈ ਅੰਮ੍ਰਿਤਪਾਲ ਸਿੰਘ ਦੀਆਂ ਤਸਵੀਰਾਂ ਤੇ ਹੱਕਾਂ ਦੇ ਸਲੋਗਨ ਲੈ ਕੇ ਨਿਕਲੇ। ਅਕਾਲੀ ਦਲ (ਵਾਰਿਸ ਪੰਜਾਬ ਦੇ) ਵੱਲੋਂ ਐਨ.ਐਸ.ਏ ਰੱਦ ਕਰੋ, ਸਿੱਖ ਨੌਜਵਾਨ ਰਿਹਾਅ ਕਰੋ, ਸਜ਼ਾ ਪੂਰੀ ਕਰ ਚੁੱਕੇ ਬੰਦੀ ਸਿੰਘ ਰਿਹਾਅ ਕਰੋ, ਸਿੱਖ ਕੌਮ ਦੀ ਆਵਾਜ਼ ਨੂੰ ਨਾਂ ਦਬਾਓ ਵਰਗੇ ਨਾਅਰਿਆਂ ਦੀ ਗੂੰਜ ਨਾਲ ਪੰਜਾਬ ਦੇ ਹਰੇਕ ਸ਼ਹਿਰ ਵਿੱਚ ਲੋਕਤੰਤਰਿਕ ਰੂਪ ਵਿੱਚ ਆਪਣੀਂ ਆਵਾਜ਼ ਬੁਲੰਦ ਕੀਤੀ ਗਈ। ਪਾਰਟੀ ਆਗੂਆਂ ਨੇ ਦੱਸਿਆ ਕਿ ਭਾਈ ਅੰਮ੍ਰਿਤਪਾਲ ਸਿੰਘ, ਜੋ ਕਿ ਲੋਕਤੰਤਰੀ ਢੰਗ ਨਾਲ ਚੋਣ ਜਿੱਤ ਕੇ ਸੰਸਦ ਚ ਪਹੁੰਚੇ ਹਨ, ਉਨ੍ਹਾਂ ਉੱਤੇ ਲਗਾਤਾਰ ਐਨ.ਐਸ.ਏ ਦਾ ਵਾਧਾ ਕਰਨਾ ਸਿਰਫ਼ ਅਤੇ ਸਿਰਫ਼ ਪੰਜਾਬ ਦੀ ਆਵਾਜ਼ ਨੂੰ ਦਬਾਉਣ ਦੇ ਨਾਲ—ਨਾਲ ਲੋਕਤੰਤਰ ਦੀ ਵੀ ਹੱਤਿਆ ਹੈ। ਇਸੇ ਤਰ੍ਹਾਂ ਸਜ਼ਾ ਪੂਰੀ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਤੇ ਲਾਕੇ ਰੱਖੀ ਗਈ ਰੋਕ ਅਤੇ ਭਾਈ ਅੰਮ੍ਰਿਤਪਾਲ ਸਿੰਘ ਦੇ ਨਾਲ ਗ੍ਰਿਫਤਾਰ ਹੋਏ ਸਿੱਖ ਨੌਜਵਾਨਾਂ ਦੀ ਲੰਮੀ ਕੈਦ ਸਮੁੱਚੀ ਸਿੱਖ ਕੌਮ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਉਣ ਵਾਲੀ ਅਤੇ ਮਨੁੱਖੀ ਅਧਿਕਾਰਾਂ ਦਾ ਘਾਣ ਕਰਨ ਵਾਲੀ ਹੈ। ਉਨ੍ਹਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਜੇਲ੍ਹ ਚ ਜਾਣ ਤੋਂ ਪਹਿਲਾਂ ਚਲਾਈ ਨਸ਼ਾ ਵਿਰੋਧੀ ਲਹਿਰ ਨੇ ਪੰਜਾਬ ਦੇ ਨੌਜਵਾਨਾਂ ਵਿਚ ਚੇਤਨਾ ਜਗਾਈ ਅਤੇ ਉਨ੍ਹਾਂ ਨੇ ਗੁਰਮਤਿ ਅਧਾਰਿਤ ਜੀਵਨ, ਸਿੱਖ ਸਿਧਾਂਤਾਂ ਦੀ ਰੱਖਿਆ ਅਤੇ ਮਨੁੱਖੀ ਅਧਿਕਾਰਾਂ ਦੀ ਬਹਾਲੀ ਲਈ ਲੋਕਾਂ ਨੂੰ ਉਤਸ਼ਾਹਿਤ ਕੀਤਾ। ਇਸ ਦੇ ਉਲਟ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਨੂੰ ਹਾਲਾਤ ਵਿਗਾੜਨ ਵਾਲਾ ਕਦਮ ਦੱਸਣਾ ਨਾ ਸਿਰਫ਼ ਹਕੀਕਤ ਤੋਂ ਪਰੇ ਹੈ, ਸਗੋਂ ਇਹ ਸਿੱਖ ਹੱਕਾਂ ਦੀ ਆਵਾਜ਼ ਨੂੰ ਦਬਾਉਣ ਦੀ ਯੋਜਨਾ ਦਾ ਹਿੱਸਾ ਵੀ ਲੱਗਦਾ ਹੈ। ਇਸ ਦੌਰਾਨ ਭਾਈ ਅੰਮ੍ਰਿਤਪਾਲ ਸਿੰਘ ਦੇ ਹਿਰਾਸਤ ਵਿੱਚ ਹੋਣ ਦੇ ਬਾਵਜੂਦ, ਪੰਜਾਬ ਦੇ ਹਰ ਹਿੱਸੇ ਤੋਂ ਨਸ਼ਿਆਂ ਦੀ ਵੱਧ ਰਹੀ ਭਿਆਨਕ ਸਥਿਤੀ, ਲਾਅ ਐਂਡ ਆਰਡਰ ਦਾ ਡਿੱਗਦਾ ਪੱਧਰ, ਨੌਜਵਾਨਾਂ ਵਿੱਚ ਵੱਧਦੀ ਨਿਰਾਸ਼ਾ, ਅਤੇ ਆਰਥਿਕ ਬੇਹਾਲੀ ਦੀਆਂ ਖ਼ਬਰਾਂ ਆ ਰਹੀਆਂ ਹਨ। ਇਹ ਸਾਰੇ ਹਾਲਾਤ ਸਿੱਧ ਕਰਦੇ ਹਨ ਕਿ ਅਸਲ ਖ਼ਤਰਾ ਭਾਈ ਅੰਮ੍ਰਿਤਪਾਲ ਸਿੰਘ ਨਹੀਂ, ਸਗੋਂ ਉਹ ਸੂਬਾਈ ਨੀਤੀਆਂ ਹਨ ਜੋ ਨਾਂ ਤਾਂ ਨਸ਼ਿਆਂ ਨੂੰ ਰੋਕ ਸਕੀਆਂ ਅਤੇ ਨਾਂ ਹੀ ਲੋਕਾਂ ਨੂੰ ਇਨਸਾਫ਼ ਦੇ ਸਕੀਆਂ। ਅਖ਼ੀਰ ਵਿੱਚ ਅਕਾਲੀ ਦਲ (ਵਾਰਿਸ ਪੰਜਾਬ ਦੇ) ਸਮੂਹ ਆਗੂਆਂ ਤੇ ਵਰਕਰਾਂ ਪਾਰਟੀ ਦੇ ਮੁੱਖ ਸੇਵਾਦਾਰ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਤੋਂ ਤੁਰੰਤ ਐਨ.ਐਸ.ਏ ਹਟਾ ਕੇ ਰਿਹਾਅ ਕਰਨ ਦੀ ਗੱਲ ਕਰਦਿਆਂ ਸਿੱਖ ਕੌਮ ਦੀ ਆਵਾਜ਼ ਜ਼ੁਲਮ ਦੇ ਖਿਲਾਫ਼ ਦਾ ਨਾਅਰਾ ਬੁਲੰਦ ਕੀਤਾ। ਇਸ ਮੌਕੇ ਜਿਲਾ ਫਿਰੋਜ਼ਪੁਰ ਤੋਂ ਭਾਈ ਕਰਨਵੀਰ ਸਿੰਘ, ਭਾਈ ਹਰਜਿੰਦਰ ਸਿੰਘ, ਭਾਈ ਪ੍ਰਗਟ ਸਿੰਘ, ਭਾਈ ਗੁਰਮੀਤ ਸਿੰਘ ਮਾਹਲਾ ਅਤੇ ਅੰਮ੍ਰਿਤਸਰ ਜ਼ਿਲ੍ਹਾ ਕਮੇਟੀ ਤੋਂ ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸਵਰਨ ਸਿੰਘ ਗੋਲਡਨ, ਭਾਈ ਮਹਿੰਦਰਪਾਲ ਸਿੰਘ ਤੁੰਗ ਅਤੇ ਪਹੁੰਚੇ ਹੋਰ ਆਗੂ ਸਾਹਿਬਾਨਾਂ ਵਿੱਚ ਭਾਈ ਲਖਵਿੰਦਰ ਸਿੰਘ ਅਰਾਈਆਂ ਵਾਲਾ, ਭਾਈ ਬਲਵਿੰਦਰ ਸਿੰਘ, ਭਾਈ ਕਾਬਲ ਸਿੰਘ, ਭਾਈ ਅਮਰਜੀਤ ਸਿੰਘ ਮਠਾੜੂ, ਦਾਰਾ ਸਿੰਘ, ਮਹਿਲ ਸਿੰਘ, ਭਾਈ ਰਘਬੀਰ ਸਿੰਘ ਸਨੇਰ, ਭਾਈ ਰਣਜੀਤ ਸਿੰਘ ਬੰਬ, ਭਾਈ ਅਮਰੀਕ ਸਿੰਘ, ਭਾਈ ਹਰਦੀਪ ਸਿੰਘ ਹਰਦਾਸਾ, ਭਾਈ ਮਹਾਵੀਰ ਸਿੰਘ, ਭਾਈ ਦਿਲਬਾਗ ਸਿੰਘ, ਬਾਬਾ ਸੁਖਵਿੰਦਰ ਸਿੰਘ, ਭਾਈ ਦਵਿੰਦਰ ਸਿੰਘ ਦਮਦਮੀ ਟਕਸਾਲ, ਭਾਈ ਗੁਰਭੇਜ ਸਿੰਘ ਲੋਪੋ, ਭਾਈ ਕੁਲਦੀਪ ਸਿੰਘ ਬਾਠ, ਭਾਈ ਗੁਰਮੁਖ ਸਿੰਘ ਮਿਸਰੀ ਵਾਲਾ, ਸੁਖਦੇਵ ਸਿੰਘ ਵਣਜੋਕੇ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਬਾਬਾ ਫਰੀਦ ਇੰਟਰਨੈਸ਼ਨਲ ਸਕੂਲ ਕੁੱਲਗੜ੍ਹੀ ਵਿੱਚ

# ਵਿਦਿਆਰਥੀਆਂ ਦੀ ਸਿਹਤ ਸੰਭਾਲ ਲਈ ਮੈਡੀਕਲ ਕੈਂਪ ਲਗਾਇਆ ਗਿਆ



ਫ਼ਿਰੋਜ਼ਪੁਰ, 27 ਮਈ (ਮਨੋਹਰ ਲਾਲ) :— ਬਾਬਾ ਫਰੀਦ ਇੰਟਰਨੈਸ਼ਨਲ ਸਕੂਲ ਕੁੱਲਗੜੀ ਵਿੱਚ ਬਹੁਤ ਹੀ ਸਤਿਕਾਰਯੋਗ ਸ਼੍ਰੀਮਤੀ ਬਲਜੀਤ ਕੌਰ ਪਤਨੀ ਅਮਰਦੀਪ ਸਿੰਘ ਆਸ਼ੂ ਬਾਂਗੜ ਦੀ ਯੋਗ ਰਹਿਨੁਮਾਈ ਹੇਠ ਬਾਂਗੜ ਸੁਪਰ ਸਪੈਸ਼ਿਲਸਟ ਹਸਪਤਾਲ ਜੀਰਾ ਗੇਟ ਫਿਰੋਜਪੁਰ ਵੱਲੋਂ ਆਪਣੇ ਸਹਿਯੋਗੀ ਮਾਹਿਰ ਡਾਕਟਰ ਦੀਆਂ ਟੀਮ ਨਾਲ ਮੈਡੀਕਲ ਕੈਂਪ ਲਗਾਇਆ ਗਿਆ, ਜਿਨਾਂ ਵਿੱਚ ਡਾਕਟਰ ਜੈਕ ਭੱਟੀ ਜਨਰਲ ਮੈਡੀਸਨ, ਡਾਕਟਰ ਆਰਜੂ ਢਿੰਗਰਾ ਇਸਤਰੀ ਰੋਗ ਮਾਹਿਰ, ਡਾਕਟਰ ਰੋਹਿਤ ਬੱਚਿਆਂ ਦੇ ਡਾਕਟਰ ਹਾਜ਼ਰ ਸਨ। ਇਸ ਕੈਂਪ ਵਿੱਚ ਉਨ੍ਹਾਂ ਦੀ ਟੀਮ ਵੱਲੋਂ ਬੱਚਿਆਂ ਦਾ ਅਤੇ ਉਨ੍ਹਾਂ ਨਾਲ ਆਏ ਉਨ੍ਹਾਂ ਦੇ ਮਾਪਿਆਂ ਦਾ ਵੀ ਮੈਡੀਕਲ ਚੈਕਅਪ ਕੀਤਾ ਗਿਆ ਅਤੇ ਉਨ੍ਹਾਂ ਨੂੰ ਲੋੜ ਅਨੁਸਾਰ ਦਵਾਈਆਂ ਵੀ ਫਰੀ ਦਿੱਤੀਆਂ ਗਈਆਂ। ਇਸ ਮੌਕੇ ਸਕੂਲ ਦੇ ਚੇਅਰਮੈਨ ਕਵਰਜੀਤ ਸਿੰਘ, ਡਾਇਰੈਕਟਰ ਪਰਵਿੰਦਰ ਸਿੰਘ, ਵਾਈਸ ਚੇਅਰਮੈਨ ਸ਼ਰਨਪ੍ਰੀਤ ਸਿੰਘ, ਜਨਰਲ ਸਕੱਤਰ ਸਨੇਹਪ੍ਰੀਤ ਸਿੰਘ ਹਾਜ਼ਰ ਸਨ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸੁਬਾਸ਼ ਸਿੰਘ ਅਤੇ ਪ੍ਰਿੰਸੀਪਲ ਰੀਤੂ ਚੋਪੜਾ ਵੱਲੋਂ ਬਾਂਗੜ ਹਸਪਤਾਲ ਦੀ ਟੀਮ ਦਾ ਸਵਾਗਤ ਕੀਤਾ ਗਿਆ। ਇਸ ਕੈਂਪ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਚੰਗੇ ਢੰਗ ਨਾਲ ਆਪਣਾ ਚੈੱਕਅਪ ਕਰਵਾਇਆ। ਵਿਦਿਆਰਥੀਆਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਸਕੂਲ ਵਿੱਚ ਅਜਿਹੇ ਹੋਰ ਵੀ ਕੈਂਪ ਲਗਾਏ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਮਹਾਨ ਸ਼ਹੀਦੀ ਦਿਹਾੜਾ 30 ਤਰੀਕ ਨੂੰ ਮਨਾਇਆ ਜਾਵੇਗਾ



**ਫ਼ਿਰੋਜ਼ਪੁਰ, 27 ਮਈ (ਮਨੋਹਰ ਲਾਲ) :—** ਸ਼ਹੀਦਾਂ ਦੇ ਸਰਤਾਜ ਪੰਚਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ 30 ਮਈ ਦਿਨ ਸ਼ੁਕਰਵਾਰ ਨੂੰ ਗੁਰਦੁਆਰਾ ਅਕਾਲਗੜ੍ਹ ਫਿਰੋਜ਼ਪੁਰ ਸ਼ਹਿਰ ਵਿਖੇ ਬੜੀ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ ਮਿਤੀ 29 ਮਈ ਨੂੰ ਠੀਕ 4 ਵਜੇ ਗੁਰਦੁਆਰਾ ਅਕਾਲਗੜ੍ਹ ਸਾਹਿਬ ਤੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਹੇਠ ਨਗਰ ਕੀਰਤਨ ਆਰੰਭ ਹੋਵੇਗਾ ਜੋ ਗੁਰਦੁਆਰਾ ਅਕਾਲਗੜ੍ਹ ਤੋਂ ਆਰੰਭ ਹੋ ਕੇ ਬਾਂਸੀ ਗੇਟ ਗੁਰਦੁਆਰਾ ਬਾਵਿਆਂ ਚੌਂਕ, ਆਰੀਆ ਸਮਾਜ, ਮੇਨ ਬਾਜ਼ਾਰ ਦਿੱਲੀ ਗੇਟ, ਚੌਂਕ ਸ਼ਹੀਦ ਊਧਮ ਸਿੰਘ, ਗੁਰਦੁਆਰਾ ਜੱਸਾ ਸਿੰਘ ਰਾਮਗੜ੍ਹੀਆ, ਚੌਂਕ ਜੀਰਾ ਗੇਟ, ਚੌਂਕ ਮਖੂ ਗੇਟ ਤੋਂ ਹੁੰਦਾ ਹੋਇਆ ਵਾਪਸ ਗੁਰਦੁਆਰਾ ਅਕਾਲਗੜ੍ਹ ਸਾਹਿਬ ਪੁੱਜੇਗਾ। ਉਨ੍ਹਾਂ ਦੱਸਿਆ ਕਿ 30 ਮਈ ਦਿਨ ਸ਼ੁਕਰਵਾਰ ਨੂੰ ਸਵੇਰ 7 ਵਜੇ ਤੋਂ ਲੈ ਕੇ ਦੁਪਿਹਰ 3 ਵਜੇ ਤੱਕ ਅਤੇ ਰਾਤ 7 ਵਜੇ ਤੋਂ 12 ਵਜੇ ਤੱਕ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਪੰਥ ਪ੍ਰਸਿੱਧ ਕੀਰਤਨੀ ਜਥੇ ਭਾਈ ਹਰਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ ਭਾਈ ਸਤਵੰਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਅਕਾਲਗੜ੍ਹ ਸਾਹਿਬ, ਭਾਈ ਕੁਲਦੀਪ ਸਿੰਘ ਨੰਢਾ ਫਿਰੋਜ਼ਪੁਰ ਵਾਲੇ ਅਤੇ ਢਾਡੀ ਜੱਥਾ ਗਿਆਨੀ ਬਲਵਿੰਦਰ ਸਿੰਘ ਜਲੰਧਰ ਵਾਲੇ ਸੰਗਤਾਂ ਨੂੰ ਢਾਡੀ ਵਾਰਾਂ ਸਰਵਣ ਕਰਾਉਣਗੇ ਦੀਵਾਨ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ, ਠੰਡੇ ਅਤੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਜਾਣਗੀਆਂ। ਇਸ ਪ੍ਰੋਗਰਾਮ ਦੇ ਇੰਚਾਰਜ ਬਲਦੇਵ ਸਿੰਘ ਪ੍ਰਧਾਨ, ਗੁਰਬਖਸ਼ ਸਿੰਘ ਜਨਰਲ ਸਕੱਤਰ, ਜਸਵਿੰਦਰ ਸਿੰਘ ਸੁਪਰਡੈਂਟ, ਅਵਤਾਰ ਸਿੰਘ, ਪ੍ਰੀਤਮ ਸਿੰਘ, ਜਰਨੈਲ ਸਿੰਘ, ਕੁਲਵੰਤ ਸਿੰਘ, ਜਸਵੰਤ ਸਿੰਘ ਖਜਾਨਚੀ ਹੋਣਗੇ। ਸਟੇਜ ਸਕੱਤਰ ਦੀ ਸੇਵਾ ਸਵਰਨ ਸਿੰਘ ਸੁਹਾਨਾ ਕੁਲਦੀਪ ਸਿੰਘ ਨੱਢਾ ਕਰਨਗੇ। ਸਮੂੰਹ ਸੰਗਤਾਂ ਦੀ ਸੇਵਾ ਵਿਚ ਨਿਮਰਤਾ ਸਹਿਤ ਬੇਨਤੀ ਹੈ ਕਿ ਕਿ ਸਾਰੇ ਸਮਾਗਮਾਂ ਵਿੱਚ ਹੁਮ ਹੁਮਾ ਕੇ ਦਰਸ਼ਨ ਦੇਣ ਦੀ ਕਿਰਪਾਲਤਾ ਕਰੇ ਅਤੇ ਤਨ ਮਨ ਧਨ ਨਾਲ ਸੇਵਾ ਕਰਕੇ ਗੁਰੂ ਸਾਹਿਬ ਦੀਆਂ ਅਸੀਸਾਂ ਪ੍ਰਾਪਤ ਕਰੋ।

ਆਵਾਜ਼ਿ ਕੌਮ AWAZE QAUM International Newspaper & WEB TV

# ਜਾਗੋ ਪੇਰੈਂਟਸ ਜਾਗੋ ਵੈਲਫੇਅਰ ਸੁਸਾਇਟੀ ਵੱਲੋਂ ਸਮਾਨਾ ਹਾਦਸੇ ਦੇ 7 ਬੱਚਿਆਂ ਦੀ ਮੌਤ ਤੇ ਦੁੱਖ ਦਾ ਪ੍ਰਗਟਾਵਾ



ਫ਼ਿਰੋਜ਼ਪੁਰ, 27 ਮਈ (ਮਨੋਹਰ ਲਾਲ) :— ਜਾਗੋ ਪੇਰੈਂਟਸ ਜਾਗੋ ਵੈਲਫੇਅਰ ਸੁਸਾਇਟੀ ਵੱਲੋਂ ਸੁਮਾਨਾ ਹਾਦਸੇ ਵਿਚ ਬੱਚਿਆਂ ਦੀ ਮੌਤ ਤੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ਅਤੇ ਕਿਹਾ ਕਿ ਜੇਕਰ ਸੜਕ ਹਾਦਸੇ ਵਿਚ ਅਲਵਿਦਾ ਕਹਿ ਗਏ ਬੱਚਿਆਂ ਵਾਲੇ ਖ਼ੂਨੀ ਟਿਪਰ ਦੇ ਦੋ ਭਗੌੜੇ ਮਾਲਕ ਜੇ ਕੱਲ ਤੱਕ ਨਾ ਫੜੇ ਗਏ ਤਾਂ ਪਰਸੋ ਤੋਂ ਸਮਾਨਾ ਹੋਵੇਗਾ ਬੰਦ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਜਾਗੋ ਪੇਰੈਂਟਸ ਜਾਗੋ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਜਗਨਦੀਪ ਜ਼ੋਨੀ ਨੇ ਕਿਹਾ ਕਿ ਸਾਨੂੰ ਬੱਚਿਆਂ ਦੇ ਮਾਪਿਆਂ ਦੇ ਟੈਲੀਫੋਨ ਆ ਰਹੇ ਹਨ ਕਿ ਤੁਸੀਂ ਸਾਨੂੰ ਸਾਥ ਦਿਓ ਤਾਂ ਜ਼ੋ ਅਸੀਂ ਬੱਚਿਆਂ ਦੀ ਮੌਤ ਦਾ ਬਦਲਾ ਲੈ ਸਕੀਏ, ਜਿਸ ਦੀ ਅਸੀਂ ਹਮਾਇਤ ਕਰਦੇ ਹਾਂ, ਅਸੀਂ ਸਮੂਹ ਪੰਜਾਬ ਵਾਸੀਆਂ ਨੂੰ ਸਮੂਹ ਐਨ.ਜੀ.ਓਜ਼ ਸੁਸਾਇਟੀਆਂ ਨੂੰ ਅਪੀਲ ਕਰਦੇ ਹਾਂ ਕਿ ਅਸੀਂ ਸਾਰੇ ਇਕੱਠੇ ਹੋ ਕੇ ਬੱਚਿਆਂ ਦੇ ਪਰਿਵਾਰਾਂ ਨੂੰ ਸਾਥ ਦੇਈਏ। ਇਸ ਮੌਕੇ ਤੇ ਸ੍ਰੀ ਹਰੀ ਰਾਮ ਖਿੰਦੜੀ ਚੇਅਰਮੈਨ, ਪ੍ਰਧਾਨ ਜਗਨਦੀਪ ਸਿੰਘ ਜ਼ੋਨੀ, ਪਰਵਿੰਦਰ ਕੁਮਾਰ, ਵਿਨੋਦ ਕੁਮਾਰ, ਪ੍ਰੇਮ ਨਾਥ ਸ਼ਰਮਾ, ਅਸ਼ਵਨੀ ਸ਼ਰਮਾ, ਆਨੰਦ ਕਿਸ਼ੋਰ ਆਦਿ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਦਿੱਲੀ ਦੀ ਪਵਿੱਤਰ ਯਮੁਨਾ ਨਦੀ ਦੇ ਸਾਫ ਸਫਾਈ ਦੇ ਹਾਲਾਤ ਵੇਖ ਕੇ ਇਵੇਂ ਲੱਗਦਾ ਹੈ ਕਿ ਜਿਵੇਂ ਆਉਣ ਵਾਲਾ ਸਮਾਂ ਬਹੁਤ ਭਿਆਨਕ ਹੋਵੇਗਾ ਸਰਬਜੀਤ ਸਿੰਘ ਸੋਨੂੰ ਜੰਡਿਆਲਾ



**ਜੰਡਿਆਲਾ ਗੁਰੂ 27 ਮਈ ( ਕੁਲਵੰਤ ਸਿੰਘ ਵਿਰਦੀ )**-ਅੱਜ ਸਮਾਜ ਸੇਵੀ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਪ੍ਰੈਸ ਨੋਟ ਰਾਹੀਂ ਜਾਣਕਾਰੀ ਦਿੰਦਿਆ ਦੱਸਿਆ ਕਿ ਦਿੱਲੀ ਦੀ ਪਵਿੱਤਰ ਯਮੁਨਾ ਨਦੀ ਦੇ ਸਾਫ ਸਫਾਈ ਦੇ ਹਾਲਾਤ ਵੇਖ ਕੇ ਮਨ ਨੂੰ ਬਹੁਤ ਦੁੱਖ ਲੱਗਿਆ ਅੱਗੇ ਉਹਨਾਂ ਦੱਸਿਆ ਕਿ ਜੇਕਰ ਅਸੀਂ ਸਮਾਂ ਰਹਿਦਿਆਂ ਪਾਣੀ ਨੂੰ ਨਾ ਬਚਾ ਸਕੇ ਤੇ ਫਿਰ ਇਸਦਾ ਨਤੀਜਾ ਸਾਡੀਆਂ ਆਉਣ ਵਾਲੀਆਂ ਪੀੜੀਆਂ ਨੂੰ ਭੁਗਤਣਾ ਪਵੇਗਾ ਇਹ ਬੇਹਦ ਚਿੰਤਾ ਦਾ ਵਿਸ਼ਾ ਹੈ ਜਿਸ ਤੇਜੀ ਨਾਲ ਅੱਜ ਦੇਸ਼ ਦੀਆਂ ਪਵਿੱਤਰ ਨਦੀਆਂ ਤੇ ਦਰਿਆਵਾਂ ਨੂੰ ਗੰਧਲਾ ਕੀਤਾ ਜਾ ਰਿਹਾ ਤੇ ਫੈਕਟਰੀਆਂ ਦਾ ਜਹਰੀਲਾ ਤੇ ਗੰਦਾ ਪਾਣੀ ਨਦੀਆਂ ਦਰਿਆਵਾਂ ਵਿੱਚ ਸੁੱਟ ਕੇ ਤੇ ਧਰਤੀ ਹੇਠਾਂ ਬੋਰ ਕਰਕੇ ਸੁੱਟਿਆ ਜਾ ਰਿਹਾ ਹੈ ਇਹ ਬੇਹਦ ਚਿੰਤਾ ਦਾ ਵਿਸ਼ਾ ਹੈ ਤੇ ਬੜੀ ਗੰਭੀਰਤਾ ਨਾਲ ਇਸ ਨੂੰ ਸੋਚਣਾ ਚਾਹੀਦਾ ਹੈ ਤੇ ਸਰਕਾਰ ਨੂੰ ਜਲਦ ਤੋਂ ਜਲਦ ਪਾਣੀ ਵਿੱਚ ਗੰਦਗੀ ਪਾਉਣ ਵਾਲਿਆਂ ਖਿਲਾਫ ਸਖਤ ਕਾਰਵਾਈ ਕਰਨੀ ਚਾਹੀਦੀ ਹੈ ਜੇਕਰ ਸਰਕਾਰ ਨੇ ਸਮਾਂ ਰਹਿੰਦਿਆਂ ਇਹ ਕਦਮ ਨਾ ਚੁੱਕਿਆ ਤੇ ਉਹ ਦਿਨ ਦੂਰ ਨਹੀਂ ਜਦੋਂ ਪਾਣੀ ਦੀ ਬੂੰਦ ਬੂੰਦ ਨੂੰ ਇਨਸਾਨ ਤਰਸੇਗਾ ਜਿਨਾਂ ਦੇਸ਼ਾਂ ਕੋਲ ਪਾਣੀ ਦੀ ਕਮੀ ਹੈ ਉਹਨਾਂ ਕੋਲ ਪੁੱਛ ਕੇ ਵੇਖੋ ਕਿ ਪਾਣੀ ਦੀ ਕਦਰ ਕੀ ਹੈ ਪਰਮਾਤਮਾ ਤੇ ਕੁਦਰਤ ਵੱਲੋਂ ਇਨਸਾਨ ਨੂੰ ਦਿੱਤੀ ਹੋਈ ਪਾਣੀ ਇਕ ਅਨਮੋਲ ਦਾਤ ਹੈ ਜਿਸ ਦੀ ਅਸੀਂ ਅੱਜ ਕਦਰ ਨਹੀਂ ਕਰ ਰਹੇ ਜੋ ਪਾਣੀ ਅਨੇਕਾਂ ਲੋਕਾਂ ਦੀ ਪਿਆਸ ਬੁਝਾਉਂਦਾ ਹੈ ਤੇ ਇਨਸਾਨ ਦਾ ਜੀਵਨ ਹੈ ਜੇਕਰ ਪਾਣੀ ਹੀ ਨਾ ਰਿਹਾ ਤੇ ਇਨਸਾਨੀ ਜੀਵਨ ਵੀ ਖਤਰੇ ਵਿੱਚ ਪੈ ਜਾਵੇਗਾ। ਸੋ ਸਰਕਾਰ ਨੂੰ ਸਮਾਂ ਰਹਿੰਦਿਆਂ ਹੀ ਤੁਰੰਤ ਪਾਣੀ ਨੂੰ ਬਚਾਉਣ ਬਾਰੇ ਸੋਚਣਾ ਚਾਹੀਦਾ ਹੈ ਤੇ ਉਨਾਂ ਸ਼ਰਾਰਤੀ ਲੋਕਾਂ ਖਿਲਾਫ ਕਾਰਵਾਈ ਕਰਨੀ ਚਾਹੀਦੀ ਹੈ ਜੋ ਪਾਣੀ ਵਿੱਚ ਗੰਦਗੀ ਪਾਉਂਦੇ ਨੇ ਆਖਰ ਵਿੱਚ ਸੋਨੂੰ ਜੰਡਿਆਲਾ ਨੇ ਸਮਾਜ ਸੇਵੀ ਤੇ ਵਾਤਾਵਰਨ ਪ੍ਰੇਮੀ ਤੇ ਜਥੇਬੰਦੀਆਂ ਨੂੰ ਬੇਨਤੀ ਕੀਤੀ ਕਿ ਉਹ ਪਾਣੀ ਨੂੰ ਬਚਾਉਣ ਦੇ ਲਈ ਅੱਗੇ ਆਉਣ ਤੇ ਲੋਕਾਂ ਨੂੰ ਜਾਗਰੂਕ ਕਰਨ ਕੀ ਲੋਕ ਪਾਣੀ ਵਿੱਚ ਗੰਦਗੀ ਨਾ ਪਾਉਣ ਤੇ ਆਪੋ ਆਪਣੇ ਨੁਮਾਇੰਦਿਆਂ ਨੂੰ ਮਿਲ ਕੇ ਬੇਨਤੀ ਕਰਨ ਕੀ ਉਹ ਵਿਧਾਨ ਸਭਾ ਪਾਰਲੀਮੈਂਟ ਵਿੱਚ ਪਾਣੀ ਨੂੰ ਬਚਾਉਣ ਦੇ ਲਈ ਆਵਾਜ਼ ਚੁੱਕਣ ਇਸ ਮੌਕੇ ਤੇ ਹਾਜ਼ਰ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਸਕੱਤਰ ਸਿੰਘ ਅੰਮ੍ਰਿਤਪਾਲ ਸਿੰਘ ਜਸਪਾਲ ਸਿੰਘ ਰਣਜੀਤ ਸਿੰਘ ਜੋਬਨਜੀਤ ਸਿੰਘ ਆਦੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਵਿਦੇਸ਼ ਨਿਵਾਸੀ ਸਿੱਖਾਂ ਵੱਲੋਂ ਅਪੀਲ
ਭਾਈ ਬਲਦੇਵ ਸਿੰਘ ਇੰਗਲੈਂਡ
ਭਾਈ ਅਮਰਜੀਤ ਸਿੰਘ ਯੂ.ਕੇ.
ਭਾਈ ਅਮਰਜੀਤ ਸਿੰਘ ਯੂ.ਕੇ.
ਭਾਈ ਪ੍ਰਿਤਪਾਲ ਸਿੰਘ ਲਾਂਡਾ ਯੂ.ਕੇ.
ਬਾਬਾ ਸਾਧੂ ਸਿੰਘ ਕੈਨੇਡਾ, ਮੁੱਖ ਸੇਵਾਦਾਰ (ਦਮਦਮੀ ਟਕਸਾਲ) ਸ੍ਰੀ ਦਮਦਮਾ ਸਾਹਿਬ
ਭਾਈ ਦਲਵਾਰਾ ਸਿੰਘ ਬਰਿਆੜ, ਕੈਨੇਡਾ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਭਾਈ ਬਲਬੀਰ ਸਿੰਘ ਸੋਹਲ ਯੂ.ਕੇ.
ਸ. ਅਜੀਤ ਸਿੰਘ ਬਰਾੜ ਕੈਨੇਡਾ
ਜਤਿੰਦਰ ਸਿੰਘ ਬਾਜਵਾ ਡਰਬੀ
ਪਰਮਜੀਤ ਸਿੰਘ ਥਿਆਰਾ ਨੌਟੀਗਮ
ਕਰਨੈਲ ਸਿੰਘ ਅਠਵਾਲ ਨੌਟੀਗਮ
ਹਕੀਕਤ ਸਿੰਘ ਨੌਟੀਗਮ
ਬੇਨਤੀ ਕਰਤਾ : ਬਾਬਾ ਜੀ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ।
ਸੰਪਰਕ : 98140-29018, 97815-52538, 98140-13915
ਗੁਰੂ ਕਾ ਲੰਗਰ ਅਤੁੱਟ ਵਰਤੇਗਾ।




ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਵਿਦੇਸ਼ ਨਿਵਾਸੀ ਸਿੱਖਾਂ ਵੱਲੋਂ ਅਪੀਲ
ਭਾਈ ਅਵਤਾਰ ਸਿੰਘ ਕੂੰਨਰ ਸਾਬਕਾ ਪ੍ਰਧਾਨ ISYF ਕੈਨੇਡਾ
ਭਾਈ ਪਰਮਿੰਦਰ ਸਿੰਘ ਬੱਲ ਪ੍ਰਧਾਨ ਸਿੱਖ ਫੈਡਰੇਸ਼ਨ ਯੂ.ਕੇ.
ਸਿੱਖ ਵਿਦਵਾਨ ਭਾਈ ਬਲਿਹਾਰ ਸਿੰਘ ਰੰਧਾਵਾ
ਭਾਈ ਜਤਿੰਦਰ ਸਿੰਘ ਬਾਸੀ ਪ੍ਰਧਾਨ ਗੁਰਦੁਆਰਾ ਸਮੈਥਿਕ ਯੂ.ਕੇ.
ਭਾਈ ਕੁਲਦੀਪ ਸਿੰਘ ਦਿਓਲ ਸਮੈਥਿਕ ਯੂ.ਕੇ.
ਭਾਈ ਪਰਮਜੀਤ ਸਿੰਘ ਯੂ.ਕੇ. ਬਿਆਸ ਪਿੰਡ ਵਾਲੇ
ਭਾਈ ਮੋਹਨ ਸਿੰਘ ਯੂ.ਕੇ.
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਰੇਸ਼ਮ ਸਿੰਘ ਯੂ.ਕੇ.
ਭਾਈ ਲੈਂਬਰ ਸਿੰਘ ਯੂ.ਕੇ. ਫਤਹਿਪੁਰ ਵਾਲੇ
ਗਿਆਨੀ ਭਾਈ ਸੰਦੀਪ ਸਿੰਘ ਯੂ.ਐਸ.ਏ.
ਭਾਈ ਗੁਰਜਾਪ ਸਿੰਘ ਰੋਡੇ ਕੈਨੇਡਾ
ਭਾਈ ਇੰਦਰਜੀਤ ਸਿੰਘ ਭਿੰਡਰ ਕਲਾਂ, ਯੂ.ਏ.ਈ.
ਭਾਈ ਜਸਵਿੰਦਰ ਸਿੰਘ ਕਿੱਲੀ ਚਾਹਲ
ਭਾਈ ਕੇਹਰ ਸਿੰਘ ਇੰਗਲੈਂਡ
ਬੇਨਤੀ ਕਰਤਾ : ਬਾਬਾ ਜੀ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ।
ਸੰਪਰਕ : 98140-29018, 97815-52538, 98140-13915
ਗੁਰੂ ਕਾ ਲੰਗਰ ਅਤੁੱਟ ਵਰਤੇਗਾ।




### ਚੇਅਰਮੈਨ ਘੁੱਲੀ ਨੇ ਮਾਨਵਾਲਾ ਮਿਡਲ ਸਕੂਲ ਵਿੱਚ ਹੋਏ

# ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਮਾਨਵਾਲਾ ਵਿਖੇ ਹੈਂਡ ਟੀਚਰ ਪਰਮਵੀਰ ਸ਼ਰਮਾ ਦੀ ਅਗਵਾਈ ਵਿੱਚ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਯੋਜਨਾਵਾਂ ਸਿਰਫ ਕਾਗਜ਼ੀ ਯੋਜਨਾਵਾਂ ਤੱਕ ਸੀਮਤ ਨਹੀਂ ਹਨ, ਸਗੋਂ ਜਮੀਨੀ ਪੱਧਰ 'ਤੇ ਕੰਮ ਹੋ ਰਿਹਾ ਹੈ ਸਿੱਖਿਆ, ਸਿਹਤ, ਸੜਕਾਂ, ਪਾਣੀ ਅਤੇ ਸਫਾਈ ਦੇ ਖੇਤਰਾਂ ਵਿੱਚ ਨਿਰੰਤਰ ਵਿਕਾਸ ਹੋਇਆ ਹੈ। ਉਨ੍ਹਾਂ ਨੇ ਕਿਹਾ ਕਿ ਇਹ ਪੰਚਾਇਤ ਘਰ ਪਿੰਡ ਵਾਸੀਆਂ ਲਈ ਪ੍ਰਬੰਧਕੀ ਕੰਮਾਂ ਦਾ ਕੇਂਦਰ ਬਣੇਗਾ ਅਤੇ ਇਸ ਨਾਲ ਸਥਾਨਕ ਲੋਕਾਂ ਨੂੰ ਕਈ ਸਹੂਲਤਾਂ ਇੱਕ ਹੀ ਛਤ ਹੇਠਾਂ ਮਿਲਣਗੀਆਂ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹਰ ਪਿੰਡ ਨੂੰ ਬੁਨਿਆਦੀ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ।ਇਸ ਮੌਕੇ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਦਰਸਨ ਸਿੰਘ ਪਾਠਕ ਸਿੱਖਿਆ ਕੋਆਰਡੀਨੇਟਰ, ਸਰਪੰਚ ਰਾਜ ਸਿੰਘ ਮਾਨਵਾਲਾ, ਜਸਪ੍ਰੀਤ ਕੌਰ, ਮਨਜੀਤ ਸਿੰਘ, ਮਿਨਾਕਸ਼ੀ ਰਾਣੀ, ਵਸੀਮ ਅਕਰਮ , ਕਮਲਪਤਿ, ਤਰਨਦੀਪ ਕੌਰ, ਮਿਨਾਕਸ਼ੀ ਰਾਣੀ, ਸੁਖਦੀਪ ਸਿੰਘ ,ਸੌਰਵ ਜੋਨੀ, ਰਾਜ ਲੱਡਾ, ਨੰਬਰਦਾਰ ਰਜਿੰਦਰ ਸਿੰਘ ਪੇਧਨੀ, ਹਾਜ਼ਰ ਸਨ।

## ਸਕੂਲਾਂ 'ਚ ਆਧੁਨਿਕ ਸਿੱਖਿਆ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਯਤਨਸ਼ੀਲ : ਚੇਅਰਮੈਨ ਘੁੱਲੀ




ਧੂਰੀ ( ਰਣਜੀਤ ਸਿੰਘ ਪੇਧਨੀ )-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਧੂਰੀ ਹਲਕੇ ਵਿੱਚ ਪੈਂਦੇ ਪਿੰਡ ਧੂਰਾ ਵਿਖੇ ਗਦਰੀ ਬਾਬਾ ਠਾਕੁਰ ਦਾਸ ਸਰਕਾਰੀ ਸਮਾਰਟ ਸਕੂਲ ਧੂਰਾ ਵਿਖੇ ਹੈਂਡ ਟੀਚਰ ਸਿਵਰਾਜ ਸਿੰਘ ਦੀ ਅਗਵਾਈ ਹੇਠ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਕੂਲਾਂ 'ਚ ਆਧੁਨਿਕ ਸਿੱਖਿਆ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਹੈ। ਸਿੱਖਿਆ ਦੇ ਖੇਤਰ ਵਿਚ ਪਹਿਲ ਦੇ ਆਧਾਰ 'ਤੇ ਕੰਮ ਕੀਤੇ ਜਾ ਰਹੇ ਹਨ। ਸਕੂਲਾਂ ਦੀਆਂ ਮੁੱਢਲੀਆਂ ਸਹੂਲਤਾਂ ਪੂਰੀਆਂ ਕਰਨ ਦੇ ਨਾਲ ਆਧੁਨਿਕ ਪੜ੍ਹਾਈ ਲਈ ਪ੍ਰੋਜੈਕਟਰ, ਆਧੁਨਿਕ ਕਲਾਸ ਰੁਮਜ਼, ਇਲੈਕਟਰਾਨਿਕ ਪੈਨਲ, ਫਰਨੀਚਰ ਆਦਿ ਸਹੂਲਤਾਂ ਵੱਲ ਧਿਆਨ ਦਿੱਤਾ ਗਿਆ ਹੈ।ਸਾਰੇ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਅਸਾਮੀਆਂ ਭਰੀਆਂ ਹਨ।ਇਸ ਮੌਕੇ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਦਰਸ਼ਨ ਸਿੰਘ ਪਾਠਕ, ਸਰਪੰਚ ਦਵਿੰਦਰ ਸਿੰਘ ਧੂਰਾ , ਨੂਤਨ ਕਪੂਰ, ਗੁਰਵਿੰਦਰ ਸਿੰਘ, ਚੇਤਨ ਕੁਮਾਰ, ਨੀਰਜ ਕੁਮਾਰ, ਲਲਿਤਾ, ਗੀਤਿਕਾ, ਅਮਨਦੀਪ ਕੌਰ, ਪ੍ਰਿੰਕਾ, ਹਰਜੀਤ ਕੌਰ ਕਿਰਨ ਬਾਲਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮਲੇਰੀਏ ਦੀ ਰੋਕਥਾਮ ਸਾਡੀ ਸਭ ਦੀ ਜਿੰਮੇਵਾਰੀ : ਅਸ਼ੋਕ ਕੁਮਾਰ ਐਸ ਆਈ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਡਾਕਟਰ ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਡਾਕਟਰ ਅਕਾਂਕਸ਼ ਮਹਾਜਨ ਜੀ ਅਤੇ ਐਸ ਐਮ ਓ ਡਾਕਟਰ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਅਤੇ ਗੁਰਜੰਟ ਸਿੰਘ ਐਸ ਆਈ ਦੀ ਸੁਪਰਵੀਜਨ ਵਿੱਚ 26/05/2025 ਅਤੇ27/05/2025 ਨੂੰ ਮੈਗਰੇਟਰੀ ਫੀਵਰ ਸਰਵੇ ਕੀਤਾ ਗਿਆ । ਬਲਾਕ ਸ਼ੇਰਪੁਰ ਆਧੀਨ ਆਉਦੇ ਸੈਕਟਰ ਕਾਂਝਲਾ ਦੇ ਪਿੰਡਾਂ ਵਿੱਚੋਂ ਬਾਲੀਆਂ ,ਬਟੂਹਾ,ਕਿਲਾਂ ਹਕੀਮਾਂ,ਧੰਦੀਵਾਲ ਕੁੰਭੜਵਾਲ,ਲੱਡਾਂ,ਲੱਡਾਂ ਕੋਠੀ,ਪੁੰਨਾਵਾਲ,ਕਾਂਝਲਾ, ਨੱਤ,ਬੇਨੜਾ, ਕਹੈਰੂ ਆਧੀਨ ਆਉਦੀਆਂ ਫੈਕਟਰੀਆਂ,ਭੱਠੇ,ਸੈਲਰਾ,ਕੁਲਚੇ,ਫਲਾਂ,ਸਬਜੀਆਂ ਦੀਆਂ ਰੇਹੜੀਆਂ, ਦਾਣਾ ਮੰਡੀਆ ਆਦਿ ਵਿੱਚ ਸਪੈਸ਼ਲ ਮੈਗਰੇਟਰੀ ਮਲੇਰੀਆ ਫੀਵਰ ਸਰਵੇ ਕਰਵਾਇਆ ਜਾਵੇਗਾ ਸਰਵੇ ਦੌਰਾਨ ਲੋਕਾਂ ਮਲੇਰੀਏ ਬੁਖਾਰ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੋਈ ਬੁਖਾਰ ਮਲੇਰੀਆ ਹੋ ਸਕਦਾ ਹੈ ਇਸ ਖ਼ੂਨ ਦੀ ਜਾਂਚ ਕਰਵਾਉਣੀ ਜਰੂਰੀ ਹੈ । ਤਾਂ ਜੋ ਮੈਗਰੇਟਰੀ ਆਬਾਦੀ ਨੂੰ ਮਲੇਰੀਏ ਤੋਂ ਬਚਾਇਆ ਜਾ ਸਕੇ ।ਜੇ ਕਰ ਕਿਸੇ ਨੂੰ ਬੁਖਾਰ ਦੇ ਦੌਰਾਨ ਠੰਡ ਅਤੇ ਕਾਂਬਾ ਲੱਗਣਾ,ਤੇਜ ਬੁਖਾਰ ਅਤੇ ਸਿਰ ਦਰਦ ਹੋਣਾ,ਬੁਖਾਰ ਉਤਰਨ ਤੋਂ ਬਾਅਦ ਥਕਾਵਟ ਤੇ ਕਮਜ਼ੋਰੀ ਹੋਣਾ ਅਤੇ ਸਰੀਰ ਨੂੰ ਪਸੀਨਾ ਆਉਣਾ ਤਾਂ ਉਸ ਵਿਆਕਤੀ ਨੂੰ ਮਲੇਰੀਆ ਹੋ ਸਕਦਾ ਹੈ ਤਾਂ ਨੇੜੇ ਦੇ ਸਿਹਤ ਕੇਂਦਰ ਜਾ ਕੇ ਖ਼ੂਨ ਦੀ ਜਾਂਚ ਕਰਾਉਣੀ ਚਾਹੀਦੀ ਹੈ ਜੇ ਕਰ ਵਿਆਕਤੀ ਨੂੰ ਮਲੇਰੀਆ ਪੋਜੇਟਿਵ ਪਾਇਆ, ਜਾਵੇ ਤਾਂ ਉਸ ਨੂੰ 14 ਦਿਨ ਲਈ ਰੈਡੀਕਲ ਟਰੀਟਮੈਂਟ ਦਿੱਤਾ ਜਾਂਦਾ ਹੈ ਤਾਂ ਜੋ ਮਲੇਰੀਆ ਵਾਲਾ ਮਰੀਜ਼ ਨੂੰ ਠੀਕ ਕੀਤਾ ਜਾ ਸਕੇ ।ਟੀਮ ਮੈਂਬਰ ਗੁਰਵਿੰਦਰ ਸਿੰਘ,ਹਰਜੀਤ ਸਿੰਘ,ਅਮਰੀਕ ਸਿੰਘ,ਜਸਵਿੰਦਰ ਸਿੰਘ,ਗੁਰਪ੍ਰੀਤ ਸਿੰਘ ਮ,ਪ ਹ,ਵ (ਮ) ਹਾਜ਼ਰ ਸਨ ।

### ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਅਗਵਾਈ ਹੇਠ

# ਪੱਖੋਪੁਰ ਦੇ ਟਕਸਾਲੀ ਅਕਾਲੀ ਪਰਿਵਾਰ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਿਲ

- **ਸਾਬਕਾ ਵਿਧਾਇਕ ਸਿੱਕੀ ਨੇ ਸਮੂਹ ਪਰਿਵਾਰਾਂ ਨੂੰ ਵਿਸ਼ਵਾਸ ਦਿੱਤਾ ਕਿ ਸਮੇਂ-ਸਮੇਂ ਤੇ ਸਭ ਦਾ ਕਾਂਗਰਸ ਪਾਰਟੀ 'ਚ ਮਾਨ-ਸਨਮਾਨ ਦਿੱਤਾ ਜਾਵੇਗਾ।ਸਾਦੇ ਅਤੇ ਪ੍ਰਭਾਵਸ਼ਾਲੀ ਸਮਾਗਮ 'ਚ ਬੋਲਦਿਆਂ ਸਿੱਕੀ ਨੇ ਕਿਹਾ ਕਿ ਅੱਜ ਹਾਕਮ ਸਰਕਾਰ ਪੰਜਾਬ ਨੂੰ ਲੁੱਟਣ ਤੇ ਕੁੱਟਣ ਵਿੱਚ ਰੁੱਜੀ ਹੈ....**










**ਚੋਹਲਾ ਸਾਹਿਬ, 27 ਮਈ (ਆਵਾਜ਼ਿ ਕੌਮ ਬਿਊਰੋ)**-ਵਿਧਾਨ ਸਭਾ ਹਲਕਾ ਖਡੂਰ ਸਾਹਿਬ ਅਧੀਨ ਆਉਂਦੇ ਇਥੋਂ ਨੇੜਲੇ ਪਿੰਡ ਪੱਖੋਪੁਰ ਦੇ ਪੀੜੀ ਦਰ ਪੀੜੀ ਸ਼੍ਰੋਮਣੀ ਅਕਾਲੀ ਦਲ (ਬ) ਦੇ ਸਰਗਰਮ ਟਕਸਾਲੀ ਪਰਿਵਾਰ ਸਵਰਗੀ ਸੁੱਚਾ ਸਿੰਘ ਸਰਪੰਚ ਪੱਖੋਪੁਰ ਵਾਲਿਆ ਦਾ ਸਾਰਾ ਪਰਿਵਾਰ ਹਲਕੇ ਦੇ ਸੀਨੀਅਰ ਨੌਜਵਾਨ ਕਾਂਗਰਸੀ ਆਗੂ ਮਨਦੀਪ ਸਿੰਘ ਸਾਬਕਾ ਸਰਪੰਚ ਦੀ ਪ੍ਰੇਰਨਾ ਸਦਕਾ ਹਲਕੇ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਵੱਲੋਂ ਹਲਕੇ ਅੰਦਰ ਨੇਕ ਤੇ ਸਲਾਘਾਯੋਗ ਕੰਮਾਂ ਨੂੰ ਵੇਖਦੇ ਹੋਏ ਅੱਜ ਸਿਖਰ ਦੁਪਹਿਰੇ ਸਾਬਕਾ ਵਿਧਾਇਕ ਸਿੱਕੀ ਦੀ ਯੋਗ ਰਹਿਨੁਮਾਈ ਹੇਠ ਜੈਕਾਰਿਆਂ ਦੀ ਗੂੰਜ 'ਚ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋ ਗਿਆ।ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਵਿੱਚ ਸੁਨਾਕ ਸਿੰਘ ਪੁੱਤਰ ਸੁੱਚਾ ਸਿੰਘ ਸਰਪੰਚ,ਰਸਾਲ ਸਿੰਘ ਪੁੱਤਰ ਸੁੱਚਾ ਸਿੰਘ ਸਰਪੰਚ,ਰਵੇਲ ਸਿੰਘ ਪੁੱਤਰ ਸੁੱਚਾ ਸਿੰਘ ਸਰਪੰਚ,ਜਗਜੀਤ ਸਿੰਘ,ਜੈਮਲ ਸਿੰਘ, ਬਿਕਰਮਜੀਤ ਸਿੰਘ, ਮਹਿਲ ਸਿੰਘ ਸਾਬਕਾ ਸਰਪੰਚ, ਦਲਜੀਤ ਸਿੰਘ,ਚਮਕੋਰ ਸਿੰਘ,ਬਿੰਦਰ ਸਿੰਘ,ਸੁਖਦੇਵ ਸਿੰਘ ਚੱਬੇਵਾਲਾ, ਅਮਨ ਸਿੰਘ ਚੱਬੇਵਾਲਾ, ਸੁਖਚੇਨ ਸਿੰਘ ਫੋਜੀ, ਮਨਪ੍ਰੀਤ ਸਿੰਘ,ਗੁਰਲਾਲ ਸਿੰਘ ਕਲਸੀ,ਮੁਖ਼ਤਾਰ ਸਿੰਘ ਕੰਗ, ਜਸਵਿੰਦਰ ਸਿੰਘ ਜੱਸਾ, ਅਜੇਪਾਲ ਸਿੰਘ, ਮੇਜਰ ਸਿੰਘ,ਹਰਮੀਤ ਸਿੰਘ,ਨਿਰਮਲਜੀਤ ਸਿੰਘ,ਹਰਦਿਆਲ ਸਿੰਘ ਫੋਜੀ,ਸੁੱਖਾ ਸਿੰਘ ,ਪੰਜਾਬ ਸਿੰਘ,ਹਰਚਰਨ ਸਿੰਘ ,ਜਗਤਿਆਰ ਸਿੰਘ,ਸਰਵਨ ਸਿੰਘ ਆਦਿ ਪੱਖੋਪੁਰ ਦੇ ਟਕਸਾਲੀ ਅਕਾਲੀ ਪਰਿਵਾਰਾਂ ਅਕਾਲੀ ਦਲ ਨੂੰ ਸਦਾ ਲਈ ਛੱਡ ਕੇ ਕਾਂਗਰਸ ਪਾਰਟੀ ਵਿੱਚ ਆਉਣ ਤੇ ਹਲਕੇ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੇ ਉਹਨਾਂ ਨੂੰ ਬੋਹੜ ਦੀ ਛਾਵੇਂ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸਾਬਕਾ ਵਿਧਾਇਕ ਸਿੱਕੀ ਨੇ ਸਮੂਹ ਪਰਿਵਾਰਾਂ ਨੂੰ ਵਿਸ਼ਵਾਸ ਦਿੱਤਾ ਕਿ ਸਮੇਂ-ਸਮੇਂ ਤੇ ਸਭ ਦਾ ਕਾਂਗਰਸ ਪਾਰਟੀ 'ਚ ਮਾਨ-ਸਨਮਾਨ ਦਿੱਤਾ ਜਾਵੇਗਾ।ਸਾਦੇ ਅਤੇ ਪ੍ਰਭਾਵਸ਼ਾਲੀ ਸਮਾਗਮ 'ਚ ਬੋਲਦਿਆਂ ਸਿੱਕੀ ਨੇ ਕਿਹਾ ਕਿ ਅੱਜ ਹਾਕਮ ਸਰਕਾਰ ਪੰਜਾਬ ਨੂੰ ਲੁੱਟਣ ਤੇ ਕੁੱਟਣ ਵਿੱਚ ਰੁੱਜੀ ਹੈ।ਉਸ ਨੇ ਪੰਜਾਬ ਦੇ ਭਲੇ ਲਈ ਅਜੇ ਤੱਕ ਕੋਈ ਨੇਕ ਕੰਮ-ਕਾਰ ਨਹੀਂ ਕੀਤਾ ਜਿਸ ਕਰਕੇ ਪੰਜਾਬ ਦਾ ਅੱਜ ਹਰ ਵਰਗ ਦੁਖੀ ਹੈ।ਇਸ ਕਰਕੇ ਪੰਜਾਬ ਦੇ ਸੂਝਵਾਨ ਤੇ ਬਹਾਦਰ ਵੋਟਰਾਂ ਨੇ ਮਨ ਬਣਾ ਲਿਆ ਹੈ ਕਿ ਉਹ 2027 ਵਿੱਚ ਆਪਣੀ ਕਾਂਗਰਸ ਪਾਰਟੀ ਦੀ ਸਰਕਾਰ ਲਿਆਉਣਗੇ ਇਹ ਪੰਜਾਬੀਆਂ ਦਾ ਸੁਪਨਾ ਸਾਕਾਰ ਹੋਣ ਕੰਡੇ ਹੈ ਸੋ ਸਾਨੂੰ ਸਭ ਨੂੰ ਕਾਂਗਰਸ ਪਾਰਟੀ ਦਾ ਸਾਥ ਦੇਣਾ ਚਾਹੀਦਾ ਹੈ। ਇਸ ਮੌਕੇ ਸਿੱਕੀ ਤੋਂ ਇਲਾਵਾ ਮਨਦੀਪ ਸਿੰਘ ਘੜਕਾ,ਜਥੇਦਾਰ ਬਾਬਾ ਸਾਹਿਬ ਸਿੰਘ ਗੁੱਜਰਪੁਰਾ,ਨੰਬਰਦਾਰ ਮਨਜਿੰਦਰ ਸਿੰਘ ਗੁੱਜਰਪੁਰਾ,ਮਹਿੰਦਰ ਸਿੰਘ ਸਾਬਕਾ ਸਰਪੰਚ ਚੰਬਾ ਕਲਾਂ,ਚੇਅਰਮੈਨ ਅਜੈਬ ਸਿੰਘ ਮੁੰਡਾ ਪਿੰਡ,ਰਸ਼ਪਾਲ ਸਿੰਘ ਸਾਬਕਾ ਸਰਪੰਚ ਧੁੰਨ,ਗੁਰਪ੍ਰੀਤ ਸਿੰਘ ਕਾਹਲਵਾਂ,ਡਾਇਰੈਕਟਰ ਨਛੱਤਰ ਸਿੰਘ ਘੜਕਾ,ਨਿਸ਼ਾਨ ਸਿੰਘ ਢੋਟੀ ਗੋਇੰਦਵਾਲ ਸਾਹਿਬ,ਰਣਜੀਤ ਸਿੰਘ ਰਾਣਾ ਪੁਵਾਰ ਪੀ.ਏ ਸਰਦਾਰ ਰਮਨਜੀਤ ਸਿੰਘ ਸਿੱਕੀ ਆਦਿ ਹਲਕੇ ਦੇ ਸਿਰ ਕੱਢ ਕਾਂਗਰਸੀ ਆਗੂ ਹਾਜ਼ਰ ਸਨ।



# ਯੂਨੀਵਰਸਿਟੀ ਕਾਲਜ ਬੇਨੜਾ ਦਾ ਪ੍ਰਾਸਪੈਕਟ ਚੇਅਰਮੈਨ ਢਿੱਲੋਂ ਨੇ ਕੀਤਾ ਰਿਲੀਜ਼



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਪੰਜਾਬ ਕੈਂਪਸ ਦਫ਼ਤਰ ਧੂਰੀ ਦੇ ਇੰਚਾਰਜ ਅਤੇ ਪੰਜਾਬ ਲਘੂ ਉਦਯੋਗ ਨਿਗਮ ਦੇ ਚੇਅਰਮੈਨ ਸ੍ਰ ਦਲਵੀਰ ਸਿੰਘ ਢਿੱਲੋਂ ਨੇ ਅੱਜ ਯੂਨੀਵਰਸਿਟੀ ਕਾਲਜ ਬੇਨੜਾ ਦਾ ਨਵੇਂ ਸੈਸ਼ਨ ਵਿੱਚ ਦਾਖ਼ਲੇ ਲਈ ਪ੍ਰਾਸਪੈਕਟ ਕਾਲਜ ਕੈਂਪਸ ਵਿਖੇ ਪ੍ਰਿੰਸੀਪਲ ਅਤੇ ਸਮੂਹ ਸਟਾਫ਼ ਦੀ ਮੌਜੂਦਗੀ ਵਿੱਚ ਜਾਰੀ ਕੀਤਾ। ਚੇਅਰਮੈਨ ਢਿੱਲੋਂ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਬੀ.ਏ., ਬੀ.ਸੀ.ਏ., ਬੀ.ਕਾਮ, ਬੀ.ਐੱਸ-ਸੀ ਮੈਡੀਕਲ ਤੇ ਨਾਨ ਮੈਡੀਕਲ ਦੇ ਗ੍ਰੈਜੂਏਸ਼ਨ ਅਤੇ ਐੱਮ.ਏ ਪੰਜਾਬੀ, ਐੱਮ.ਏ ਇਤਿਹਾਸ, ਐੱਮ.ਕਾਮ, ਪੀ.ਜੀ.ਡੀ.ਸੀ.ਏ. ਦੇ ਪੋਸਟ ਗ੍ਰੈਜੂਏਸ਼ਨ ਪੱਧਰ ਦੇ ਕੋਰਸਾਂ ਵਿੱਚ ਦਾਖ਼ਲਾ ਦਿਵਾਉਣ ਤਾਂ ਕਿ ਉਨ੍ਹਾਂ ਦੇ ਬੱਚੇ ਇਸ ਕਾਲਜ ਤੋਂ ਸਸਤੀ ਤੇ ਮਿਆਰੀ ਸਿੱਖਿਆ ਹਾਸਲ ਕਰ ਸਕਣ। ਉਨ੍ਹਾਂ ਖ਼ਾਸ ਕਰਕੇ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਮਿਲਦੀ ਪੋਸਟ ਮੈਟ੍ਰਿਕ ਸਕਾਲਰਸ਼ਿਪ ਅਧੀਨ ਦਾਖ਼ਲਾ ਲੈ ਕੇ ਸਰਕਾਰੀ ਸਕੀਮਾਂ ਦਾ ਲਾਭ ਉਠਾਉਣ। ਉਨ੍ਹਾਂ ਲੋੜੀਂਦੀ ਇਮਾਰਤ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਦੂਜੇ ਪੜਾਅ ਅਧੀਨ ਬਣਨ ਵਾਲੀ ਇਮਾਰਤ ਦਾ ਪ੍ਰਸਤਾਵ ਸਰਕਾਰ ਨੂੰ ਭੇਜਿਆ ਹੋਇਆ ਹੈ ਜਿਹੜਾ ਜਲਦੀ ਪੂਰਾ ਹੋ ਜਾਵੇਗਾ। ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਨੇ ਮੁੱਖ ਮੰਤਰੀ ਭਗਵੰਤ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਤੋਂ ਕੰਪਿਊਟਰ ਅਤੇ ਪ੍ਰੋਜੈਕਟਰ ਖ਼ਰੀਦਣ ਲਈ ਕਾਲਜ ਨੂੰ ਪ੍ਰਾਪਤ ਹੋਈ ਵੀਹ ਲੱਖ ਰੁਪਏ ਦੀ ਗ੍ਰਾਂਟ ਲਈ ਉਨ੍ਹਾਂ ਦਾ ਰਸਮੀ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਹਮੇਸ਼ਾ ਕਾਲਜ ਦੀਆਂ ਲੋੜਾਂ ਦੀ ਪੂਰਤੀ ਲਈ ਯਤਨ ਕਰਦੇ ਹਨ। ਇਸ ਮੌਕੇ ਸਮੂਹ ਸਟਾਫ਼ ਹਾਜ਼ਰ ਸੀ।

# ਜਲ ਸਪਲਾਈ ਅਤੇ ਸੈਨੀਟੇਸਨ ਉ:ਮੰ: ਨੰਬਰ1 ਸੰਗਰੂਰ ਖਿਲਾਫ ਧਰਨਾ

ਧੂਰੀ ( ਰਣਜੀਤ ਸਿੰਘ ਪੇਧਨੀ ) ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਸੰਗਰੂਰ ਦੇ ਫੀਲਡ ਕਰਮਚਾਰੀਆਂ ਦੀ ਜਥੇਬੰਦੀ ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ ਯੂਨੀਅਨ ਪੰਜਾਬ ਦੀ Bnd ਬ੍ਰਾਂਚ ਸੰਗਰੂਰ ਵੱਲੋ S.D.O. ਉਪ ਮੰਡਲ ਨੰਬਰ 1 ਸੰਗਰੂਰ ਦੇ ਦਫਤਰ ਅੱਗੇ ਉਨਾ ਖਿਲਾਫ ਰੋਹ ਭਰਭੂਰ ਵਿਸਾਲ ਧਰਨਾ ਦਿਤਾ ਗਿਆ । ਜਿਸ ਦੀ ਪ੍ਰਧਾਨਗੀ ਬ੍ਰਾਂਚ ਦੇ ਪ੍ਰਧਾਨ ਦਰਸ਼ਨ ਸਿੰਘ ਝਨੇੜੀ ਵਲੋ ਕੀਤੀ ਗਈ ਰੋਸ ਧਰਨੇ ਵਿੱਚ ਸ਼ਾਮਲ ਵੱਡੀ ਗਿਣਤੀ ਵਿੱਚ ਫੀਲਡ ਕਰਮਚਾਰੀਆਂ ਨੇ ਭਰਵੀ ਸਮੂਲੀਅਤ ਕੀਤੀ ਗਈ ਪ੍ਰਦਰਸ਼ਨ ਕਾਰੀ ਆਪਣੀ ਜਥੇਬੰਦੀ ਦੇ ਆਗੂ ਦੀ ਕਥਿਤ ਤੌਰ ਤੇ ਗੈਰ ਸੰਗਤ ਤਰੀਕੇ ਨਾਲ ਕੀਤੀ ਬਦਲੀ ਰੱਦ ਕਰਨ ਦੀ ਮੰਗ ਕਰ ਰਹੇ ਸਨ । ਰੋਸ ਧਰਨੇ ਨੂੰ ਸੰਬੋਧਨ ਕਰਦਿਆ ਜਥੇਬੰਦੀ ਦੇ ਸੂਬਾਈ ਆਗੂ ਹਰਜੀਤ ਸਿੰਘ ਬਾਲੀਆਂ , ਉਜਾਗਰ ਸਿੰਘ ਜੱਗਾ , ਗੁਰਚਰਨ ਸਿੰਘ ਅਕੋਈ ਸਾਹਿਬ , ਬ੍ਰਾਂਚ ਪ੍ਰਧਾਨ ਦਰਸ਼ਨ ਸਿੰਘ ਝਨੇੜੀ, ਜਨਰਲ ਸਕੱਤਰ ਬੱਬਨਪਾਲ , ਅਤੇ ਰਾਮ ਸਿੰਘ ਰਣਕੋਟੀ ਆਦਿ ਨੇ ਦੋਸ਼ ਲਾਇਆ ਕਿ S.D.O. ਸਾਬ ਵੱਲੋ ਜਥੇਬੰਦੀ ਦੇ ਜਨਰਲ ਸਕੱਤਰ ਬਨਪਾਲ ਦੀ ਬਦਲੀ ਦੇ ਮਸਲੇ ਵਿੱਚ ਅੜੀਅਲ ਰਵੱਈਆ ਅਪਣਾਇਆ ਜਾ ਰਿਹਾ ਹੈ । ਆਗੂਆਂ ਨੇ ਸਾਫ ਸ਼ਬਦਾਂ ਵਿੱਚ ਕਿਹਾ ਕਿ ਇਹ ਬ੍ਰਾਂਚ ਆਗੂ ਪਹਿਲਾਂ ਹੀ ਆਪਣੀ ਬਣਦੀ ਡਿਉਟੀ ਮੈਂਟੀਨਸ ਟੀਮ ਵਿੱਚ ਸੁਚੱਜੇ ਢੰਗ ਨਾਲ ਨਿਭਾ ਰਿਹਾ ਸੀ । ਜਦ ਕਿ ਕੁੱਝ ਕੁ ਦਫ਼ਤਰ ਦੇ ਚਹੇਤੇ ਕਰਮਚਾਰੀਆਂ ਤੋ ਬਣਦੀ ਡਿਊਟੀ ਨਹੀ ਲਈ ਜਾ ਰਹੀ । ਵਰਨਣਯੋਗ ਹੈ ਕਿ S.D.O. ਸਾਬ ਦੀਆਂ ਸਬ ਡਵੀਜ਼ਨ ਵਿੱਚ ਇਥੇ ਡਿਊਟੀ ਤਾਇਨਾਤੀ ਕਰਨ ਲਈ ਲੋੜੀਦੇ ਕਰਮਚਾਰੀ ਉਪਲਭਦ ਹਨ ਫਿਰ ਵੀ ਬੱਬਨਪਾਲ ਨੂੰ ਹੀ ਫੋਕਸ ਕੀਤਾ ਜਾ ਰਿਹਾ ਹੈ । ਉਕਤ ਆਗੂਆਂ ਤੋ ਇਲਾਵਾ ਸੁਨਾਮ ਬ੍ਰਾਂਚ ਤੋ ਸੁਖਚੈਨ ਸਿੰਘ , ਸਮਸੇਰ ਬਡਰੁੱਖਾਂ ,ਬਲਵਿੰਦਰ ਸਿੰਘ ਕਪਿਆਲ , ਅਤੇ ਬੂਟਾ ਸਿੰਘ ਖੇੜੀ , ਬਲਵਿੰਦਰ ਬੱਬੂ , ਭੂਰਾ ਸਿੰਘ ਭੰਗੂ , ਦਰਸਨ ਜਨਾਲ , ਸੁਰਿੰਦਰ ਕਾਕੜਾ , ਬਲਕਾਰ ਬਖਤੜਾ , ਆਦਿ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਥੇ ਇੰਝ ਲੱਗ ਰਿਹਾ ਹੈ ਕਿ S.D.O. ਸਾਬ ਕਿਸੇ ਦੂਸਰੀ ਸਲਾਹ ਤੇ ਕੰਮ ਕਰ ਰਹੇ ਹਨ ਜਿਸ ਕਾਰਣ ਮਸਲਾ ਹੱਲ ਨਹੀ ਕੀਤਾ ਜਾ ਰਿਹਾ ਹੈ ।

ਧਰਨੇ ਵਿੱਚ ਵਿਸੇਸ ਰੂਪ ਵਿੱਚ ਭਰਾਤਰੀ ਤੌਰ ਤੇ ਸ਼ਾਮਲ ਹੋ ਕੇ ਮਹਿੰਦਰ ਸਿੰਘ ਭੱਠਲ ,ਗੁਰਚਰਨ ਸਿੰਘ ਇਰੀਗੇਸਨ ਨੇ ਜਥੇਬੰਦੀ ਦੀ ਐਜੀਟੇਸ਼ਨ ਦੀ ਹਮਾਇਤ ਕੀਤੀ ਤੇ S.D.O. ਸਾਬ ਤੋਂ ਮਸਲਾ ਹੱਲ ਕਰਨ ਦੀ ਪੁਰਜੋਰ ਮੰਗ ਕੀਤੀ । ਅਖੀਰ ਆਗੂਆਂ ਨੇ ਚਿਤਾਵਨੀ ਲਹਿਜੇ ਵਿੱਚ ਕਿਹਾ ਕਿ ਮਸਲਾ ਹੱਲ ਹੋਣ ਤੱਕ ਸੰਘਰਸ ਜਾਰੀ ਰਹੇਗਾ।




## ਜਨਮ ਦਿਨ ਮੁਬਾਰਕ

**ਵਾਰਿਸਦੀਪ ਸਿੰਘ ਚੰਦੀ**
ਪਿਤਾ-ਗੁਰਪ੍ਰੀਤ ਸਿੰਘ ਚੰਦੀ
ਮਾਤਾ-ਕਿਰਨਦੀਪ ਕੌਰ ਚੰਦੀ
ਵਾਸੀ ਜੰਡਿਆਲਾ ਗੁਰੂ
ਪੱਤਰਕਾਰ ਕੁਲਵੰਤ ਸਿੰਘ ਵਿਰਦੀ

ਆਵਾਜ਼ਿ ਕੌਮ AWAZE QAUM International Newspaper & WEB TV